@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

ਦਿੱਲੀ, ਹਿਮਾਚਲ, ਹਰਿਆਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ ਸੇ ਪ੍ਰਸਾਰਿਤ।
Saturday, 25 May 2024

Punjabi National Daily
Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ਨੀਵਾਰ 25 ਮਈ 2024, 11 ਜੇਠ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 185, qpatrika@gmail.com ਫੋਨ : 9971359517 www.qaumipatrika.org

## ਅੰਗਰੇਜਾਂ ਵਾਂਗ ਮੋਦੀ ਸਰਕਾਰ ਨੇ ਲੁੱਟੇ ਜਲ, ਜੰਗਲ ਤੇ ਜਮੀਨ : ਖੜਗੇ

ਦੇਵਘਰ (ਝਾਰਖੰਡ), 24 ਮਈ। ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੇ ਸ਼ੁੱਕਰਵਾਰ ਨੂੰ ਨਰਿੰਦਰ ਮੋਦੀ ਸਰਕਾਰ ’ਤੇ ਅੰਗਰੇਜਾਂ ਵਾਂਗ ਪਿਛਲੇ 10 ਸਾਲਾਂ ’ਚ ਦੇਸ਼ ਦੇ ਜਲ, ਜੰਗਲ ਤੇ ਜਮੀਨ ਨੂੰ ਲੁੱਟਣ ਦਾ ਦੋਸ਼ ਲਾਇਆ। ਉਨ੍ਹਾਂ ਇਹ ਦੋਸ਼ ਵੀ ਲਾਇਆ ਕਿ ਭਾਜਪਾ ਧਾਰਮਿਕ ਆਧਾਰ ’ਤੇ ਦੇਸ਼ ਨੂੰ ਵੰਡ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਨੇ ਹਮੇਸ਼ਾ ਤੋਂ ਹਿੰਦੂਆਂ ਤੇ



ਮੁਸਲਮਾਨਾਂ ਨੂੰ ਇਕਜੁੱਟ ਕਰਨ ਦਾ ਕੰਮ ਕੀਤਾ ਹੈ। ਝਾਰਖੰਡ ਦੇ ਦੇਵਘਰ ’ਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਖੜਗੇ ਨੇ ਕਿਹਾ, “ਅੰਗਰੇਜਾਂ ਵਾਂਗ ਮੋਦੀ ਸਰਕਾਰ ਨੇ 10 ਸਾਲਾਂ ਦੌਰਾਨ ਦੇਸ਼ ਦੇ ਜਲ, ਜੰਗਲ ਤੇ ਜਮੀਨ ਨੂੰ ਲੁੱਟਿਆ। ਮੋਦੀ ਨੇ ਦੇਸ਼ ਦੀਆਂ ਜਾਇਦਾਦਾਂ ਆਪਣੇ ਅਰਬਪਤੀ ਦੋਸਤਾਂ ਨੂੰ ਸੌਂਪ ਦਿੱਤੀਆਂ। ਅਸੀਂ ਅੰਗਰੇਜਾਂ ਦਾ ਸਾਹਮਣਾ ਕੀਤਾ। ਅਸੀਂ ਭਾਜਪਾ ਤੋਂ ਡਰਦੇ ਨਹੀਂ।” ਉਨ੍ਹਾਂ ਦਾਅਵਾ ਕੀਤਾ ਕਿ ਪਿਛਲੀਆਂ ਯੂ. ਪੀ. ਏ. (ਕਾਂਗਰਸ ਦੀ ਅਗਵਾਈ ਵਾਲਾ ਸੰਯੁਕਤ ਪ੍ਰਗਤੀਸ਼ੀਲ ਗੱਠਜੋੜ) ਸਰਕਾਰਾਂ ਨੇ ਜਲ, ਜਮੀਨ ਤੇ ਜੰਗਲ ਦੀ ਰਾਖੀ ਲਈ ਕਾਨੂੰਨ ਬਣਾਏ ਸਨ ਪਰ ਮੋਦੀ ਸਰਕਾਰ ਨੇ ਨਿਯਮਾਂ ਨੂੰ ਬਦਲ ਦਿੱਤਾ ਅਤੇ ਕਾਨੂੰਨ ਨੂੰ ਵਿਵਸਥਿਤ ਤੌਰ ’ਤੇ ਕਮਜੋਰ ਕਰ ਦਿੱਤਾ।

## ‘ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਲਈ ਬਹੁਤ ਕੁੱਝ ਕੀਤਾ’: ਪਰਨੀਤ ਕੌਰ

ਪਟਿਆਲਾ 24 ਮਈ। ਇੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਿਸ਼ਾਲ ਫਤਿਹ ਰੈਲੀ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਪਟਿਆਲਾ ਤੋਂ ਉਮੀਦਵਾਰ ਪਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਪੂਰੇ ਦੇਸ਼ ਲਈ ਬਹੁਤ ਕੁੱਝ ਕੀਤਾ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ ਦੀਆਂ ਪ੍ਰਾਪਤੀਆਂ ਗਿਣਵਾਉਂਦਿਆਂ ਕਿਹਾ ਕਿ ਸਿਰਫ ਪਟਿਆਲਾ ਦੇ ਹੀ 12 ਲੱਖ, 86 ਹਜਾਰ ਲੋਕਾਂ ਨੂੰ ਮੁਫਤ ਰਾਸ਼ਨ ਦਿੱਤਾ ਗਿਆ। 7 ਲੱਖ, 8 ਹਜਾਰ ਆਯੁਸ਼ਮਾਨ ਕਾਰਡ ਬਣਾਏ ਗਏ। ਐੱਲ. ਪੀ. ਜੀ. ਗੈਸ ਸਿਲੰਡਰ 1 ਲੱਖ, 25 ਹਜਾਰ ਔਰਤਾਂ ਨੂੰ ਮਿਲਿਆ। ਪਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਰਾਜ ‘ਚ 2 ਲੱਖ ਕਿਸਾਨਾਂ ਦਾ ਸਨਮਾਨ ਹੋਇਆ ਅਤੇ ਇਹ ਸਿਰਫ ਪਟਿਆਲਾ ਲੋਕ ਸਭਾ ਹਲਕੇ ਦੇ ਅੰਕੜੇ ਹਨ। ਇਸ ਤੋਂ ਇਲਾਵਾ ਪੱਕੇ ਘਰ ਬਣਾਏ ਗਏ। ਪਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਰਾਮ ਲੱਲਾ ਨੂੰ ਅਯੁੱਧਿਆ ਲਿਆਏ ਹਨ ਅਤੇ ਮੈਂ ਖੁਦ ਬਹੁਤ ਭਾਗਸ਼ਾਲੀ ਮੰਨਦੀ ਹਾਂ ਕਿ ਅਯੁੱਧਿਆ ਵਿਖੇ ਮੱਥਾ ਟੇਕਣ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਦਕਾ ਹੀ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੁੱਲ੍ਹਿਆ ਹੈ ਅਤੇ ਸੰਗਤ ਦਰਸ਼ਨ ਕਰ ਸਕਦੀ ਹੈ। ਉਨ੍ਹਾਂ ਨੇ ਇਸ ਮੌਕੇ ਲੋਕਾਂ ਨੂੰ ਭਾਜਪਾ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ।

## ਆਰ. ਬੀ. ਆਈ. ਨੇ ਭਰਿਆ ਸਰਕਾਰ ਦਾ ਖਜਾਨਾ, ਦਿੱਤਾ 2.11 ਲੱਖ ਕਰੋੜ ਰੁਪਏ ਦਾ ਰਿਕਾਰਡ ਡਿਵੀਡੈਂਡ

ਤੇਜਿੰਦਰ ਕੌਰ ਬੱਬਰ

ਮੁੰਬਈ 24 ਮਈ। ਭਾਰਤੀ ਰਿਜਰਵ ਬੈਂਕ (ਆਰ. ਬੀ. ਆਈ.) ਨੇ ਮਾਲੀ ਸਾਲ 2023-24 ਲਈ 2.11 ਲੱਖ ਕਰੋੜ ਰੁਪਏ ਦੇ ਡਿਵੀਡੈਂਡ ਭੁਗਤਾਨ ਨੂੰ ਮਨਜੂਰੀ ਦੇ ਦਿੱਤੀ ਹੈ। ਮਾਲੀ ਸਾਲ 2022-23 ’ਚ ਇਹ 87,416 ਕਰੋੜ ਰੁਪਏ ਰਿਹਾ ਸੀ। ਆਰ. ਬੀ. ਆਈ. ਨੇ ਅਧਿਕਾਰਤ ਬਿਆਨ ’ਚ ਇਹ ਜਾਣਕਾਰੀ ਦਿੱਤੀ ਹੈ। ਅੱਜ ਭਾਰਤੀ ਰਿਜਰਵ ਬੈਂਕ ਦੀ ਕੇਂਦਰੀ ਬੋਰਡ ਆਫ ਡਾਇਰੈਕਟਰਜ ਦੀ 608ਵੀਂ ਬੈਠਕ ਸੀ, ਜੋ ਆਰਥਿਕ ਰਾਜਧਾਨੀ ਮੁੰਬਈ ’ਚ ਆਯੋਜਿਤ ਕੀਤੀ ਗਈ ਸੀ। ਰਿਜਰਵ ਬੈਂਕ ਆਫ ਇੰਡੀਆ ਦੇ ਗਵਰਨਰ ਸ਼ਕਤੀਕਾਂਤ ਦਾਸ ਨੇ ਇਸ ਬੈਠਕ ਦੀ ਪ੍ਰਧਾਨਗੀ ਕੀਤੀ। ਆਰ. ਬੀ. ਆਈ. ਨੇ ਭਾਰਤ ਸਰਕਾਰ ਨੂੰ ਜਿਹੜਾ ਡਿਵੀਡੈਂਡ ਦਿੱਤਾ, ਉਹ ਇਸ ਦੇ ਇਤਿਹਾਸ ਦਾ ਸਭ ਤੋਂ ਵੱਡਾ ਮੁਨਾਫਾ ਹੈ। ਇਸ ਤੋਂ ਪਹਿਲਾਂ ਆਰ. ਬੀ. ਆਈ. ਨੇ ਹੁਣ ਤੱਕ ਦਾ ਸਭ ਤੋਂ ਵੱਧ ਡਿਵੀਡੈਂਡ ਮਾਲੀ ਸਾਲ 2018-19 ਲਈ ਦਿੱਤਾ ਸੀ। ਇਸ ’ਚ ਕੁਲ 1,76,051 ਕਰੋੜ ਰੁਪਏ ਦਾ ਡਿਵੀਡੈਂਡ ਕੇਂਦਰ ਸਰਕਾਰ ਨੂੰ ਮਿਲਿਆ ਸੀ। ਇਹ ਕੋਵਿਡ ਕਾਲ ਦੇ ਸੰਕਟ ਤੋਂ ਐਨ ਪਹਿਲਾਂ ਦੇ ਮਾਲੀ ਸਾਲ ਦੀ ਸਥਿਤੀ ਸੀ। ਆਰ. ਬੀ. ਆਈ. ਦੇ ਬੋਰਡ ਨੇ ਸੰਸਾਰਿਕ ਅਤੇ ਘਰੇਲੂ ਹਾਲਾਤਾਂ ਦੇ ਨਾਲ ਇਨ੍ਹਾਂ ’ਚ ਆਰਥਿਕ ਆਊਟਲੁੱਕ ’ਚ ਆਉਣ ਵਾਲੇ ਜੋਖਿਮਾਂ ਨੂੰ ਸ਼ਾਮਲ ਕੀਤਾ ਹੈ। ਰਿਜਰਵ ਬੈਂਕ ਦੇ ਬੋਰਡ ਨੇ ਅਪ੍ਰੈਲ 2023 ਤੋਂ ਮਾਰਚ 2024 ਦੌਰਾਨ ਰਿਜਰਵ ਬੈਂਕ



ਦੇ ਕੰਮਕਾਜ ’ਤੇ ਵੀ ਚਰਚਾ ਕੀਤੀ। ਇਸ ਦੇ ਨਾਲ ਮਾਲੀ ਸਾਲ 2023-24 ਲਈ ਰਿਜਰਵ ਬੈਂਕ ਦੀ ਸਾਲਾਨਾ ਰਿਪੋਰਟ ਅਤੇ ਵਿੱਤੀ ਵੇਰਵੇ ਨੂੰ ਮਨਜੂਰੀ ਦਿੱਤੀ ਹੈ। ਮਾਲੀ ਸਾਲ 2023-24 ਲਈ ਆਰ. ਬੀ. ਆਈ. ਦਾ ਟ੍ਰਾਂਸਫਰੇਬਲ ਸਰਪਲਸ ਮੌਜੂਦਾ ਆਰਥਿਕ ਪੂੰਜੀ ਢਾਂਚੇ ਦੀ ਸਮੀਖਿਆ ਕਰਨ ਲਈ ਐਕਸਪਰਟ ਕਮੇਟੀ ਦੀਆਂ ਸਿਫਾਰਿਸ਼ਾਂ ਅਨੁਸਾਰ ਰਿਜਰਵ ਬੈਂਕ ਵਲੋਂ ਅਪਣਾਏ ਗਏ ਆਰਥਿਕ ਪੂੰਜੀ ਢਾਂਚੇ (ਈ. ਸੀ. ਐੱਫ.) ਦੇ ਬੇਸ ’ਤੇ ਕੱਢਿਆ ਗਿਆ ਹੈ। 26 ਅਗਸਤ 2019 ਨੂੰ ਬਣਾਈ ਗਈ ਇਸ ਕਮੇਟੀ ਨੇ ਸਿਫਾਰਿਸ਼ ਕੀਤੀ ਸੀ ਕਿ ਅਚਨਚੇਤ ਜੋਖਿਮ ਬਫਰ (ਸੀ. ਆਰ. ਬੀ.) ਦੇ ਤਹਿਤ ਜੋਖਿਮ ਵਿਵਸਥਾ ਨੂੰ ਆਰ. ਬੀ. ਆਈ. ਦੀ ਬੈਲੇਂਸ ਸ਼ੀਟ ਦੇ 6.5 ਤੋਂ 5.5 ਫੀਸਦੀ ਦੇ ਘੇਰੇ ’ਚ ਬਣਾਏ ਰੱਖਿਆ ਜਾਣਾ ਚਾਹੀਦਾ। ਡਿਪਟੀ ਗਵਰਨਰ ਡਾ. ਮਾਈਕਲ ਦੇਬਬ੍ਰਤ ਪਾਤਰਾ, ਐੱਮ. ਰਾਜੇਸ਼ਵਰ ਰਾਓ, ਟੀ. ਰਬੀ ਸ਼ੰਕਰ, ਸਵਾਮੀਨਾਥਨ ਜੇ ਅਤੇ ਕੇਂਦਰੀ ਬੋਰਡ ਦੇ ਹੋਰ ਡਾਇਰੈਕਟਰ ਸਤੀਸ਼ ਕੇ. ਮਰਾਠੇ, ਰੇਵਤੀ ਅਈਅਰ, ਆਨੰਦ ਗੋਪਾਲ ਮਹਿੰਦਰਾ, ਵੇਣੂ ਸ਼੍ਰੀਨਿਵਾਸਨ, ਪੰਕਜ ਰਮਨਭਾਈ ਪਟੇਲ ਅਤੇ ਡਾ. ਰਵਿੰਦਰ ਐੱਚ. ਢੋਲਕੀਆ ਨੇ ਬੈਠਕ ’ਚ ਹਿੱਸਾ ਲਿਆ। ਬੈਠਕ ’ਚ ਆਰਥਿਕ ਮਾਮਲਿਆਂ ਦੇ ਵਿਭਾਗ ਦੇ ਸਕੱਤਰ ਅਜੈ ਸੇਠ ਅਤੇ ਵਿੱਤ ਸੇਵਾ ਵਿਭਾਗ ਦੇ ਸਕੱਤਰ ਡਾ. ਵਿਵੇਕ ਜੋਸ਼ੀ ਵੀ ਸ਼ਾਮਲ ਹੋਏ ਸਨ।

# ‘ਪ੍ਰਧਾਨ ਮੰਤਰੀ ਨੇ ਕਬੂਲਿਆ, ਉਨ੍ਹਾਂ ਕੋਲ ਕੋਈ ਸਬੂਤ ਨਹੀਂ’: ਕੇਜਰੀਵਾਲ

ਸਿੰਮੀ ਕੌਰ ਬੱਬਰ

ਨਵੀਂ ਦਿੱਲੀ 24 ਮਈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸ਼ੁੱਕਰਵਾਰ ਨੂੰ ਇਕ ਕਿਹਾ ਕਿ ਭਾਜਪਾ ਸਰਕਾਰ ਅਤੇ ਮੋਦੀ ਜੀ ਪਿਛਲੇ ਦੋ ਸਾਲਾਂ ਤੇ ਇਹ ਆਖ ਰਹੇ ਹਨ ਕਿ 100 ਕਰੋੜ ਰੁਪਏ ਦਾ ਘੋਟਾਲਾ ਹੋਇਆ ਹੈ। ਇਨ੍ਹਾਂ ਨੇ ਮੈਨੂੰ ਗ੍ਰਿਫਤਾਰ ਕੀਤਾ, ਮਨੀਸ਼ ਸਿਸੋਦੀਆ ਨੂੰ ਗ੍ਰਿਫਤਾਰ ਕੀਤਾ, ਸੰਜੇ ਸਿੰਘ ਨੂੰ ਗ੍ਰਿਫਤਾਰ ਕੀਤਾ। ਇਨ੍ਹਾਂ ਨੇ 500 ਤੋਂ ਜ਼ਿਆਦਾ ਰੇਡਾਂ ਮਾਰੀਆਂ ਪਰ ਕੁਝ ਰਿਕਵਰੀ ਨਹੀਂ ਹੋਈ। ਪ੍ਰਧਾਨ ਮੰਤਰੀ ਨੇ ਵੀਰਵਾਰ ਨੂੰ ਕਿਹਾ ਕਿ ਮੈਂ ਅਨੁਭਵੀ ਚੋਰ ਹਾਂ ਇਸ ਲਈ ਸ਼ਰਾਬ ਘੋਟਾਲੇ ‘ਚ ਕੋਈ ਰਿਕਵਰੀ ਨਹੀਂ ਹੋਈ। ਇਸ ਗੱਲ ਨੂੰ ਲੁਕਾਉਣ ਲਈ ਇਹ ਆਖ ਰਹੇ ਹਨ ਕਿ ਮੈਂ ਅਨੁਭਵੀ ਚੋਰ ਹਾਂ। ਸੀ.ਐੱਮ. ਕੇਜਰੀਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਪੂਰੇ ਦੇਸ਼ ਦੇ ਸਾਹਮਣੇ ਇਹ ਮੰਨਿਆ ਹੈ ਕਿ ਦਿੱਲੀ ਦੇ ਝੂਠੇ ਸ਼ਰਾਬ ਘੋਟਾਲੇ ‘ਚ ਉਨ੍ਹਾਂ ਕੋਲ ਕੋਈ ਸਬੂਤ ਨਹੀਂ ਹੈ। ਹੁਣ ਤਕ ਇਕ ਪੈਸੇ ਦੀ ਰਿਕਵਰੀ ਨਹੀਂ ਹੋਈ ਹੈ। ਉਨ੍ਹਾਂ ਕਿਹਾ ਕਿ ਹੁਣ ਤੁਸੀਂ ਜਦੋਂ ਇਹ ਮੰਨ ਹੀ ਲਿਆ ਹੈ ਕਿ ਇਸ ਮਾਮਲੇ ‘ਚ ਤੁਹਾਡੀ ਈ.ਡੀ. ਅਤੇ ਸੀ.ਬੀ.ਆਈ. ਕੋਲ ਕੋਈ ਸਬੂਤ ਅਤੇ ਰਿਕਵਰੀ ਨਹੀਂ ਹੈ ਤਾਂ ਸਾਰਿਆਂ ਨੂੰ ਛੱਡ ਦਿਓ।



## ਹਿਮਾਚਲ ‘ਚ ਰੈਲੀ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਕਾਂਗਰਸ ‘ਤੇ ਵਿੰਨ੍ਹਿਆ ਨਿਸ਼ਾਨਾ

ਸ਼ਿਮਲਾ 24 ਮਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਕਾਂਗਰਸ ‘ਤੇ ਹਿਮਾਚਲ ਪ੍ਰਦੇਸ਼ ਦੇ ਨੌਜਵਾਨਾਂ ਦੇ ਨੌਜਵਾਨਾਂ ਨੂੰ ਇਕ ਲੱਖ ਨੌਕਰੀਆਂ ਦੇਣ ਦੇ ਆਪਣੇ ਵਾਅਦੇ ਨੂੰ ਪੂਰਾ ਨਹੀਂ ਕਰਨ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਪਾਰਟੀ ਦੀ ‘ਤਾਲਾਬਾਜ ਸਰਕਾਰ’ ਨੇ ਰਾਜ ਕਰਮਚਾਰੀ ਚੋਣ ਕਮਿਸ਼ਨ ‘ਤੇ ਤਾਲਾ ਲਗਾ ਦਿੱਤਾ ਹੈ। ਸ਼ਿਮਲਾ ਲੋਕ ਸਭਾ ਸੀਟ ਤੋਂ ਭਾਜਪਾ ਉਮੀਦਵਾਰ ਸੁਰੇਸ਼ ਕਸ਼ਯਪ ਦੇ ਸਮਰਥਨ ‘ਚ ਸਿਰਮੌਰ ਜ਼ਿਲ੍ਹੇ ਦੇ ਨਾਹਨ ‘ਚ ਇਕ ਵਿਜੇ ਸੰਕਲਪ ਰੈਲੀ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਕਾਂਗਰਸ ਅਤੇ ਉਸ ਦੇ ਸਹਿਯੋਗੀ ‘ਫਿਰਕਾਪ੍ਰਸਤੀ, ਜਾਤੀਵਾਦੀ ਅਤੇ ਪਰਿਵਾਰਵਾਦੀ’ ਹਨ। ਉਨ੍ਹਾਂ ਕਿਹਾ,“ਮੇਰੇ ਲਈ ਨਾ ਤਾਂ ਨਾਹਨ ਨਵਾਂ ਹੈ ਅਤੇ ਨਾ ਹੀ ਸਿਰਮੌਰ ਪਰ ਮੈਨੂੰ ਕਹਿਣਾ ਪਵੇਗਾ ਕਿ ਅੱਜ ਦਾ ਮਾਹੌਲ ਨਵਾਂ ਹੈ, ਕਿਉਂਕਿ ਮੈਂ ਨਾਹਨ ‘ਚ ਅਜਿਹੀ ਇਤਿਹਾਸਕ ਰੈਲੀ ਨਹੀਂ ਦੇਖੀ।“ ਪੀ.ਐੱਮ. ਮੋਦੀ ਨੇ ਕਿਹਾ,“ਮੈਂ ਇੱਥੇ ਆਪਣੇ ਜਾਂ ਆਪਣੇ ਪਰਿਵਾਰ ਲਈ ਨਹੀਂ ਸਗੋਂ ਇਕ ਵਿਕਸਿਤ ਰਾਸ਼ਟਰ ਲਈ, ਭਾਜਪਾ ਦੇ ਤੀਜੇ ਕਾਰਜਕਾਲ ਲਈ ਤੁਹਾਡਾ ਆਸ਼ੀਰਵਾਦ ਲੈਣ ਆਇਆ ਹਾਂ।“ ਉਨ੍ਹਾਂ ਕਿਹਾ ਕਿ ਸਰਹੱਦ ਪਾਰ ਰਹਿਣ ਵਾਲੇ ਹਿਮਾਚਲ ਪ੍ਰਦੇਸ਼ ਦੇ ਲੋਕ ਇਕ ਮਜਬੂਤ ਦੇਸ਼ ਦੀ ਕੀਮਤ ਜਾਣਦੇ ਹਨ। ਹਿਮਾਚਲ ਪ੍ਰਦੇਸ਼ ਕਰਮਚਾਰੀ ਚੋਣ ਕਮਿਸ਼ਨ (ਐੱਚਪੀਐੱਸਐੱਸਸੀ) ਨੂੰ ਭੰਗ ਕਰਨ ਨੂੰ ਲੈ ਕੇ ਕਾਂਗਰਸ ‘ਤੇ ਨਿਸ਼ਾਨਾ ਵਿੰਨ੍ਹਦੇ ਹੋਏ ਮੋਦੀ ਨੇ ਕਿਹਾ ਕਿ ਨੌਜਵਾਨਾਂ ਨੂੰ ਇਕ ਲੱਖ ਨੌਕਰੀਆਂ ਦੇਣਾ ਤਾਂ ਦੂਰ ਦੀ ਗੱਲ ਹੈ, ਕਾਂਗਰਸ ਦੀ ‘ਤਾਲਾਬਾਜ ਸਰਕਾਰ’ ਨੇ ਭਰਤੀ ਕਮਿਸ਼ਨ ‘ਤੇ ਤਾਲਾ ਲਗਾ ਦਿੱਤਾ ਹੈ। ਪਿਛਲੇ ਸਾਲ ਫਰਵਰੀ ‘ਚ, ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਵਾਲੀ ਰਾਜ ਸਰਕਾਰ ਨੇ ਐੱਚਪੀਐੱਸਐੱਸਸੀ ਨੂੰ ਭੰਗ ਕਰ ਦਿੱਤਾ ਸੀ।



# ਪੰਜਾਬ ਦੇ ਵਸਨੀਕਾਂ ਲਈ ਸਫਰ ਦੌਰਾਨ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦਿੱਤੀ ਅਹਿਮ ਸਲਾਹ

ਚੰਡੀਗੜ੍ਹ 24 ਮਈ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਅੱਜ 'ਟਾਕ ਟੂ ਯੂਅਰ ਸੀ.ਈ.ਓ. ਪੰਜਾਬ' ਦੇ ਬੈਨਰ ਹੇਠ ਕਰਵਾਏ ਗਏ ਦੂਜੇ ਫੇਸਬੁੱਕ ਲਾਈਵ ਸੈਸਨ ਦੌਰਾਨ ਗੱਲ ਕਰਦਿਆਂ ਪੰਜਾਬ ਦੇ ਵਸਨੀਕਾਂ ਨੂੰ ਸਲਾਹ ਦਿੱਤੀ ਕਿ ਸੂਬੇ 'ਚ ਲੋਕ ਸਭਾ ਚੋਣਾਂ-2024 ਲਈ ਆਦਰਸ ਚੋਣ ਜਾਬਤਾ ਲਾਗੂ ਹੋਣ ਦੇ ਮੱਦੇਨਜ਼ਰ ਜੇ ਕੋਈ ਵੀ ਵਿਅਕਤੀ ਆਪਣੇ ਸਫ਼ਰ ਦੌਰਾਨ 50,000 ਰੁਪਏ ਜਾਂ ਇਸ ਤੋਂ ਵੱਧ ਦੀ ਨਕਦੀ ਲੈ ਕੇ ਜਾ ਰਿਹਾ ਹੈ ਤਾਂ ਉਹ ਸਬੂਤ ਵਜੋਂ ਆਪਣੇ ਨਾਲ ਢੁਕਵੇਂ ਦਸਤਾਵੇਜ਼ ਜਿਵੇਂ ਬੈਂਕ ਦੀ ਰਸੀਦ ਆਦਿ ਜ਼ਰੂਰ ਰੱਖੇ। ਇਸਦੇ ਨਾਲ ਹੀ ਵਪਾਰੀਆਂ ਨੂੰ ਅਜਿਹੇ ਮਾਮਲੇ 'ਚ ਆਪਣੇ ਕੋਲ ਰਸੀਦ ਬੁੱਕ ਜਾਂ ਕੋਈ ਢੁਕਵਾਂ ਦਸਤਾਵੇਜ ਰੱਖਣ ਦੀ ਸਲਾਹ ਦਿੱਤੀ ਗਈ ਹੈ। ਸੈਸ਼ਨ ਦੌਰਾਨ ਵੋਟਰਾਂ ਦੇ ਵੱਖ-ਵੱਖ ਸਵਾਲਾਂ ਦਾ ਜਵਾਬ ਦਿੰਦਿਆਂ ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਜ਼ਾਬਤੇ ਦੀ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਦੀ ਰਿਪੋਰਟ ਲਈ ਸੀ-ਵਿਜੀਲ ਐਪ, ਟੋਲ-ਫ੍ਰੀ ਨੰਬਰ 1950 ਅਤੇ ਭਾਰਤੀ ਚੋਣ ਕਮਿਸ਼ਨ ਦੇ ਕੌਮੀ ਸ਼ਿਕਾਇਤ ਸੇਵਾ ਪੋਰਟਲ (ਐੱਨ. ਜੀ. ਪੀ. ਐੱਸ.) ਦੀ ਵਰਤੋਂ ਜ਼ਰੂਰ ਕਰਨ ਤਾਂ ਜੋ ਨਿਰਪੱਖ ਅਤੇ ਸ਼ਾਂਤਮਈ ਚੋਣਾਂ ਯਕੀਨੀ ਬਣਾਈਆਂ ਜਾ ਸਕਣ। ਪੋਲਿੰਗ ਬੂਥਾਂ 'ਤੇ ਮੋਬਾਈਲ ਲੈ ਕੇ ਜਾਣ ਬਾਰੇ ਪੁੱਛੇ ਸਵਾਲ ਦੇ ਜਵਾਬ 'ਚ ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਭਾਰਤੀ ਚੋਣ ਕਮਿਸਨ ਵੱਲੋਂ ਚੋਣਾਂ ਵਾਲੇ ਦਿਨ ਪੋਲਿੰਗ ਬੂਥਾਂ ਦੇ ਅੰਦਰ ਮੋਬਾਈਲ ਫੋਨ ਜਾਂ ਅਜਿਹੇ ਹੋਰ ਕਿਸੇ ਵੀ ਤਰ੍ਹਾਂ ਦੇ ਉਪਕਰਨ ਨੂੰ ਲੈ ਕੇ ਜਾਣ ਦੀ ਸਖ਼ਤ ਮਨਾਹੀ ਹੈ। ਸਿਆਸੀ ਪਾਰਟੀਆਂ ਵੱਲੋਂ ਕੀਤੇ ਜਾ ਰਹੇ ਪ੍ਰਚਾਰ ਬਾਰੇ ਇੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਸਿਬਿਨ ਸੀ ਨੇ ਦੱਸਿਆ ਕਿ ਸੂਬੇ 'ਚ ਆਦਰਸ਼ ਚੋਣ ਜ਼ਬਤਾ ਲਾਗੂ ਹੋਣ ਤੱਕ ਫਲੈਕਸ ਬੋਰਡ ਅਤੇ ਹੋਰਡਿੰਗ, ਜ਼ਿਲ੍ਹਾ ਚੋਣ ਅਧਿਕਾਰੀਆਂ ਜਾਂ ਦਫਤਰ ਮੁੱਖ ਚੋਣ ਅਫ਼ਸਰ ਦੀ ਮਨਜ਼ੂਰੀ ਤੋਂ ਬਾਅਦ ਸਿਰਫ਼ ਨਿਰਧਾਰਤ ਸਥਾਨਾਂ 'ਤੇ ਹੀ ਲਗਾਏ ਜਾ ਸਕਦੇ ਹਨ। ਮੁੱਖ ਚੋਣ ਅਧਿਕਾਰੀ ਨੇ ਅੱਗੇ ਕਿਹਾ ਕਿ ਕੋਈ ਵੀ ਸਿਆਸੀ ਪਾਰਟੀ ਜਾਂ ਉਮੀਦਵਾਰ ਧਰਮ ਦੇ ਨਾਮ 'ਤੇ ਵੋਟਾਂ ਨਹੀਂ ਮੰਗ ਸਕਦਾ ਕਿਉਂਕਿ ਇਹ ਆਦਰਸ਼ ਚੋਣ ਜ਼ਾਬਦੇ ਦੀ ਉਲੰਘਣਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੀ-ਵਿਜੀਲ ਐਪ ਰਾਹੀਂ ਅਜਿਹੀਆਂ ਉਲੰਘਣਾਵਾਂ ਬਾਰੇ ਤੁਰੰਤ ਰਿਪੋਰਟ ਕਰਨ ਅਤੇ ਭਰੋਸਾ ਦਿਵਾਇਆ ਕਿ ਸਬੰਧਤ ਦਫਤਰ ਵੱਲੋਂ 100 ਮਿੰਟਾਂ ਦੇ ਅੰਦਰ-ਅੰਦਰ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ। ਇਸ ਦੌਰਾਨ ਇੱਕ ਯੂਜ਼ਰ ਵੱਲੋਂ ਮਹਿਲਾ ਸਟਾਫ ਦੀ ਘਰ ਦੇ ਨੇੜੇ ਤਾਇਨਾਤੀ ਲਈ ਮੁੱਖ ਚੋਣ ਅਧਿਕਾਰੀ ਦਾ ਧੰਨਵਾਦ ਵੀ ਕੀਤਾ ਗਿਆ। ਸਿਬਿਨ ਸੀ ਨੇ ਕਿਹਾ ਕਿ ਚੋਣ ਕਮਿਸਨ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਇਸ ਵਾਰ ਮਹਿਲਾ ਸਟਾਫ ਦੀ ਤਾਇਨਾਤੀ ਉਨ੍ਹਾਂ ਦੇ ਘਰ ਦੇ ਨੇੜੇ ਸਥਿਤ ਪੋਲਿੰਗ ਬੂਥਾਂ 'ਤੇ ਕਰਨ ਵੱਲ ਵਿਸੇਸ ਧਿਆਨ ਦਿੱਤਾ ਗਿਆ ਹੈ। ਸਰਕਾਰੀ ਕਰਮਚਾਰੀਆਂ ਵੱਲੋਂ ਕਿਸੇ ਰਾਜਨੀਤਿਕ ਪਾਰਟੀ ਜਾਂ ਆਗੂ ਲਈ ਪ੍ਰਚਾਰ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ 'ਚ ਮੁੱਖ ਚੋਣ ਅਧਿਕਾਰੀ ਨੇ ਸਪੱਸਟ ਸ਼ਬਦਾਂ 'ਚ ਕਿਹਾ ਕਿ ਕੋਈ ਵੀ ਸਰਕਾਰੀ ਕਰਮਚਾਰੀ ਰਾਜਨੀਤਿਕ ਪਾਰਟੀਆਂ ਲਈ ਪ੍ਰਚਾਰ ਨਹੀਂ ਕਰ ਸਕਦਾ ਅਤੇ ਅਜਿਹਾ ਕੋਈ ਵੀ ਮਾਮਲਾ ਸਾਹਮਣੇ ਆਉਣ 'ਤੇ ਉਲੰਘਣਾ ਕਰਨ ਵਾਲਿਆਂ ਖ਼ਿਲਾਫ ਐੱਫ. ਆਈ. ਆਰ. ਦਰਜ ਕਰਕੇ ਸਖਤ ਕਾਰਵਾਈ ਯਕੀਨੀ ਬਣਾਈ ਜਾਵੇਗੀ। ਸਿਬਿਨ ਸੀ ਨੇ ਕਿਹਾ ਕਿ ਗਰਮੀ ਤੋਂ ਰਾਹਤ ਲਈ ਪੋਲਿੰਗ ਸਟੇਸਨਾਂ 'ਤੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕੋਈ ਵੀ ਵੋਟਰ ਗਰਮੀ ਕਰਕੇ ਆਪਣੀ ਵੋਟ ਦੇ ਅਧਿਕਾਰੀ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਪੋਲਿੰਗ ਸਟੇਸਨਾਂ 'ਤੇ ਵਾਟਰ ਕੂਲਰ, ਪੱਖੇ, ਬੈਠਣ ਲਈ ਢੁਕਵੀਂ ਥਾਂ ਅਤੇ ਸ਼ੈੱਡਾਂ ਦਾ ਢੁੱਕਵਾਂ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਵੋਟਰਾਂ ਨੂੰ ਕੋਈ ਦਿੱਕਤ ਦਰਪੇਸ਼ ਨਾ ਆਵੇ। ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਸੂਬੇ 'ਚ ਕੁੱਲ 2.14 ਕਰੋੜ ਰਜਿਸਟਰਡ ਵੋਟਰ ਹਨ, ਜਿਨ੍ਹਾਂ 'ਚ 85 ਸਾਲ ਤੋਂ ਵੱਧ ਉਮਰ ਦੇ 1.89 ਲੱਖ ਵੋਟਰ, 1,614 ਪ੍ਰਵਾਸੀ ਭਾਰਤੀ, 1.58 ਲੱਖ ਦਿਵਿਆਂਗ ਵੋਟਰ ਅਤੇ 5.38 ਲੱਖ ਨਵੇਂ ਵੋਟਰ ਹਨ, ਜੋ 1 ਜੂਨ ਨੂੰ ਸੂਬੇ ਭਰ ਦੇ 24,451 ਪੋਲਿੰਗ ਸਟੇਸਨਾਂ 'ਤੇ ਆਪਣੀ ਵੋਟ ਪਾਉਣਗੇ।

## ਗੱਡੀਆਂ ਦੀ ਰਿਪੇਅਰ ਤੇ ਪੈਟਰੋਲ ਪੰਪ ਮਾਮਲੇ ਨੂੰ ਲੈ ਕੇ ਨਿਗਮ ਦੇ ਡਰਾਈਵਰਾਂ ਨੇ ਨਹੀਂ ਚੁੱਕਿਆ ਕੂੜਾ

ਜਲੰਧਰ 24 ਮਈ। ਨਗਰ ਨਿਗਮ ਦੇ ਸਰਕਾਰੀ ਡਰਾਈਵਰਾਂ ਨੇ ਮੰਗਲਵਾਰ ਵੀ ਸ਼ਹਿਰ ਵਿਚੋਂ ਕੂੜਾ ਚੁੱਕਣ ਦਾ ਕੰਮ ਬੰਦ ਰੱਖਿਆ ਅਤੇ ਸਾਰੇ ਡਰਾਈਵਰ ਆਪਣੀਆਂ ਗੱਡੀਆਂ ਆਦਿ ਲੈ ਕੇ ਨਿਗਮ ਕੰਪਲੈਕਸ ਅਤੇ ਕੰਪਨੀ ਬਾਗ ਚੌਂਕ ਵਿਚ ਜਮ੍ਹਾ ਹੋ ਗਏ, ਜਿੱਥੇ ਕੁਝ ਦੇਰ ਲਈ ਟ੍ਰੈਫਿਕ ਪ੍ਰਭਾਵਿਤ ਰਿਹਾ। ਡਰਾਈਵਰ ਅਤੇ ਯੂਨੀਅਨ ਆਗੂਆਂ ਦਾ ਦੋਸ਼ ਸੀ ਕਿ ਨਿਗਮ ਆਪਣੀਆਂ ਗੱਡੀਆਂ ਦੀ ਰਿਪੇਅਰ ਨਹੀਂ ਕਰਵਾ ਪਾ ਰਿਹਾ ਅਤੇ ਪ੍ਰਾਈਵੇਟ ਠੇਕੇਦਾਰਾਂ 'ਤੇ ਪੈਸਾ ਖਰਚ ਕੀਤਾ ਜਾ ਰਿਹਾ। ਇਸੇ ਵਿਚਕਾਰ ਪੈਟਰੋਲ ਪੰਪ ਨੂੰ ਬਦਲਣ ਦਾ ਮੁੱਦਾ ਵੀ ਉਠਿਆ, ਜਿਸ 'ਤੇ ਨਿਗਮ ਅਧਿਕਾਰੀਆਂ ਨੇ ਕੁਝ ਗੱਡੀਆਂ ਨੂੰ ਕੇਸਰ ਪੈਟਰੋਲ ਪੰਪ ਤੋਂ ਤੇਲ ਭਰਵਾਉਣ ਲਈ ਭੇਜ ਦਿੱਤਾ। ਪਤਾ ਲੱਗਾ ਹੈ ਕਿ ਕੇਸਰ ਪੈਟਰੋਲ ਪੰਪ ਦੇ ਮਾਲਕਾਂ ਨੇ ਨਿਗਮ ਦੀਆਂ ਗੱਡੀਆਂ ਨੂੰ ਤੇਲ ਦੇਣ ਤੋਂ ਮਨ੍ਹਾ ਕਰ ਦਿੱਤਾ, ਜਿਸ ਤੋਂ ਬਾਅਦ ਸੂਰਿਆ ਐਨਕਲੇਵ ਦੇ ਨੇੜੇ ਇਕ ਪੰਪ ਤੋਂ ਤੇਲ ਭਰਵਾਉਣ ਦਾ ਪ੍ਰਬੰਧ ਕੀਤਾ ਗਿਆ। ਯੂਨੀਅਨ ਆਗੂਆਂ ਦਾ ਕਹਿਣਾ ਹੈ ਕਿ ਲਾਡੋਵਾਲੀ ਰੋਡ



'ਤੇ ਸਥਿਤ ਪੰਜਾਬ ਐਗਰੋ ਦੇ ਪੈਟਰੋਲ ਪੰਪ ਤੋਂ ਤੇਲ ਭਰਵਾਉਣ ਵਿਚ ਦਿੱਕਤਾਂ ਆ ਰਹੀਆਂ ਹਨ, ਇਸ ਲਈ ਪੈਟਰੋਲ ਪੰਪ ਨੂੰ ਬਦਲਿਆ ਜਾਵੇ। ਹੁਣ ਵੇਖਣਾ ਹੈ ਕਿ ਨਿਗਮ ਕਮਿਸ਼ਨਰ ਵੱਲੋਂ ਕੀ ਫੈਸਲਾ ਲਿਆ ਜਾਂਦਾ ਹੈ। ਇਕ ਪਾਸੇ ਚੋਣ ਸੀਜਨ ਚੱਲ ਰਿਹਾ ਹੈ ਪਰ ਦੂਜੇ ਪਾਸੇ ਨਿਗਮ ਯੂਨੀਅਨਾਂ ਅਤੇ ਡਰਾਈਵਰਾਂ ਨੇ ਨਿਗਮ ਪ੍ਰਸ਼ਾਸਨ ਖ਼ਿਲਾਫ ਮੋਰਚਾ ਖੋਲ੍ਹਿਆ ਹੋਇਆ ਹੈ। ਆਏ ਦਿਨ ਕੂੜੇ ਨੂੰ ਚੁੱਕਣ ਦਾ ਕੰਮ ਬੰਦ ਕਰ ਦਿੱਤਾ ਜਾਂਦਾ ਹੈ ਅਤੇ ਨਗਰ ਨਿਗਮ ਨੂੰ ਪ੍ਰਾਈਵੇਟ ਠੇਕੇਦਾਰਾਂ ਜਰੀਏ ਕੂੜਾ ਚੁਕਵਾਉਣਾ ਪੈ ਰਿਹਾ ਹੈ। ਇਸੇ ਵਿਚਕਾਰ ਕੂੜਾ ਢੋਣ ਦੇ ਕੰਮ ਵਿਚ ਲੱਗੇ ਪ੍ਰਾਈਵੇਟ ਠੇਕੇਦਾਰਾਂ ਗੌਰਵ ਗੁਪਤਾ ਅਤੇ ਸਤਪਾਲ ਨੇ ਵੀ ਨਿਗਮ ਅਧਿਕਾਰੀਆਂ ਨੂੰ ਚਿਤਾਵਨੀ ਦੇ ਦਿੱਤੀ ਹੈ ਕਿ ਜੇਕਰ ਉਨ੍ਹਾਂ ਦੇ ਬਿੱਲ ਸਮਾਂ ਰਹਿੰਦੇ ਪਾਸ ਨਾ ਕੀਤੇ ਗਏ ਤਾਂ ਉਹ ਵੀ ਸ਼ਨੀਵਾਰ ਤੋਂ ਸ਼ਹਿਰ ਵਿਚੋਂ ਕੂੜਾ ਚੁੱਕਣ ਦਾ ਕੰਮ ਬੰਦ ਕਰ ਦੇਣਗੇ।

### ਸਾਵਧਾਨ ! ਪੰਜਾਬ 'ਚ ਘੁੰਮ ਰਹੇ ਜਾਅਲੀ ਪੁਲਸ ਮੁਲਾਜਮ, ਕਿਤੇ ਤੁਸੀਂ ਵੀ ਨਾ ਹੋ ਜਾਣਾ ਸ਼ਿਕਾਰ

ਲੁਧਿਆਣਾ 24 ਮਈ। ਲੁਧਿਆਣਾ ਪੁਲਸ ਨੇ ਖੁਦ ਨੂੰ ਪੰਜਾਬ ਪੁਲਸ ਦੀ ਸਪੈਸ਼ਲ ਬ੍ਰਾਂਚ ਦਾ ਇੰਸਪੈਕਟਰ ਦੱਸ ਕੇ ਪੈਸੇ ਲੁੱਟਣ ਆਏ 2 ਲੋਕਾਂ ਦੇ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਥਾਣਾ ਡਵੀਜਨ ਨੰਬਰ 5 ਦੀ ਪੁਲਸ ਨੇ ਇਕ ਮੁਲਜਮ ਨੂੰ ਗ੍ਰਿਫਤਾਰ ਵੀ ਕਰ ਲਿਆ ਹੈ। ਕਾਬੂ ਕੀਤੇ ਗਏ ਮੁਲਜਮ ਦੀ ਪਛਾਣ ਗੁਰਪ੍ਰੀਤ ਸਿੰਘ ਵਜੋਂ ਹੋਈ ਹੈ। ਉਸ ਕੋਲੋਂ ਇਕ 32 ਬੋਰ ਦੀ ਪਿਸਤੌਲ ਵੀ ਬਰਾਮਦ ਹੋਈ ਹੈ, ਜਦਕਿ ਉਸ ਦਾ ਫਰਾਰ ਸਾਥੀ ਅਜੇ ਪਛਾਣ ਨਹੀਂ ਹੋ ਸਕੀ। ਉਸ ਦੀ ਭਾਲ ਕੀਤੀ ਜਾ ਰਹੀ ਹੈ। ਪੁਲਸ ਸ਼ਿਕਾਇਤ ਵਿਚ ਸੇਖ ਸੋਨੂੰ ਨੇ ਦੱਸਿਆ ਕਿ ਉਸ ਦਾ ਧਿਆਨ ਸਿੰਘ ਕੰਪਲੈਕਸ ਦੇ ਕੋਲ ਸੈਲੂਨ ਹੈ। ਮੁਲਜਮ ਉਨ੍ਹਾਂ ਦੀ ਦੁਕਾਨ 'ਤੇ ਆਏ ਅਤੇ ਖੁਦ ਨੂੰ ਸਪੈਸ਼ਲ ਬ੍ਰਾਂਚ ਦਾ ਇੰਸਪੈਕਟਰ ਦੱਸਣ ਲੱਗੇ। ਮੁਲਜਮਾਂ ਨੇ ਪਿਸਤੌਲ ਕੱਢ ਕੇ ਉਨ੍ਹਾਂ ਨੂੰ ਝੂਠੇ ਕੇਸ ਵਿਚ ਫਸਾਉਣ ਦਾ ਡਰ ਦਿਖਾ ਕੇ ਪੈਸਿਆਂ ਦੀ ਮੰਗ ਕੀਤੀ। ਇਸ ਮਗਰੋਂ ਹੋਈ ਹੈ, ਜਦਕਿ ਉਸ ਦਾ ਫਰਾਰ ਸਾਥੀ ਅਜੇ ਪਛਾਣ ਨਹੀਂ ਹੋ ਸਕੀ। ਉਸ ਦੀ ਭਾਲ ਕੀਤੀ ਜਾ ਰਹੀ ਹੈ। ਪੁਲਸ ਸ਼ਿਕਾਇਤ ਵਿਚ ਸੇਖ ਸੋਨੂੰ ਨੇ ਦੱਸਿਆ ਕਿ ਉਸ ਦਾ ਧਿਆਨ ਸਿੰਘ ਕੰਪਲੈਕਸ ਦੇ ਕੋਲ ਸੈਲੂਨ ਹੈ। ਮੁਲਜਮ ਉਨ੍ਹਾਂ ਦੀ ਦੁਕਾਨ ਮੁਲਜਮ 5 ਹਜਾਰ ਰੁਪਏ ਲੈ ਕੇ ਚਲੇ ਗਏ ਸਨ। ਉਨ੍ਹਾਂ ਨੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ ਤੇ ਪੁਲਸ ਨੇ ਇਕ ਮੁਲਜਮ ਨੂੰ ਕਾਬੂ ਕਰ ਲਿਆ।

## ਬੱਚਿਆਂ ਵੱਲੋਂ ਮੋਬਾਈਲ, ਇੰਟਰਨੈੱਟ ਦੀ ਵਰਤੋਂ ਬਣਾ ਰਹੀ ਜਾਨਲੇਵਾ

ਲੁਧਿਆਣਾ 24 ਮਈ। ਅੱਜ ਕੱਲ ਦੇ ਯੁਗ 'ਚ ਟੈਕਨਾਲੋਜੀ ਆਸਮਾਨ ਛੂਹ ਰਹੀ ਹੈ। ਦੂਜੇ ਪਾਸੇ ਸਾਡੀ ਆਉਣ ਵਾਲੀ ਜਨਰੇਸ਼ਨ ਦੇ ਬੱਚੇ ਬੀਮਾਰੀਆਂ ਨਾਲ ਗ੍ਰਸਤ ਹੋ ਰਹੇ ਹਨ। ਪਹਿਲੇ ਸਮਿਆਂ 'ਚ ਵਿੱਦਿਆ ਤੋਂ ਇਲਾਵਾ ਸਮਾਂ ਮਿਲਣ 'ਤੇ ਬੱਚਿਆਂ ਦਾ ਧਿਆਨ ਖੇਡ-ਕੁੱਦ ਵਿਚ ਹੁੰਦਾ ਸੀ। ਉਹ ਘਰੋਂ ਬਾਹਰ ਨਿਕਲਦੇ ਸਨ। ਆਪਣੇ ਸਹਿਪਾਠੀਆਂ ਦੇ ਨਾਲ ਖੇਡਣਾ ਕੁੱਦਣਾ ਪੰਸਦ ਕਰਦੇ ਸਨ ਪਰ ਅੱਜ ਦੇ ਯੁਗ 'ਚ ਨਵ-ਜੰਮੇ ਬੱਚੇ ਤੋਂ ਲੈ ਕੇ ਵੱਡੇ ਬੱਚਿਆਂ ਦੇ ਹੱਥਾਂ 'ਚ ਮੋਬਾਈਲ ਫੋਨ ਹਨ, ਜਿਸ ਵਿਚ ਇੰਟਰਨੈੱਟ ਦੀ ਸਹੂਲਤ ਹੋਣ ਕਾਰਨ ਉਨ੍ਹਾਂ ਨੂੰ ਆਪਣੇ ਕਮਰਿਆਂ ਤੋਂ ਬਾਹਰ ਨਿਕਲਣ ਦੀ ਲੋੜ ਨਹੀਂ ਪੈਂਦੀ। ਇਹ ਇਕ ਤਰ੍ਹਾਂ ਨਾਲ ਬੀਮਾਰੀਆਂ ਨੂੰ ਸੱਦਾ ਦੇਣ ਦੀ ਯੋਜਨਾ ਹੈ। ਅਸਲ ਵਿਚ ਮੋਬਾਈਲ ਫੋਨ ਵਰਗੀਆਂ ਚੀਜ਼ਾਂ ਸਾਨੂੰ ਸਹੂਲਤਾਂ ਦੇਣ ਲਈ ਬਣੀਆਂ ਹਨ ਪਰ ਅੱਜ ਕੱਲ ਦੇ ਬੱਚੇ ਇਨ੍ਹਾਂ ਦੀ ਬਹੁਤ ਜ਼ਿਆਦਾ ਗਲਤ ਵਰਤੋਂ ਕਰ ਰਹੇ ਹਨ। ਮੋਬਾਈਲ 'ਤੇ ਇੰਟਰਨੈੱਟ ਦੀ ਗਲਤ ਵਰਤੋਂ ਅਤੇ ਜ਼ਿਆਦਾ ਸਮੇਂ ਤੱਕ ਮੋਬਾਈਲ ਚਲਾਉਣਾ ਖਾਸ ਕਰ ਕੇ ਬੱਚਿਆਂ ਲਈ ਬਹੁਤ ਹੀ ਖਤਰਨਾਕ ਸਾਬਤ ਹੋ ਸਕਦਾ ਹੈ ਕਿਉਂਕਿ ਉਨ੍ਹਾਂ ਦੇ ਦਿਨ ਦੀ ਸ਼ੁਰੂਆਤ ਵਿਚ ਹੀ ਫੋਨ ਹੱਥ 'ਚ ਹੁੰਦਾ ਹੈ, ਜਿਸ ਨਾਲ ਉਹ ਸੂਰਜ ਦੀ ਉਰਜਾ ਤੋਂ ਦੂਰ ਆਪਣੇ ਮਾਂ-ਬਾਪ ਤੋਂ ਦੂਰ ਹੁੰਦੇ ਜਾ



ਰਹੇ ਹਨ। ਖਾਣਾ ਖਾਂਦੇ ਸਮੇਂ ਬੱਚੇ ਆਪਣੀ ਫੈਮਿਲੀ 'ਚ ਬੈਠਣਾ ਪਸੰਦ ਨਹੀਂ ਕਰਦੇ ਕਿਉਂਕਿ ਉਨ੍ਹਾਂ ਦੇ ਧਿਆਨ ਉਨ੍ਹਾਂ ਦੇ ਮੋਬਾਈਲ 'ਤੇ ਹੁੰਦਾ ਹੈ, ਜਿਸ ਕਾਰਨ ਉਹ ਖਾਣਾ ਚੰਗੀ ਤਰ੍ਹਾਂ ਨਹੀਂ ਖਾ ਪਾਉਂਦੇ ਅਤੇ ਸਰੀਰਕ ਤੌਰ 'ਤੇ ਸਿਹਤਮੰਦ ਨਹੀਂ ਰਹਿੰਦੇ। ਜ਼ਿਆਦਾ ਮੋਬਾਈਲ ਫੋਨ ਚਲਾਉਣਾ ਮਤਲਬ ਜ਼ਿਆਦਾ ਦੇਰ ਤੱਕ ਇਕ ਹੀ ਜਗ੍ਹਾ 'ਤੇ ਬੈਠੇ ਰਹਿਣਾ, ਜਿਸ ਕਾਰਨ ਅੱਜ ਕੱਲ ਦੇ ਬੱਚਿਆਂ ਵਿਚ ਮੋਟਾਪਾ ਵਧਦਾ ਜਾ ਰਿਹਾ ਹੈ ਅਤੇ ਉਨ੍ਹਾਂ ਦਾ ਕੱਦ ਨਹੀਂ ਵਧ ਰਿਹਾ। ਇਸ ਸਭ ਦੇ ਪਿੱਛੇ ਦੇਖਿਆ ਜਾਵੇ ਤਾਂ ਅਸਲ ਕਸੂਰ ਮਾਤਾ-ਪਿਤਾ ਦਾ ਹੁੰਦਾ ਹੈ, ਜੋ ਆਪਣੇ ਛੋਟੇ ਬੱਚੇ ਤੋਂ ਤੰਗ ਆ ਕੇ ਉਨ੍ਹਾਂ ਨੂੰ ਸੰਭਾਲਣ ਦੀ ਬਜਾਏ ਉਨ੍ਹਾਂ ਦੇ ਹੱਥਾਂ 'ਚ ਮੋਬਾਈਲ ਫੋਨ ਫੜਾ ਦਿੰਦੇ ਹਨ। ਫਿਰ ਖਾਣਾ ਖਾਂਦੇ ਸਮੇਂ, ਦੁੱਧ ਪੀਂਦੇ ਸਮੇਂ ਬੱਚੇ ਨੂੰ ਫੋਨ ਦੀ ਅਜਿਹੀ ਲਤ ਲਗਦੀ ਹੈ ਕਿ ਉਹ ਬਿਨਾਂ ਫੋਨ ਦੇ ਕੋਈ ਕੰਮ ਕਰਨ ਲਈ ਤਿਆਰ ਨਹੀਂ ਹੁੰਦਾ। ਹੌਲੀ-ਹੌਲੀ ਉਹ ਆਪਣੇ ਮਾਤਾ-ਪਿਤਾ ਦੀ ਗੱਲ ਮੰਨਣ ਤੋਂ ਵੀ ਇਨਕਾਰ ਕਰ ਦਿੰਦਾ ਹੈ। ਫਿਰ ਉਸ ਨੂੰ ਬੱਚੇ ਤੋਂ ਮਾਤਾ-ਪਿਤਾ ਪ੍ਰੇਸ਼ਾਨ ਰਹਿੰਦੇ ਹਨ। ਅੱਜ ਕੱਲ ਬੱਚਿਆਂ ਦਾ ਧਿਆਨ ਕੇਵਲ ਸਾਈਟਾਂ ਵਿਚ ਹੀ ਲੱਗਾ ਰਹਿੰਦਾ ਹੈ ਜਿਵੇਂ ਵੀਡੀਓ ਬਣਾਉਣਾ, ਸਟੋਰੀ ਪਾਉਣਾ, ਪੋਸਟ ਅਪਲੋਡ ਕਰਨਾ, ਆਨਲਾਈਨ ਗੇਮ ਖੇਡਣਾ। ਉਹ ਇਨ੍ਹਾਂ ਚੀਜ਼ਾਂ ਨੂੰ ਅੱਜ ਕੱਲ ਦਾ ਸਟੈਂਡਰਡ ਮੰਨਦੇ ਹਨ। ਬੱਚਿਆਂ ਨੂੰ ਲਗਦਾ ਹੈ ਕਿ ਜੇਕਰ ਉਹ ਸੋਸ਼ਲ ਮੀਡੀਆ 'ਤੇ ਅਪਡੇਟ ਨਹੀਂ ਰਹਿਣਗੇ ਤਾਂ ਉਹ ਆਪਣੇ ਮਿੱਤਰਾਂ ਵਿਚ ਬੈਠ ਕੇ ਗੱਲ ਕਰਨ ਦੇ ਲਾਇਕ ਨਹੀਂ ਹਨ। ਉਹ ਆਪਣੇ ਆਪ ਨੂੰ ਡਿੱਗਿਆ ਹੋਇਆ ਮਹਿਸੂਸ ਕਰਦੇ ਹਨ ਜਿਸ ਕਾਰਨ ਉਹ ਮਹਿੰਗੇ ਫੋਨ, ਸਮਾਰਟਫੋਨ ਲੈਣ ਲਈ ਆਪਣੇ ਮਾਤਾ ਪਿਤਾ ਨਾਲ ਝਗੜਦੇ ਹਨ। ਅਸੀਂ ਜਾਣਦੇ ਹਾਂ ਕਿ ਅੱਜ ਕੱਲ ਇੰਟਰਨੈੱਟ ਬੱਚਿਆਂ ਲਈ ਹਰ ਖੇਤਰ 'ਚ ਮਹੱਤਵ ਰੱਖਦਾ ਹੈ ਅਤੇ ਹਰ ਤਰ੍ਹਾਂ ਦੀ ਜਾਣਕਾਰੀ ਇੰਟਰਨੈੱਟ 'ਤੇ ਹਾਸਲ ਕੀਤੀ ਜਾ ਸਕਦੀ ਹੈ। ਮਾਹਿਰਾਂ ਮੁਤਾਬਕ ਲੋਕਾਂ ਨੂੰ ਖਾਸ ਤੌਰ 'ਤੇ ਆਪਣੇ ਛੋਟੇ ਬੱਚਿਆਂ ਦਾ ਧਿਆਨ ਰੱਖਣਾ ਚਾਹੀਦਾ ਹੈ, ਜਿਨ੍ਹਾਂ ਦੀ ਛੋਟੀ ਉਮਰ 'ਚ ਅੱਖਾਂ ਦੀ ਰੌਸ਼ਨੀ 'ਤੇ ਇਨ੍ਹਾਂ ਚੀਜ਼ਾਂ ਦਾ ਬਹੁਤ ਬੁਰਾ ਅਸਰ ਪੈਂਦਾ ਹੈ

### ਐਕਸਾਈਜ ਵਿਭਾਗ ਦੀ ਮੁਹਿੰਮ 'ਚ ਸਤਲੁਜ ਕੰਢਿਓਂ 15 ਹਜਾਰ ਲਿਟਰ ਲਾਹਣ ਬਰਾਮਦ

ਜਲੰਧਰ 24 ਮਈ। ਐਕਸਾਈਜ ਵਿਭਾਗ ਵੱਲੋਂ ਚਲਾਈ ਗਈ ਮੁਹਿੰਮ ਦੌਰਾਨ 15 ਹਜਾਰ ਲਿਟਰ ਲਾਹਣ (ਦੇਸੀ ਸ਼ਰਾਬ) ਬਰਾਮਦ ਹੋਈ, ਇਸ ਨੂੰ ਵਿਭਾਗੀ ਅਧਿਕਾਰੀਆਂ ਵੱਲੋਂ ਮੌਕੇ 'ਤੇ ਹੀ ਨਸ਼ਟ ਕਰਵਾ ਦਿੱਤਾ ਗਿਆ। ਐਕਸਾਈਜ ਵਿਭਾਗ ਦੇ ਅਧਿਕਾਰੀਆਂ ਦੀ ਟੀਮ ਵਿਚ ਸ਼ਾਮਲ ਹਰਜਿੰਦਰ ਸਿੰਘ, ਮਨਦੀਪ ਸਿੰਘ, ਮੋਹਿਤ ਸੋਢੀ ਵੱਲੋਂ ਐਕਸਾਈਜ ਪੁਲਸ ਅਤੇ ਸਹਾਇਕ ਮੁਲਾਜਮਾਂ ਨਾਲ ਮੀਓਵਾਲ, ਮਾਓ ਸਾਹਿਬ, ਪੱਥਰਾਂ ਦਾ ਡੇਰਾ, ਭੋਲੇਵਾਲ ਆਦਿ ਪਿੰਡਾਂ ਵਿਚ ਸਤਲੁਜ ਕੰਢੇ ਮੁਹਿੰਮ ਚਲਾਈ ਗਈ।

## ਵਿਆਹੁਤਾ ਦੀ ਮੌਤ ਨੂੰ ਲੈ ਕੇ ਪਤੀ ਤੇ ਸੱਸ ਖਿਲਾਫ ਮਾਮਲਾ ਦਰਜ

ਕੁਰਾਲੀ 24 ਮਈ। ਸ਼ਹਿਰ ਦੇ ਵਾਰਡ ਨੰਬਰ-10 'ਚ ਵਿਆਹੁਤਾ ਨੇ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਖਤਮ ਕਰ ਲਈ। ਇਸ ਸਬੰਧੀ ਪੁਲਸ ਨੇ ਮ੍ਰਿਤਕਾ ਦੇ ਪਤੀ ਅਤੇ ਸੱਸ ਖ਼ਿਲਾਫ਼ ਮਾਮਲਾ ਦਰਜ ਕਰ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਮ੍ਰਿਤਕ ਦੇ ਪਿਤਾ ਰਣਜੀਤ ਸਿੰਘ ਨੇ ਦੱਸਿਆ ਕਿ ਉਸ ਦੀ ਧੀ ਨਵਨੀਤ ਕੌਰ ਦਾ ਵਿਆਹ 2022 'ਚ ਕੁਰਾਲੀ ਦੇ ਕੁਲਜਿੰਦਰ ਸਿੰਘ ਨਾਲ ਹੋਇਆ ਸੀ। ਉਹ 2016 ਤੋਂ ਆਸਟ੍ਰੇਲੀਆ 'ਚ ਸੀ ਅਤੇ ਉਸ ਨੇ ਨਵਨੀਤ ਨੂੰ ਵਿਆਹ ਤੋਂ ਬਾਅਦ ਆਸਟ੍ਰੇਲੀਆ ਲੈ ਜਾਣ ਦਾ ਭਰੋਸਾ ਦਿੱਤਾ ਸੀ, ਪਰ ਉਹ ਨਹੀਂ ਲੈ ਕੇ ਗਿਆ। ਉਨ੍ਹਾਂ ਦੱਸਿਆ ਕਿ 2023 'ਚ ਭਾਰਤ ਆਉਣ ਤੋਂ ਬਾਅਦ ਕੁਲਜਿੰਦਰ ਸਿੰਘ ਨੇ ਨਵਨੀਤ ਨੂੰ ਫੇਸਬੁੱਕ, ਇੰਸਟਾਗ੍ਰਾਮ ਆਦਿ ਦੀ ਵਰਤੋਂ ਕਰਨ ਤੋਂ ਰੋਕਿਆ ਅਤੇ ਨੌਕਰੀ



ਛੱਡਣ ਲਈ ਦਬਾਅ ਪਾਇਆ। ਇਸ ਤੋਂ ਬਾਅਦ ਉਹ ਵਾਪਸ ਆਸਟ੍ਰੇਲੀਆ ਚਲਾ ਗਿਆ ਤੇ ਬਾਅਦ 'ਚ ਸੱਸ ਅਮਰਜੀਤ ਕੌਰ ਨੇ ਨਵਨੀਤ ਨੂੰ ਨੌਕਰੀ ਛੱਡਣ ਲਈ ਤੰਗ ਕਰਨਾ ਸ਼ੁਰੂ ਕਰ ਦਿੱਤਾ। ਉਸ ਨੇ ਸ਼ਿਕਾਇਤ 'ਚ ਕਿਹਾ ਕਿ ਨਵਨੀਤ ਦੀ ਸੱਸ ਦਾ ਬੀਤੀ ਸਵੇਰੇ 7 ਵਜੇ ਫੋਨ ਆਇਆ ਕਿ ਨਵਨੀਤ ਆਪਣੇ ਕਮਰੇ 'ਚ ਸੌਂ ਰਹੀ ਹੈ ਤੇ ਦਰਵਾਜ਼ਾ ਨਹੀਂ ਖੋਲ੍ਹ ਰਹੀ। ਫਿਰ ਫੋਨ ਆਇਆ ਕਿ ਨਵਨੀਤ ਨੇ ਪੱਖੇ ਨਾਲ ਫਾਹਾ ਲੈ ਲਿਆ ਹੈ। ਇਸ ਦੌਰਾਨ ਜਦੋਂ ਉਹ ਇੱਥੇ ਪੁੱਜੇ ਤਾਂ ਨਵਨੀਤ ਦੀ ਲਾਸ਼ ਬੈੱਡ 'ਤੇ ਪਈ ਸੀ ਤੇ ਉਸ ਦੀ ਮੌਤ ਹੋ ਚੁੱਕੀ ਸੀ। ਇਸ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਮ੍ਰਿਤਕਾ ਦੇ ਆਸਟ੍ਰੇਲੀਆ ਰਹਿੰਦੇ ਪਤੀ ਕੁਲਜਿੰਦਰ ਸਿੰਘ ਤੇ ਸੱਸ ਅਮਰਜੀਤ ਕੌਰ ਖ਼ਿਲਾਫ਼ ਪਰਚਾ ਦਰਜ ਕਰ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਜਲੰਧਰ-ਅੰਮ੍ਰਿਤਸਰ ਹਾਈਵੇਅ 'ਤੇ ਵਾਪਰਿਆ ਹਾਦਸਾ, ਭਰਾ ਦੀਆਂ ਅੱਖਾਂ ਸਾਹਮਣੇ ਹੋਈ ਭੈਣ ਦੀ ਦਰਦਨਾਕ ਮੌਤ

ਜਲੰਧਰ 24 ਮਈ। ਜਲੰਧਰ-ਅੰਮ੍ਰਿਤਸਰ ਹਾਈਵੇਅ 'ਤੇ ਟਿੱਪਰ ਦੀ ਲਪੇਟ 'ਚ ਆਉਣ ਨਾਲ ਮੋਟਰਸਾਈਕਲ 'ਤੇ ਆਪਣੇ ਭਰਾ ਨਾਲ ਜਾ ਰਹੀ ਇਕ ਔਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਹ ਪੂਰੀ ਘਟਨਾ ਸੀ. ਸੀ. ਟੀ. ਵੀ. ਕੈਮਰੇ 'ਚ ਕੈਦ ਹੋ ਗਈ ਹੈ। ਸੀ. ਸੀ. ਟੀ. ਵੀ. ਵਿਚ ਵੇਖਿਆ ਜਾ ਸਕਦਾ ਹੈ ਕਿ ਕਿਵੇਂ ਟਿੱਪਰ ਜਾ ਰਿਹਾ ਹੁੰਦਾ ਹੈ ਕਿ ਅਚਾਨਕ ਮੋਟਰਸਾਈਕਲ ਨਾਲ ਉਸ ਦੀ ਟੱਕਰ ਹੋ ਜਾਂਦੀ ਹੈ। ਇਸ ਦੌਰਾਨ



ਮੋਟਰਸਾਈਕਲ 'ਤੇ ਕਿਸੇ ਰਿਸ਼ਤੇਦਾਰ ਦੇ ਅੰਤਿਮ ਸੰਸਕਾਰ ਲਈ ਜਾ ਰਹੇ ਭੈਣ-ਭਰਾ ਹੇਠਾਂ ਡਿੱਗ ਜਾਂਦੇ ਹਨ। ਇਸ ਹਾਦਸੇ ਵਿਚ ਭੈਣ ਦੀ ਮੌਕੇ 'ਤੇ ਹੀ ਮੌਤ ਹੋ ਜਾਂਦੀ ਹੈ ਅਤੇ ਭਰਾ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਔਰਤ ਦੀ ਲਾਸ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ ਅਤੇ ਭਰਾ ਦਾ ਵੀ ਇਲਾਜ ਚੱਲ ਰਿਹਾ ਹੈ। ਮੌਕੇ 'ਤੇ ਮੌਜੂਦ ਪੁਲਸ ਮੁਲਾਜਮਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਕੰਟਰੋਲ ਰੂਮ ਤੋਂ ਸੂਚਨਾ ਮਿਲੀ ਸੀ ਕਿ ਹਾਈਵੇਅ 'ਤੇ ਜਾਮ ਲੱਗਾ ਹੋਇਆ ਹੈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਪਤਾ ਲੱਗਾ ਕਿ ਟਿੱਪਰ ਨਾਲ ਸਾਈਡ ਵੱਜਣ ਕਾਰਨ ਭਰਾ ਨਾਲ ਵਾਪਸ ਜਾ ਰਹੀ ਭੈਣ ਦੀ ਮੌਤ ਹੋ ਗਈ। ਲਾਸ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਟਿੱਪਰ ਦਾ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ ਹੈ ਪਰ ਟਿੱਪਰ ਨੂੰ ਕਬਜੇ ਵਿੱਚ ਲੈ ਲਿਆ ਗਿਆ ਹੈ।

### ਜੋੜੇ ਨੇ ਮੰਦਰ 'ਚ ਵੜ ਕੇ ਤੋੜੀਆਂ ਮੂਰਤੀਆਂ !

ਲੁਧਿਆਣਾ 24 ਮਈ। ਥਾਣਾ ਸਾਹਨੇਵਾਲ ਦੀ ਪੁਲਸ ਨੇ ਮੰਦਰ 'ਚ ਪਈਆਂ ਮੂਰਤੀਆਂ ਨੂੰ ਤੋੜਨ ਦੇ ਦੋਸ਼ ਹੇਠ ਇਕ ਜੋੜੇ ਖ਼ਿਲਾਫ ਧਾਰਮਿਕ ਭਾਵਨਾਵਾਂ ਭੜਕਾਉਣ ਦਾ ਮਾਮਲਾ ਦਰਜ ਕੀਤਾ ਹੈ। ਮੰਦਰ ਦੇ ਪੰਡਤ ਅਜੇ ਤਿਵਾੜੀ ਨੇ ਪੁਲਸ ਨੇ ਦੱਸਿਆ ਕਿ ਲੋਹਾਰਾ ਦੇ ਫੌਜੀ ਚੌਕ ਸਥਿਤ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਦਾ ਪੁਜਾਰੀ ਹੈ। ਮੰਦਰ ਦੇ ਅੰਦਰ ਭਗਵਾਨ ਸ਼ਨੀਦੇਵ ਜੀ ਦੀ ਮੂਰਤੀ ਲੱਗੀ ਹੋਈ ਹੈ। ਜਦੋਂ ਉਹ ਮੰਦਰ ਗਏ ਤਾਂ ਉਨ੍ਹਾਂ ਵੇਖਿਆ ਕਿ ਮੂਰਤੀ ਦਾ ਇਕ ਹੱਥ ਟੁੱਟਿਆ ਹੋਇਆ ਸੀ। ਇਸ ਦੇ ਨਾਲ ਹੀ ਉਨ੍ਹਾਂ ਦੀ ਸਵਾਰੀ ਬੈਲ ਦਾ ਵੀ ਸਿੰਘ ਟੁੱਟਿਆ ਹੋਇਆ ਸੀ।


**PUBLIC NOTICE**

I hitherto known as DALBEER alias DALVEER SINGH S/O BEER SINGH , residing at F 85 ,GALI NO -6, PAPPU COLONY, VTC: SAHIBABAD,,DISTRICT-GHAZIABAD, UTTAR PRADESH- 201005.have changed my name and shall hereafter be known as DALVEER SINGH.

**PUBLIC NOTICE**

I hitherto known as SAPNA alias SWATI KUMARI D/O TRILOKI NATH KUMAR W/O KULDEEP, residing at A/8/29, first floor, Rana Pratap Bagh, Malkaganj ,SO:North Delhi Delhi - 110007.have changed my name and shall hereafter be known as SWATI KUMARI.

**NAME CHANGE**

I, SUMAN DEVI wife of No.16021700K Rank-NK Name-SURESH KUMAR presently residing at VPO-KALANA, TEH-BHADRA, DISTT-HANUMANGARH, RAJASTHAN-335502 have changed my name from SUMAN DEVI to SUMAN HUDDA for all future purposes vide Affidavit Dated 06/01/2024 before Notary Public, Delhi.

**NAME CHANGE**

I, KATHANA Mother of JC-391600M Rank-NB SUB Name-HARIHARA SUDAN C R/o H NO-97, 4th STREET, THENDRAL NAGAR, VILL-KALANGAL, PO-SULUR, DIST-COIMBATORE, TAMIL NADU-641402, in my son's service records my date of birth wrongly mentioned as 01/07/1956 instead of my correct date of birth as 15/10/1960 vide affidavit dated 06/01/2024 before Notary Public, Delhi.

**NAME CHANGE**

I, IC-58371N COL HAOBAM ROMESH SINGH S/o LATE H TOLLANGOU SINGH residing at C-14, RD APARTMENT, PLOT NO-20, SEC-6, DWARKA, DELHI-110075, have changed my minor daughter's name from HAOBAM ROANI DEVI to HAOBAM ROOHANI DEVI for all future purposes vide Affidavit dated 06/01/2024 before Notary public Delhi.

**NAME CHANGE**

I, ADHILAKSIMI mother of 15326990Y Rank-HAV Name-SRINIVASA RAO DOMPAKA presently residing at VILL-KOLLIVALASA, PO-TALASAMUDRAM, MANDAL-POLAKI, DISTT-SRIKAKULAM, A.P-532429 have changed my name from ADHILAKSIMI to DOMPAKA ADILAXMI for all future purposes and in my son's service records my date of birth wrongly mentioned as 01/07/1966 instead of my correct date of birth as 01/01/1967 vide affidavit dated 06/01/2024 before Notary Public, Delhi.

**PUBLIC NOTICE**

I hitherto known as DHARM VEER alias DHARAM VIR S/O LACHHMAN residing at 70 ,PHASE-3, JJ CLUSTER,MADANPUR KHADAR ,SARITA VIHAR, P O: SARITA VIHAR ,SOUTH DELHI ,DELHI-110076 .have changed my name and shall hereafter be known as DHARAM VIR.

**NAME CHANGE**

I, Sapana w/o No 2807662Y Hav khairnar dipak wanji Vill- kotbel Post-kotbel Tel- satana Dist - Nashik Pin - 423301 Have changed name from sapana to sapana dipak khairnar for all future purpose vide Affiliate Date 06 Jan 2024 before Notary public Delhi

**PUBLIC NOTICE**

I hitherto known as JASMINE KAUR NANDA alias JASMINE KAUR alias JASMINE D/O HARGOPAL SINGH W/O PUNEET NANDA residing at WZ-22, MUKHRAM PARK, TILAK NAGAR, WEST DELHI, DELHI- 110018. have changed my name and shall hereafter be known as JASMINE KAUR NANDA

**NAME CHANGE**

I hitherto known as REETU D/o AMRESH and W/o DEEPAK KUMAR, R/o 22/1, Plot No. 33, Ground Floor, Prem Nagar, Z-Block, Ph-2, Najafgarh, South West Delhi, Delhi-110043, have changed my name and shall hereafter be known as REETU SHARMA.

**NAME CHANGE**

I, D MADHU KUMARI wife of 15326990Y Rank-HAV Name-SRINIVASA RAO DOMPAKA presently residing at VILL-KOLLIVALASA, PO-TALASAMUDRAM, MANDAL-POLAKI, DISTT-SRIKAKULAM, A.P-532429 have changed my name from D MADHU KUMARI to DOMPAKA MADHU KUMARI for all future purposes vide affidavit dated 06/01/2024 before Notary Public, Delhi.

**PUBLIC NOTICE**

It is for general information that I, HARI KUMAR S/o RADHAKRISHNAN NAIR, R/o H.No.- A 26, Police Colony, Saraswati Vihar, North West Delhi, Delhi-110034 declare that name of mine and my Father has been wrongly written as HARIKUMAR R S and M RADHAKRISHNAN NAIR respectively in my all Educational Documents. The actual name of mine is HARI KUMAR and my Father RADHAKRISHNAN NAIR respectively, which may be amended accordingly.

**PUBLIC NOTICE**

It is for general information that I, PRIYANSHU S/o RAJBIR SINGH residing at Village Ushmanpur, Ushmanpur (181), Rewari, Haryana - 123035 declare that the name of my Father and my Mother have been wrongly written as RAJVIR and PRAMILA in my 10th & 12th Class Educational Documents. The actual name of my Father and Mother are RAJBIR SINGH and PARMILA respectively which may be amended accordingly.

**NAME CHANGE**

It is for general information that I, ANJALI RAJPUT D/O KARAN PAL SINGH, R/o Khasra No. 1248, B-Block, Near Old Shiv Mandir, Village Rangpuri, Malik Pur Kohi alias Rang Puri, PO: Mahipalpur, DIST: South West Delhi, Delhi-110037, declare that name of mine and my father have been wrongly written as ANJALI and KP SINGH respectively in my CBSE class 10th (Roll No. 8191625) Marksheet cum Certificate, Passport No. W5692107 and as ANJALI and KP SINGH in my 12th (Roll No. 9200109) Marksheet and Certificates, and in my University Graduation and as ANJALI in my PAN Card No. DINPA7318K. The actual name of mine and my father are ANJALI RAJPUT and KARAN PAL SINGH respectively.



## ਮੁੱਖ ਚੋਣ ਅਧਿਕਾਰੀ ਦਫਤਰ, ਦਿੱਲੀ
## Chief Electoral Officer, Delhi

ਪੁਰਾਣਾ ਸੇਂਟ ਸਟੀਫਨ ਕਾੱਲਜ ਭਵਨ, ਕਸ਼ਮੀਰੀ ਗੇਟ, ਦਿੱਲੀ-110006

ਹੇਲਪਲਾਈਨ ਨੰ. 1800-111-400, ਕਾੱਲ ਸੇਂਟਰ ਨੰ. 1950

ਵੈਬਸਾਈਟ: www.ceodelhi.gov.in

**ਲੋਕ ਸਭਾ ਆਮ ਚੋਣ, 2024 - ਰਾਸ਼ਟਰੀ ਰਾਜਧਾਨੀ ਖੇਤਰ, ਦਿੱਲੀ**

**ਜਨਤੱਕ ਸੂਚਨਾ**

**ਕ੍ਰਿਪਾ ਦਿਵਿਆਂਗ ਮਤਦਾਤਾ ਧਿਆਨ ਦੇਣ**

ਦਿਵਿਆਂਗ ਮਤਦਾਤਾਵਾਂ ਨੂੰ ਹੋਰ ਮਤਦਾਤਾਵਾਂ ਦੇ ਸਮਾਨ ਮਤਦਾਨ ਕਰਨ ਦਾ ਅਧਿਕਾਰ ਹੈ। ਕ੍ਰਿਪਾ ਹੇਠਾਂ ਦਿੱਤੀ ਗਈ ਸੁਵਿਧਾਵਾਂ/ਪ੍ਰਸ਼ਾਸਨਿਕ ਵਿਵਸਥਾਵਾਂ ਨੂੰ ਨੋਟ ਕਰ ਲੇਣ ਅਤੇ ਉਨ੍ਹਾਂ ਦਾ ਲਾਭ ਚੁੱਕਣ ਜੋਕਿ ਤੁਹਾਨੂੰ ਵੋਟ ਪਾਉਣ 'ਚ ਤੁਹਾਡੀ ਸਹਾਇਤਾ ਕਰੇਗੀ:-

1. ਦਿਵਿਆਂਗ ਮਤਦਾਤਾਵਾਂ ਨੂੰ ਲਾਈਨ 'ਚ ਇੰਤਜ਼ਾਰ ਕਰਾਏ ਬਿਨਾ ਮਤਦਾਨ ਕੇਂਦਰ 'ਚ ਪ੍ਰਵੇਸ਼ ਕਰਨ ਦੇ ਲਈ ਪ੍ਰਾਥਮਿਕਤਾ ਦਿੱਤੀ ਜਾਵੇਗੀ।
2. ਵਹੀਲਚੇਅਰ 'ਤੇ ਆਉਣ ਵਾਲੇ ਮਤਦਾਤਾਵਾਂ ਨੂੰ, ਜਿਥੇ ਕਿਤੇ ਜ਼ਰੂਰੀ ਹੈ, ਉਪਯੁਕਤ ਢਲਾਨ ਵਾਲੀ ਰੈਂਪ ਪ੍ਰਦਾਨ ਕਰ ਉਨ੍ਹਾਂ ਮਤਦਾਨ ਪਰਿਸਰ 'ਚ ਮਤਦਾਨ ਕਮਰੇ ਤੱਕ ਬਿਨਾ ਕਿਸੀ ਰੁਕਾਵਟ ਦੇ ਪਹੁੰਚ ਪ੍ਰਦਾਨ ਕਰਨ ਅਤੇ ਮਤਦਾਨ ਕਮਰੇ ਦੇ ਅੰਦਰ ਮਤਦਾਨ ਖੰਡ ਤਕ ਉਨ੍ਹਾਂ ਦੇ ਆਉਣ-ਜਾਣ ਦੇ ਲਈ ਖੁਲੀ ਜਗ੍ਹਾ ਰੱਖੀ ਜਾਵੇਗੀ।
3. ਅਗਰ ਕੋਈ ਮਤਦਾਤਾ ਆਪਣੀ ਦਿਵਿਆਂਗਤਾ ਦੇ ਕਾਰਣ ਆਪ ਆਪਣਾ ਵੋਟ ਨਹੀਂ ਪਾ ਸਕਦਾ/ਸਕਦੀ ਹੈ, ਤਾਂ ਪੀਠਾਸੀਨ ਅਧਿਕਾਰੀ ਉਸ ਮਤਦਾਤਾ ਨੂੰ ਉਸ ਦੀ ਇੱਛਾਨੁਸਾਰ, ਉਸਦੇ ਵਲੋਂ ਵੋਟ ਪਾਉਣ ਦੇ ਲਈ ਕੋਈ ਸਾਥੀ (ਵਿਸ਼ੇਸ਼ਕਰ ਰਿਸ਼ਤੇਦਾਰ), ਜੋ 18 ਸਾਲ ਤੋਂ ਘੱਟ ਉਮਰ ਦਾ ਨਾ ਹੋਵੇ, ਉਸ ਨੂੰ ਮਤਦਾਨ ਖੰਡ ਤੱਕ ਲੇ ਜਾਣ ਦੀ ਅਨੁਮਤੀ ਦੇਣਗੇ। (ਸੰਦਰਭ: ਨਿਯਮ 49 ਐਨ. ਚੋਣ ਆਚਰਣ ਨਿਯਮ, 1961)
4. ਪੋਲਿੰਗ ਡਿਊਟੀ ਸਟਾਫ ਅਤੇ ਪੁਲਿਸ ਕਰਮੀਆਂ ਨੂੰ ਦਿਵਿਆਂਗ ਮਤਦਾਤਾਵਾਂ ਦੀ ਵਿਸ਼ੇਸ਼ ਜ਼ਰੂਰਤਾਂ ਅਤੇ ਉਨ੍ਹਾਂ ਜ਼ਰੂਰੀ ਸਹਾਇਤਾ ਉਪਲਬਧ ਕਰਾਉਣ ਲਈ ਉਨ੍ਹਾਂ ਟ੍ਰੇਨਿੰਗ ਦਿੱਤੀ ਗਈ ਹੈ ਅਤੇ ਸੰਵੇਦਨਸ਼ੀਲ ਬਣਾਇਆ ਗਿਆ ਹੈ।
5. ਦਿਵਿਆਂਗ ਮਤਦਾਤਾਵਾਂ ਦੀ ਸਹਾਇਤਾ ਕਰਨ ਦੇ ਲਈ ਮਤਦਾਨ ਸਥਲਾਂ 'ਤੇ ਆਪ ਸੇਵੀ ਤੈਨਾਤ ਕੀਤੇ ਜਾ ਰਹੇ ਹਨ।
6. ਦਿਵਿਆਂਗ ਮਤਦਾਤਾਵਾਂ ਦੀ ਸੁਵਿਧਾ ਦੇ ਲਈ ਮਤਦਾਨ ਕੇਂਦਰਾਂ 'ਤੇ ਵਹੀਲ ਚੇਅਰ ਦੀ ਵਿਵਸਥਾ ਕੀਤੀ ਜਾ ਰਹੇ ਹੈ।
7. ਸੰਬੰਧਿਤ ਜਿਲ੍ਹਾ ਨਿਰਵਾਚਨ ਅਧਿਕਾਰੀਆਂ ਵਲੋਂ ਦਿਵਿਆਂਗ ਅਤੇ 85 ਸਾਲ ਤੋਂ ਘੱਟ ਉਮਰ ਦੇ ਵਰਿਸ਼ਠ ਨਾਗਰਿਕ ਮਤਦਾਤਾਵਾਂ ਦੇ ਲਈ ਮਤਦਾਨ ਕੇਂਦਰ ਤੱਕ ਜਾਣ ਅਤੇ ਵਾਪਸ ਆਉਣ ਦੇ ਲਈ ਸੁਵਿਧਾ ਉਪਲਬਧ ਕਰਾਏ ਜਾ ਰਹੀ ਹੈ।
8. ਨੋਡਲ ਅਧਿਕਾਰੀਆਂ ਨੂੰ ਵਿਸ਼ੇਸ਼ ਰੂਪ ਤੋਂ ਦਿਵਿਆਂਗ ਮਤਦਾਤਾਵਾਂ ਦੀ ਸਹਾਇਤਾ ਕਰਨ ਦੇ ਲਈ ਸਾਰੇ ਜਿਲ੍ਹਿਆਂ 'ਚ ਨਿਯੁਕਤ ਕੀਤਾ ਗਿਆ ਹੈ।

ਆਮ ਲੋਕਸਭਾ ਚੋਣ 2024 ਦੇ ਲਈ ਰਾਸ਼ਟਰੀ ਰਾਜਧਾਨੀ ਖੇਤਰ ਦਿੱਲੀ ਦੇ ਸਾਰੇ ਸੱਤ (07) ਸੰਸਦੀ ਨਿਰਵਾਚਨ ਖੇਤਰਾਂ ਦੇ ਲਈ ਦਿਵਿਆਂਗਜਨਾਂ ਅਤੇ ਪਿਕ ਐਂਡ ਡ੍ਰਾੱਪ ਸੁਵਿਧਾ ਦੇ ਲਈ ਨੋਡਲ ਅਧਿਕਾਰੀਆਂ ਦਾ ਵੇਰਵਾ ਇਸ ਪ੍ਰਕਾਰ ਹੈ:

| ਪੀ ਸੀ ਸੰ. | ਪੀਸੀ ਦਾ ਨਾਮ | ਨੋਡਲ ਅਫਸਰ (PWD) ਦਾ ਵੇਰਵਾ (ਨਾਮ, ਮੋਬਾਈਲ, ਈਮੇਲ) | ਪਿਕ ਅਤੇ ਡ੍ਰਾੱਪ ਨੋਡਲ ਅਫਸਰ ਦਾ ਵੇਰਵਾ (ਨਾਮ, ਮੋਬਾਇਲ) | ਪਿਕ ਅਤੇ ਡ੍ਰਾੱਪ ਨੋਡਲ ਰੂਮ ਨੰਬਰ |
|---|---|---|---|---|
| 1 | ਚਾਂਦਨੀ ਚੌਂਕ | ਸ਼੍ਰੀ ਕਪਿਲ ਕੋਹਲੀ 8368079252 nodalofficerpwdpc01@gmail.com | ਸ੍ਰੀ ਕਪਿਲ ਕੋਹਲੀ 8368079252 | 011-20872028 |
| 2 | ਉੱਤਰ ਪੂਰਬੀ ਦਿੱਲੀ | ਸ੍ਰੀ ਸੁਰੇਸ਼ ਚੰਦ 9868282971 pwdpc02@gmail.com | ਸ੍ਰੀ ਸੁਰੇਸ ਚੰਦ 9868282971 | 011-22132054 |
| 3 | ਪੂਰਬੀ ਦਿੱਲੀ | ਸ੍ਰੀ ਸੁਨੀਲ ਕੁਮਾਰ ਭਾਰਦਵਾਜ 9968854845 nodalofficerpwd03@gmail.com | ਸ੍ਰੀ ਸੁਨੀਲ ਕੁਮਾਰ ਭਾਰਦਵਾਜ 9968854845 | 1800-11-1406 011-22010004 |
| 4 | ਨਵੀਂ ਦਿੱਲੀ | ਸ੍ਰੀਮਤੀ ਰਸ਼ਮੀ ਮਨਚੰਦਾ 9911325330 pwd.non.ls2024@gmail.com | ਸ੍ਰੀ ਹੋਮ ਕਰਨ 9015753972 | 011-23075139 |
| 5 | ਉੱਤਰ ਪੱਛਮੀ ਦਿੱਲੀ (SC) | ਸ੍ਰੀ ਰਾਕੇਸ਼ ਦਹੀਆ 9868810716 nodalofficerpwd05@gmail.com | ਸ੍ਰੀ ਰਾਕੇਸ਼ ਦਹੀਆ 9868810716 | 1800-11-1401 011-20896360 |
| | | ਸ੍ਰੀ ਧਰਮਿੰਦਰ ਪ੍ਰਸਾਦ 9818184564 nodalofficerpwd05@gmail.com | ਸ੍ਰੀ ਧਰਮਿੰਦਰ ਪ੍ਰਸਾਦ 9818184564 | |
| 6 | ਪੱਛਮੀ ਦਿੱਲੀ | ਸ੍ਰੀ ਸੌਰਭ ਕੁਮਾਰ 8982595027 nodalofficerpwd06@gmail.com | ਸ੍ਰੀ ਸੌਰਭ ਕੁਮਾਰ 8982595027 | 011-25107440 |
| 7 | ਦੱਖਣੀ ਦਿੱਲੀ | ਸ੍ਰੀ ਪੀਯੂਸ ਕੁਮਾਰ ਮੁਦਗਲ 9887624255 districtelectionsouth@gmail.com | ਸ੍ਰੀ ਰਵੀ ਇਕਾ 9667517334 | 011-20860811 |

ਕਿਸੇ ਵੀ ਸਹਾਇਤਾ/ਸਪਸਟੀਕਰਨ ਲਈ, ਕਿਰਪਾ ਕਰਕੇ ਆਪਣੇ ਸੰਸਦੀ ਚੋਣ ਖੇਤਰ ਦੇ ਸਬੰਧਤ ਨੋਡਲ ਅਫਸਰ ਨਾਲ ਸੰਪਰਕ ਕਰੋ।

ਕਿਰਪਾ ਕਰਕੇ 25.05.2024 ਨੂੰ ਸਵੇਰੇ 07 ਵਜੇ ਤੋਂ ਸਾਮ 06 ਵਜੇ ਤੱਕ ਬਾਹਰ ਆ ਕੇ ਵੱਡੀ ਗਿਣਤੀ ਵਿੱਚ ਆਪਣੀ ਵੋਟ ਪਾਓ।

ਦਸਤਖਤ /-

(ਮੁਕੇਸ ਰਾਜੌਰਾ)

(ਸੰਯੁਕਤ ਮੁੱਖ ਚੋਣ ਅਧਿਕਾਰੀ - 1, ਦਿੱਲੀ)

*ਵੋਟ ਪਾਉਣ ਲਈ, ਵੋਟਰ ਸੂਚੀ ਵਿੱਚ ਤੁਹਾਡਾ ਨਾਮ ਹੋਣਾ ਲਾਜਮੀ ਹੈ।*

ਚੋਣਾਂ ਦਾ ਪਰਵ DESH KA GARV LOK SABHA ELECTION 2024

DIP/Shabdarth/Classified/0066/24-25

## ਸੰਪਾਦਕੀ

# ਪੁਣੇ ਪੌਸ਼ ਹਾਦਸਾ

ਮਹਾਰਾਸ਼ਟਰ ਦੇ ਪੁਣੇ ਸ਼ਹਿਰ ਵਿੱਚ ਲਗਜ਼ਰੀ ਕਾਰ ਪੌਸ਼/ਪੌਰਸ਼ ਨਾਲ ਘਾਤਕ ਹਾਦਸੇ ਦੇ ਕਈ ਅਹਿਮ ਸਬਕ ਸਾਹਮਣੇ ਆ ਰਹੇ ਹਨ। ਇਹ ਕਾਰ 200 ਕਿਲੋਮੀਟਰ ਫ਼ੀ ਘੰਟੇ ਦੀ ਰਫ਼ਤਾਰ ਨਾਲ ਜਾ ਰਹੀ ਸੀ ਜਿਸ ਦੀ ਮੋਟਰਸਾਈਕਲ ਨਾਲ ਟੱਕਰ ਹੋ ਗਈ; ਮੋਟਰਸਾਈਕਲ ਸਵਾਰ ਦੋਵੇਂ ਆਈਟੀ ਇੰਜਨੀਅਰਾਂ ਦੀ ਮੌਤ ਵਾਕਿਆ ਹੋ ਗਈ। ਕਾਰ 17 ਸਾਲ ਦਾ ਨਾਬਾਲਗ ਲੜਕਾ ਚਲਾ ਰਿਹਾ ਸੀ। ਉਂਝ ਗਨੀਮਤ ਹੈ ਕਿ ਪੁਲੀਸ ਨੇ ਝਟਪਟ ਕਾਰਵਾਈ ਅਮਲ ਵਿੱਚ ਲਿਆਂਦੀ ਅਤੇ ਨਾਬਾਲਗ ਲੜਕੇ ਨੂੰ ਸ਼ਰਾਬ ਪਿਲਾਉਣ ਵਾਲੇ ਬਾਰ ਮਾਲਕ ਅਤੇ ਉਸ ਦੇ ਕਰਮਚਾਰੀਆਂ ਤੇ ਲੜਕੇ ਦੇ ਪਿਤਾ ਖਿ ?ਲਾਫ਼ ਕੇਸ ਦਰਜ ਕਰ ਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਤੋਂ ਸੰਕੇਤ ਗਿਆ ਹੈ ਕਿ ਇਸ ਤਰ੍ਹਾਂ ਦੇ ਗ਼ੈਰ-ਜ਼ਿੰਮੇਵਾਰਾਨਾ ਵਿਹਾਰ ਨੂੰ ਬਿਲਕੁੱਲ ਸਹਿਣ ਨਹੀਂ ਕੀਤਾ ਜਾ ਸਕਦਾ।

ਪੁਣੇ ਪੁਲੀਸ ਨੇ ਇਸ ਕੇਸ ਵਿੱਚ ਕ੍ਰਾਈਮ ਬ੍ਰਾਂਚ ਨੂੰ ਸ਼ਾਮਿਲ ਕੀਤਾ ਹੈ ਜਿਸ ਤੋਂ ਪਤਾ ਲੱਗਦਾ ਹੈ ਕਿ ਇਸ ਮਸਲੇ ਨੂੰ ਕਿੰਨੀ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਕਾਰ ਚਲਾਉਣ ਵਾਲੇ ਲੜਕੇ ਦੇ ਪਿਤਾ ਅਤੇ ਬਾਰ ਮਾਲਕ ਦੀ ਗ੍ਰਿਫ਼ਤਾਰੀ ਇਹ ਨਿਸ਼ਾਨਦੇਹੀ ਕਰਦੀ ਹੈ ਕਿ ਇਸ ਤਰ੍ਹਾਂ ਦੇ ਗੰਭੀਰ ਹਾਦਸਿਆਂ ਦੀ ਰੋਕਥਾਮ ਵਿੱਚ ਵਡੇਰੀ ਜਿ ?ਮੇਵਾਰੀ ਨੂੰ ਅਣਡਿੱਠ ਨਹੀਂ ਕੀਤਾ ਜਾਣਾ ਚਾਹੀਦਾ। ਲੜਕੇ ਦੇ ਪਿਤਾ ਖ਼ਿਲਾਫ਼ ਬਾਲ ਅਪਰਾਧ ਨਿਆਂ ਐਕਟ ਦੀ ਧਾਰਾ ਤਹਿਤ ਖ਼ਤਰਨਾਕ ਸਰਗਰਮੀਆਂ ਤੋਂ ਬਚਾਓ ਲਈ ਮਾਪਿਆਂ ਦੀ ਬਣਦੀ ਜਿ ?ਮੇਵਾਰੀ ਨਾ ਨਿਭਾਉਣ ਬਦਲੇ ਦੋਸ਼ ਆਇਦ ਕੀਤੇ ਗਏ ਹਨ। ਉਂਝ ਬਾਲ ਅਪਰਾਧ ਬੋਰਡ ਵੱਲੋਂ ਨਾਬਾਲਗ ਲੜਕੇ ਦੀ ਜ਼ਮਾਨਤ ਮਨਜ਼ੂਰ ਕਰਨਾ, ਸੜਕ ਸੁਰੱਖਿਆ ਬਾਰੇ ਲੇਖ ਲਿਖ ਕੇ ਲਿਆਉਣ ਅਤੇ ਜ਼ਰੂਰੀ ਕੌਂਸਲਿੰਗ ਲੈਣ ਦੀ ਤਾਕੀਦ ਨੂੰ ਲੈ ਕੇ ਕਈ ਲੋਕਾਂ ਵੱਲੋਂ ਹੈਰਾਨੀ ਜ਼ਾਹਿਰ ਕੀਤੀ ਜਾ ਰਹੀ ਹੈ ਕਿ ਇਸ ਤਰ੍ਹਾਂ ਦੀ ਢਿੱਲ ਦਾ ਕੀ ਸੰਦੇਸ਼ ਜਾਵੇਗਾ, ਉਹ ਵੀ ਅਜਿਹੇ ਕੇਸ ਵਿੱਚ ਜਿਸ ਵਿੱਚ ਦੋ ਵਿਅਕਤੀਆਂ ਦੀ ਜਾਨ ਜਾ ਚੁੱਕੀ ਹੈ। ਇਸ ਦੇ ਨਾਲ ਹੀ 18 ਸਾਲ ਦੀ ਉਮਰ ਵਿੱਚ ਵੋਟ ਪਾਉਣ ਜਾਂ ਵਿਆਹ ਕਰਨ ਦੇ ਅਧਿਕਾਰ ਤੋਂ ਇਲਾਵਾ ਕੁਝ ਰਾਜਾਂ ਵਿੱਚ ਜਨਤਕ ਤੌਰ 'ਤੇ ਸ਼ਰਾਬ ਪੀਣ ਲਈ 25 ਸਾਲ ਦੀ ਉਮਰ ਹੱਦ ਮਿਥਣ ਦੇ ਤਰਕ ਮੁਤੱਲਕ ਸਵਾਲ ਵੀ ਉਠਾਏ ਗਏ ਹਨ।

ਹਾਲ ਹੀ ਵਿੱਚ ਪਟਿਆਲਾ ਜਿੱਥੇ ਤੇਜ਼ ਰਫ਼ਤਾਰ ਵਿਦਿਆਰਥੀ ਕਈ ਮੌਤਾਂ ਦਾ ਕਾਰਨ ਬਣੇ ਹਨ, ਵਿੱਚ ਹੋਇਆ ਹਾਦਸਾ ਨੌਜਵਾਨਾਂ 'ਚ ਖ਼ਤਰਨਾਕ ਡਰਾਈਵਿੰਗ ਦੇ ਚਿੰਤਾਜਨਕ ਰੁਝਾਨ ਵੱਲ ਸੰਕੇਤ ਕਰਦਾ ਹੈ। ਅਜਿਹੇ ਹਾਦਸਿਆਂ ਕਾਰਨ ਜਿਨ੍ਹਾਂ ਪਰਿਵਾਰਾਂ ਦੇ ਜੀਅ ਵਿਛੜ ਜਾਂਦੇ ਹਨ, ਉਹ ਭਰਪਾਈ ਤਾਂ ਕਦੀ ਵੀ ਨਹੀਂ ਹੋ ਸਕਦੀ ਪਰ ਅਜਿਹੇ ਹਾਦਸਿਆਂ ਦਾ ਸਭ ਤੋਂ ਪਹਿਲਾ ਸਬਕ ਇਹ ਹੋਣਾ ਚਾਹੀਦਾ ਹੈ ਕਿ ਇਨ੍ਹਾਂ ਨੂੰ ਕਿਸ ਢੰਗ-ਤਰੀਕੇ ਨਾਲ ਰੋਕਿਆ ਜਾਵੇ। ਇਸ ਤਰ੍ਹਾਂ ਦੀਆਂ ਘਟਨਾਵਾਂ ਟਰੈਫਿਕ ਕਾਨੂੰਨਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਅਤੇ ਨਾਬਾਲਗ ਮੁਲਜ਼ਮਾਂ ਲਈ ਕਾਨੂੰਨੀ ਢਾਂਚੇ ਦੀ ਸਮੀਖਿਆ ਦੀ ਲੋੜ ਉੱਤੇ ਜ਼ੋਰ ਦਿੰਦੀਆਂ ਹਨ। ਪੁਣੇ ਪੁਲੀਸ ਵੱਲੋਂ ਨਾਬਾਲਗ ਉੱਤੇ ਬਾਲਗ ਵਜੋਂ ਮੁਕੱਦਮਾ ਚਲਾਉਣ ਦੀ ਅਪੀਲ ਇਸ ਪਾਸੇ ਚੁੱਕਿਆ ਅਹਿਮ ਕਦਮ ਹੈ। ਨਿਆਂਇਕ ਤੰਤਰ ਨੂੰ ਇਸ ਸਬੰਧੀ ਮਿਸਾਲ ਕਾਇਮ ਕਰਨੀ ਚਾਹੀਦੀ ਹੈ ਕਿ ਇਸ ਤਰ੍ਹਾਂ ਦਾ ਖ਼ਤਰਨਾਕ ਵਿਹਾਰ ਕਰਨ ਦੇ ਗੰਭੀਰ ਸਿੱਟੇ ਨਿਕਲਣਗੇ, ਭਾਵੇਂ ਅਪਰਾਧੀ ਦੀ ਉਮਰ ਕੋਈ ਵੀ ਹੋਵੇ। ਇਸ ਨਾਲ ਲੋਕਾਂ ਦਾ ਭਰੋਸਾ ਬਹਾਲ ਹੋਵੇਗਾ ਅਤੇ ਸੜਕਾਂ 'ਤੇ ਲਾਪਰਵਾਹੀ ਵਰਤਣ ਤੋਂ ਲੋਕ ਡਰਨਗੇ।

# ਡੇਰਿਆਂ ਦੀ ਸਿਆਸਤ

ਪਿਛਲੇ ਕਰੀਬ ਦੋ ਦਹਾਕਿਆਂ ਤੋਂ ਪੰਜਾਬ ਅਤੇ ਹਰਿਆਣਾ ਵਿੱਚ ਕਈ ਧਾਰਮਿਕ ਸੰਪਰਦਾਵਾਂ ਅਤੇ ਡੇਰੇ ਵੋਟ ਬੈਂਕ ਦਾ ਰੂਪ ਧਾਰ ਚੁੱਕੇ ਹਨ। ਹਰਿਆਣਾ ਵਿੱਚ ਲੋਕ ਸਭਾ ਦੀਆਂ ਚੋਣਾਂ ਲਈ 25 ਮਈ ਅਤੇ ਪੰਜਾਬ ਵਿੱਚ ਪਹਿਲੀ ਜੂਨ ਨੂੰ ਮਤਦਾਨ ਹੋਵੇਗਾ। ਹੁਣ ਜਦੋਂ ਚੋਣ ਪ੍ਰਚਾਰ ਭਖ ਰਿਹਾ ਹੈ ਤਾਂ ਵੱਖੋ-ਵੱਖਰੀਆਂ ਪਾਰਟੀਆਂ ਦੇ ਉਮੀਦਵਾਰ ਅਤੇ ਸਿਆਸਤਦਾਨ ਡੇਰਿਆਂ ਦੇ ਗੇੜੇ ਲਾ ਰਹੇ ਹਨ ਤਾਂ ਕਿ ਆਪੋ-ਆਪਣੇ ਚੁਣਾਵੀ ਗਣਿਤ ਨੂੰ ਬਿਹਤਰ ਕਰ ਕੇ ਇੱਛਤ ਨਤੀਜੇ ਹਾਸਿਲ ਕੀਤੇ ਜਾ ਸਕਣ। ਪੰਜਾਬ ਅਤੇ ਹਰਿਆਣਾ ਵਿੱਚ ਲੋਕ ਸਭਾ ਦੀਆਂ ਚੋਣਾਂ ਵਿੱਚ ਬਹੁਕੋਨੀ ਮੁਕਾਬਲੇ ਹੋ ਰਹੇ ਹਨ ਜਿਸ ਦੇ ਮੱਦੇਨਜ਼ਰ ਬਹੁਤ ਸਾਰੇ ਉਮੀਦਵਾਰ ਇਨ੍ਹਾਂ ਡੇਰਿਆਂ ਦੇ ਸ਼ਰਧਾਲੂਆਂ ਦੀਆਂ ਵੋਟਾਂ ਲੈਣ ਲਈ ਤਰਲੋਮੱਛੀ ਹੋ ਰਹੇ ਹਨ। ਅਸਲ ਵਿੱਚ ਪਿਛਲੇ ਕੁਝ ਸਾਲਾਂ ਤੋਂ ਇਹ ਰੁਝਾਨ ਬਹੁਤ ਜ਼ੋਰ ਫੜ ਗਿਆ ਹੈ ਹਾਲਾਂਕਿ ਸੁਪਰੀਮ ਕੋਰਟ ਨੇ 2017 ਵਿੱਚ ਆਪਣੇ ਫ਼ੈਸਲੇ ਵਿੱਚ ਸਪੱਸ਼ਟ ਆਖਿਆ ਸੀ ਕਿ ਧਰਮ, ਨਸਲ, ਜਾਤ, ਫਿਰਕੇ ਜਾਂ ਭਾਸ਼ਾ ਦੇ ਆਧਾਰ 'ਤੇ ਕਿਸੇ ਵੀ ਤਰ੍ਹਾਂ ਦੀ ਵੋਟਾਂ ਦੀ ਅਪੀਲ ਲੋਕ ਪ੍ਰਤੀਨਿਧਤਾ ਕਾਨੂੰਨ ਅਧੀਨ ਭ੍ਰਿਸ਼ਟ ਕਾਰਵਾਈ ਗਿਣੀ ਜਾਵੇਗੀ। ਸਬਬੀਂ ਉਸੇ ਸਾਲ ਸਿਰਸਾ ਡੇਰੇ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ ਬਲਾਤਕਾਰ ਦੇ ਦੋਸ਼ ਵਿੱਚ ਮੁਜਰਮ ਕਰਾਰ ਦਿੱਤਾ ਗਿਆ ਸੀ ਅਤੇ ਉਸ ਨੂੰ 20 ਸਾਲਾਂ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ।

ਇਸ ਡੇਰੇ ਵੱਲੋਂ ਆਪਣੇ ਸ਼ਰਧਾਲੂਆਂ ਨੂੰ ਅਕਸਰ ਕਿਸੇ ਨਾ ਕਿਸੇ ਚੋਣ ਵਿੱਚ ਕਿਸੇ ਪਾਰਟੀ ਜਾਂ ਕਿਸੇ ਉਮੀਦਵਾਰ ਦੇ ਸਮਰਥਨ ਦਾ ਫ਼ਰਮਾਨ ਜਾਰੀ ਕਰਨ ਦੀ ਪ੍ਰਥਾ ਰਹੀ ਹੈ। ਇਹ ਕਿਹਾ ਜਾਂਦਾ ਹੈ ਕਿ 2007 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਇਸ ਨੇ ਕਾਂਗਰਸ ਪਾਰਟੀ ਨੂੰ ਸਮਰਥਨ ਦੇਣ ਦਾ ਐਲਾਨ ਕੀਤਾ ਸੀ ਜਿਸ ਕਰ ਕੇ ਪਾਰਟੀ ਨੇ ਮਾਲਵਾ ਖੇਤਰ ਵਿੱਚ ਕਾਫ਼ੀ ਚੰਗੀ ਕਾਰਗੁਜ਼ਾਰੀ ਦਿਖਾਈ ਸੀ ਹਾਲਾਂਕਿ ਇਸ ਦੇ ਬਾਵਜੂਦ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦਾ ਗੱਠਜੋੜ ਬਹੁਮਤ ਹਾਸਿਲ ਕਰ ਕੇ ਸੱਤਾ ਹਾਸਿਲ ਕਰਨ ਵਿੱਚ ਕਾਮਯਾਬ ਹੋ ਗਿਆ ਸੀ। ਬਾਅਦ ਵਿੱਚ ਡੇਰਾ ਮੁਖੀ ਵੱਲੋਂ ਆਪਣੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਭੰਗ ਕਰ ਦੇਣ ਕਰ ਕੇ ਇਸ ਦੇ ਜਨਤਕ ਐਲਾਨਾਂ ਦੀ ਪ੍ਰਥਾ 'ਤੇ ਵਿਰਾਮ ਲੱਗ ਗਿਆ; ਫਿਰ ਵੀ ਸਿਆਸਤਦਾਨ ਡੇਰਾ ਸਿਰਸਾ ਨੂੰ ਤਾਕਤ ਵਜੋਂ ਤਸਲੀਮ ਕਰਦੇ ਰਹੇ। ਸਮਾਜ ਉੱਤੇ ਡੇਰਿਆਂ ਦੇ ਅਜਿਹੇ ਪ੍ਰਭਾਵ ਕਾਰਨ ਹੀ ਸਿਆਸਤਦਾਨ ਵੋਟਾਂ ਲੈਣ ਲਈ ਸਿੱਧੇ ਜਾਂ ਅਸਿੱਧੇ ਢੰਗ ਨਾਲ ਇਨ੍ਹਾਂ ਡੇਰਿਆਂ ਵੱਲ ਅਹੁਲਦੇ ਹਨ।ਦੂਜੇ ਵੱਡੇ ਡੇਰੇ ਜਿਵੇਂ ਰਾਧਾ ਸੁਆਮੀ ਸਤਿਸੰਗ ਬਿਆਸ, ਨੂਰਮਹਿਲ ਡੇਰਾ ਤੇ ਡੇਰਾ ਸੱਚਖੰਡ ਬੱਲਾਂ ਦਾ ਵੀ ਸਮਰਥਨ ਮੰਗਿਆ ਜਾਂਦਾ ਰਿਹਾ ਹੈ ਜਦੋਂਕਿ ਇਹ ਡੇਰੇ ਗ਼ੈਰ-ਸਿਆਸੀ ਹੋਣ ਦਾ ਦਾਅਵਾ ਕਰਦੇ ਹਨ। ਡੇਰੇ ਜਿਨ੍ਹਾਂ ਦਾ ਰਸੂਖ਼ ਸਿਆਸੀ ਅਤੇ ਜਾਤੀ ਫ਼ਰਕਾਂ ਤੋਂ ਉੱਤੇ ਹੈ, ਦੇ ਮੁਖੀਆਂ ਵੱਲੋਂ ਦਿੱਤਾ ਹਲਕਾ ਜਿਹਾ ਸੰਕੇਤ ਵੀ ਪੈਰੋਕਾਰਾਂ ਤੱਕ ਇਹ ਸੁਨੇਹਾ ਲਾਉਣ ਵਿਚ ਕਾਫ਼ੀ ਹੁੰਦਾ ਹੈ ਕਿ ਚੋਣਾਂ ਵਾਲੇ ਦਿਨ ਉਨ੍ਹਾਂ ਕੀ ਕਰਨਾ ਹੈ; ਇੱਥੇ ਹੀ ਵੱਖ-ਵੱਖ ਸਿਆਸੀ ਪਾਰਟੀਆਂ ਲਈ ਮੌਕਾ ਲੁਕਿਆ ਹੁੰਦਾ ਹੈ, ਖ਼ਾਸ ਤੌਰ 'ਤੇ ਉੱਥੇ ਜਿੱਥੇ ਮੁਕਾਬਲੇ ਫ਼ਸਵੇਂ ਹੁੰਦੇ ਹਨ। ਅਸਲ ਵਿਚ, ਮੁਲਕ ਦੀ ਸਮੁੱਚੀ ਸਿਆਸਤ ਚੋਣਾਂ ਦੁਆਲੇ ਘੁੰਮਦੀ ਹੈ। ਸਿਆਸਤ ਦਾ ਸਾਰਾ ਤਾਣਾ-ਬਾਣਾ ਬਹੁਤ ਡੂੰਘੀ ਤਰ੍ਹਾਂ ਚੋਣਾਂ ਨਾਲ ਜੁੜ ਗਿਆ ਹੈ। ਇਸੇ ਕਰ ਕੇ ਸਿਆਸਤ ਦੇ ਪਿੜ ਵਿਚ ਅਜਿਹੇ ਵਰਤਾਰੇ ਦੇਖਣ ਨੂੰ ਮਿਲ ਰਹੇ ਹਨ ਜਿਨ੍ਹਾਂ ਦਾ ਸਮਾਜਿਕ ਸਰੋਕਾਰਾਂ ਨਾਲ ਕੋਈ ਸਰੋਕਾਰ ਨਹੀਂ ਹੁੰਦਾ।

**-ਅਨੀਤਾ ਜਾਂਗੜਾ**

# ਵਿਦਿਅਕ ਪ੍ਰਬੰਧ ਅਤੇ ਵਿਦਿਆਰਥੀਆਂ ਦੀਆਂ ਖ਼ੁਦਕੁਸ਼ੀਆਂ

**ਡਾ. ਗੁਰਤੇਜ ਸਿੰਘ**



ਜ਼ਿੰਦਗੀ ਦੀ ਭੱਜਦੌੜ ਦੀ ਆਖ਼ਰੀ ਮੰਜ਼ਿਲ ਸਫ਼ਲਤਾ ਸਰ ਕਰਨਾ ਹੁੰਦੀ ਹੈ। ਹਰ ਇਨਸਾਨ ਦੀ ਇੱਛਾ ਕਾਮਯਾਬ ਮਨੁੱਖ ਬਣਨ ਦੀ ਹੈ। ਮਨੁੱਖੀ ਸੁਭਾਅ ਆਰਥਿਕ, ਸਮਾਜਿਕ ਤੇ ਧਾਰਮਿਕ ਬਲਕਿ ਹਰ ਤਰ੍ਹਾਂ ਦੀ ਆਜ਼ਾਦੀ ਦਾ ਆਸ਼ਕ ਹੈ। ਆਜ਼ਾਦੀ ਦੀ ਤਾਂਘ ਉਸ ਨੂੰ ਦੁਨੀਆ ਤੋਂ ਵੱਖਰਾ ਕਰ ਗੁਜ਼ਰਨ ਲਈ ਪ੍ਰੇਰਦੀ ਹੈ। ਮੰਜ਼ਿਲ 'ਤੇ ਪਹੁੰਚਣ ਲਈ ਰਾਹੀ ਨੂੰ ਬਹੁਤ ਔਕੜਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਦਾਸੀ ਨਿਰਾਸ਼ਾ ਨੂੰ ਜਨਮ ਦਿੰਦੀ ਹੈ; ਨਿਰਾਸ਼ਾ ਆਦਮੀ ਨੂੰ ਆਤਮ-ਹੱਤਿਆ ਲਈ ਉਕਸਾਉਂਦੀ ਹੈ। ਨਿਰਾਸ਼ ਵਿਅਕਤੀ ਨੂੰ ਜਦੋਂ ਲੱਗਦਾ ਹੈ ਕਿ ਹੁਣ ਸਾਰੇ ਰਾਹ ਬੰਦ ਹੋ ਗਏ ਹਨ ਤਾਂ ਉਹ ਮੌਤ ਨੂੰ ਹਮਸਫ਼ਰ ਬਣਾ ਲੈਂਦਾ ਹੈ। ਅਜੋਕੇ ਅਗਾਂਹਵਧੂ ਅਤੇ ਤਕਨਾਲੋਜੀ ਦੇ ਸਮੇਂ 'ਚ ਖੁਦਕੁਸ਼ੀਆਂ ਦਾ ਮੰਦਭਾਗਾ ਰੁਝਾਨ ਆਲਮੀ ਪੱਧਰ 'ਤੇ ਵਧ ਰਿਹਾ ਹੈ। ਮੁਕਾਬਲੇ ਦੇ ਇਸ ਯੁੱਗ ਵਿੱਚ ਇੱਕ ਦੂਜੇ ਨੂੰ ਪਛਾੜ ਕੇ ਅੱਗੇ ਨਿਕਲਣ ਦੀ ਹੋੜ ਨੇ ਇਨਸਾਨ ਨੂੰ ਮਸ਼ੀਨ ਬਣਾ ਦਿੱਤਾ ਹੈ। ਇਹ ਵਰਤਾਰਾ ਮਨੁੱਖ ਦੇ ਜਨਮ ਤੋਂ ਹੀ ਸ਼ੁਰੂ ਹੋ ਜਾਂਦਾ ਹੈ। ਅਜੋਕੇ ਮਾਪੇ ਬੱਚੇ ਤੋਂ ਬਿਨਾਂ ਪੁੱਛੇ ਪਹਿਲਾਂ ਹੀ ਤੈਅ ਕਰ ਲੈਂਦੇ ਹਨ ਕਿ ਬੱਚੇ ਲਈ ਕਮਾਈ ਦਾ ਚੰਗਾ ਖ਼ੇਤਰ ਕਿਹੜਾ ਰਹੇਗਾ। ਬੱਚੇ ਨੂੰ ਸਿਰਫ਼ ਪੈਸੇ ਦੀ ਮਸ਼ੀਨ ਬਣਾਉਣਾ ਹੀ ਜ਼ਿਆਦਾਤਰ ਮਾਪਿਆਂ ਦਾ ਖ਼ਿਆਲ ਹੈ। ਜਦੋਂ ਕੋਈ ਦੁਨੀਆ ਦੀ ਦੌੜ 'ਚੋਂ ਪਛੜਦਾ ਹੈ ਤਾਂ ਉਹ ਆਤਮ-ਹੱਤਿਆ ਨੂੰ ਗਲੇ ਲਗਾ ਲੈਂਦਾ ਹੈ।

ਭਾਰਤ ਵਿੱਚ ਇਹ ਸਮੱਸਿਆ ਗੁੰਝਲਦਾਰ ਤੇ ਵਿਕਰਾਲ ਰੂਪ ਧਾਰਨ ਕਰ ਚੁੱਕੀ ਹੈ। ਦੇਸ਼ ਦੇ 1.32 ਲੱਖ ਖੁਦਕੁਸ਼ੀ ਕਰਨ ਵਾਲੇ ਲੋਕ 14-30 ਸਾਲ ਉਮਰ ਦੇ ਹਨ। ਇਸ ਵਿੱਚ ਵਿਦਿਆਰਥੀ ਵਰਗ ਵੀ ਸ਼ਾਮਲ ਹੈ। ਦੇਸ਼ ਅੰਦਰ ਹੋਈਆਂ ਖੁਦਕੁਸ਼ੀਆਂ 'ਚ 6.1% ਵਿਦਿਆਰਥੀਆਂ ਦੀਆਂ ਹਨ।

ਪਿਛਲੇ ਕੁਝ ਸਾਲਾਂ ਦੌਰਾਨ ਵਿਦਿਆਰਥੀਆਂ ਵਿੱਚ ਆਤਮ-ਹੱਤਿਆ ਦੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋਇਆ ਹੈ ਜੋ ਸਾਡੇ ਸਿੱਖਿਆ ਪ੍ਰਬੰਧਾਂ ਦੀ ਪੋਲ ਖੋਲ੍ਹਦਾ ਹੈ। ਰਾਜਸਥਾਨ ਦੇ ਕੋਟਾ ਸ਼ਹਿਰ ਵਿੱਚ ਮੈਡੀਕਲ ਅਤੇ ਇੰਜਨੀਅਰਿੰਗ ਦੀ ਪ੍ਰਵੇਸ਼ ਪ੍ਰੀਖਿਆ ਦੀ ਤਿਆਰੀ ਕਰ ਰਹੇ ਚਾਰ ਬੱਚਿਆਂ ਨੇ 24 ਘੰਟਿਆਂ ਵਿੱਚ ਇੱਕ ਤੋਂ ਬਾਅਦ ਇੱਕ ਨੇ ਆਤਮ-ਹੱਤਿਆ ਕੀਤੀ ਹੈ। ਇਹ ਦੁਖਦਾਈ ਘਟਨਾ 2022 ਦੇ ਦਸੰਬਰ ਮਹੀਨੇ ਦੀ ਹੈ। ਇਹ ਕੋਈ ਪਹਿਲੀ ਘਟਨਾ ਨਹੀਂ, ਇਸ ਤੋਂ ਪਹਿਲਾਂ 2020 ਵਿੱਚ ਮੱਧ ਪ੍ਰਦੇਸ਼ ਵਿੱਚ ਇੱਕ ਲੜਕੀ ਨੇ ਨੀਟ ਯੂਜੀ (ਐਨਈਈਟੀ ਅੰਡਰ ਗ੍ਰੈਜੂਏਸ਼ਨ) ਦੇ ਨਤੀਜੇ ਤੋਂ ਬਾਅਦ ਖੁਦਕੁਸ਼ੀ ਕੀਤੀ ਸੀ। ਉਸ ਨੇ ਬਹੁਤ ਮਿਹਨਤ ਕਰ ਕੇ ਇਹ ਇਮਤਿਹਾਨ ਦਿੱਤਾ ਸੀ ਪਰ ਨਤੀਜੇ ਵਿੱਚ ਉਸ ਨੂੰ ਆਪਣੇ ਮਾਤਰ 6 ਅੰਕ ਦੇਖ ਕੇ ਬੜਾ ਧੱਕਾ ਲੱਗਾ। ਉਸ ਦੀ ਮੌਤ ਤੋਂ ਬਾਅਦ ਉਸ ਦੇ ਮਾਪਿਆਂ ਨੇ ਜਦ ਨਤੀਜੇ ਦੀ ਪੜਤਾਲ ਕਰਵਾਈ ਤਾਂ ਉਸ ਦੇ ਅੰਕ 560 ਸਨ। ਇਸ ਤਕਨੀਕੀ ਗਲਤੀ ਦਾ ਖ਼ਮਿਆਜ਼ਾ ਉਸ ਲੜਕੀ ਨੇ ਜ਼ਿੰਦਗੀ ਦੀ ਜੰਗ ਹਾਰ ਕੇ ਚੁਕਾਇਆ। ਅਜਿਹੀਆਂ ਘਟਨਾਵਾਂ ਨੇ ਵਿਦਿਆਰਥੀਆਂ ਵਿੱਚ ਪ੍ਰਵੇਸ਼ ਪ੍ਰੀਖਿਆ ਦੇ ਮੁਕਾਬਲੇ ਕਾਰਨ ਵਧ ਰਹੇ ਦਬਾਅ ਅਤੇ ਤਣਾਅ ਨੇ ਬੁੱਧੀਜੀਵੀਆਂ ਵਿੱਚ ਬਹਿਸ ਛੇੜ ਦਿੱਤੀ ਹੈ। ਕੌਮੀ ਅਪਰਾਧ ਰਿਕਾਰਡ ਬਿਊਰੋ ਦੇ ਸਤੰਬਰ 2022 ਵਿੱਚ ਜਾਰੀ ਅੰਕੜਿਆਂ ਅਨੁਸਾਰ ਪਿਛਲੇ ਸਾਲ 13000 ਵਿਦਿਆਰਥੀਆਂ ਨੇ ਆਤਮ-ਹੱਤਿਆ ਕੀਤੀ ਸੀ। ਹੈਰਾਨੀ ਦੀ ਗੱਲ ਹੈ ਕਿ 2020 ਦੇ ਮੁਕਾਬਲੇ 2021 ਵਿੱਚ ਇਹ ਗਿਣਤੀ 4.5% ਵਧੀ ਹੈ। ਅੰਕੜਿਆਂ ਅਨੁਸਾਰ ਵਿਦਿਆਰਥੀਆਂ ਦੀਆਂ ਕੁੱਲ ਖੁਦਕੁਸ਼ੀਆਂ 'ਚੋਂ 14% ਇਕੱਲੇ ਮਹਾਰਾਸ਼ਟਰ ਦਾ ਬਣਦਾ ਹੈ ਜਿੱਥੇ 1834 ਵਿਦਿਆਰਥੀਆਂ ਨੇ ਖੁਦਕੁਸ਼ੀ ਕੀਤੀ ਹੈ।

ਇਸ ਵਰਤਾਰੇ ਨੇ ਅਜੋਕੇ ਸਿੱਖਿਆ ਪ੍ਰਬੰਧਾਂ ਨੂੰ ਕਟਿਹਰੇ 'ਚ ਖੜ੍ਹਾ ਕੀਤਾ ਹੈ। ਵਿਦਿਆਰਥੀਆਂ 'ਚ ਖੁਦਕੁਸ਼ੀ ਦਾ ਮੁੱਖ ਕਾਰਨ ਇਮਤਿਹਾਨ ਵਿੱਚ ਫੇਲ੍ਹ ਹੋਣਾ ਪਾਇਆ ਗਿਆ ਹੈ। ਪ੍ਰਵੇਸ਼ ਪ੍ਰੀਖਿਆ ਟੈਸਟ ਦੀ ਤਿਆਰੀ ਕਰਾਉਣ ਵਾਲੇ ਕੋਚਿੰਗ ਕੇਂਦਰਾਂ 'ਚ ਵਿਦਿਆਰਥੀਆਂ ਦੀ ਭੀੜ ਲਗਾਤਾਰ ਵਧ ਰਹੀ ਹੈ ਪਰ ਕੋਰਸਾਂ ਦੀਆਂ ਸੀਟਾਂ ਸੀਮਤ ਹਨ। ਮੈਡੀਕਲ ਦੀ ਇੱਕ ਲੱਖ ਸੀਟ ਲਈ 2022 ਵਿੱਚ 18 ਲੱਖ ਬੱਚਿਆਂ ਨੇ ਇਮਤਿਹਾਨ ਦਿੱਤਾ ਸੀ। ਯੂਪੀਐੱਸਸੀ ਦੀਆਂ ਇੱਕ ਹਜ਼ਾਰ ਤੋਂ ਘੱਟ ਸੀਟਾਂ ਲਈ ਲੱਖਾਂ ਲੋਕ ਹਰ ਸਾਲ ਪ੍ਰੀਖਿਆ ਦਿੰਦੇ ਹਨ। ਆਤਮ-ਹੱਤਿਆ ਕਰਨ ਵਿੱਚ ਗ਼ਰੀਬ ਬੱਚਿਆਂ ਦੀ ਸ਼ਮੂਲੀਅਤ ਕਾਫੀ ਜ਼ਿਆਦਾ ਹੈ। ਜੁਲਾਈ 2021 ਦੇ ਅੰਕੜਿਆਂ ਅਨੁਸਾਰ ਸਾਡੇ ਦੇਸ਼ ਅੰਦਰ 2017-19 ਤੱਕ 14-18 ਸਾਲ ਉਮਰ ਦੇ 24588 ਬੱਚਿਆਂ ਨੇ ਆਤਮ-ਹੱਤਿਆ ਕੀਤੀ ਜਿਨ੍ਹਾਂ 'ਚੋਂ 13325 ਲੜਕੀਆਂ ਹਨ। 2017 'ਚ 8029, 2018 'ਚ 8162 ਤੇ 2019 ਵਿੱਚ ਇਹ ਅੰਕੜਾ ਵਧ ਕੇ 8377 ਹੋ ਗਿਆ। ਵਿਆਹ ਆਦਿ ਨਾਲ ਸਬੰਧਿਤ ਮਾਮਲਿਆਂ ਕਾਰਨ 3954 ਬੱਚਿਆਂ ਨੇ ਖੁਦਕੁਸ਼ੀ ਕੀਤੀ; ਕਿਸੇ ਬਿਮਾਰੀ, ਨਸ਼ਿਆਂ ਤੋਂ ਗ੍ਰਸਤ, ਜਿਨਸੀ ਛੇੜਛਾੜ ਤੋਂ ਤੰਗ ਆ ਕੇ 2648 ਬੱਚਿਆਂ ਨੇ ਖੁਦਕੁਸ਼ੀ ਕੀਤੀ। ਕੌਮਾਂਤਰੀ ਲੇਬਰ ਖੋਜ ਸੰਗਠਨ ਦੀ ਖੋਜ ਅਨੁਸਾਰ ਆਲਮੀ ਪੱਧਰ 'ਤੇ ਦਸ ਵਿਦਿਆਰਥੀਆਂ 'ਚੋਂ ਇੱਕ ਗੰਭੀਰ ਰੂਪ ਵਿੱਚ ਤਣਾਅ ਦਾ ਸ਼ਿਕਾਰ ਹੈ। ਨਤੀਜਾ ਐਲਾਨਣ ਤੋਂ ਬਾਅਦ ਅਕਸਰ ਬੱਚੇ ਖੁਦਕੁਸ਼ੀ ਕਰਦੇ ਹਨ। ਲਾਂਸੇਟ ਮੈਡੀਕਲ ਰਸਾਲੇ ਵਿੱਚ ਛਪੀ ਰਿਪੋਰਟ ਅਨੁਸਾਰ ਸੰਸਾਰ ਅੰਦਰ 15-29 ਸਾਲ ਉਮਰ ਵਰਗ ਦੇ ਲੋਕਾਂ 'ਚ ਆਤਮ-ਹੱਤਿਆ ਦਰ ਹੋਰਨਾਂ ਨਾਲੋਂ ਸਭ ਤੋਂ ਉੱਚੀ ਹੈ।

ਵਿਸ਼ਵ ਸਿਹਤ ਸੰਗਠਨ ਦੇ ਸਹਾਇਕ ਨਿਰਦੇਸ਼ਕ ਅਨੁਸਾਰ ਸੰਸਾਰ ਅੰਦਰ ਜੰਗਾਂ ਅਤੇ ਮਹਾਮਾਰੀਆਂ ਦੇ ਮੁਕਾਬਲੇ ਆਤਮ-ਹੱਤਿਆ ਨਾਲ ਜ਼ਿਆਦਾ ਲੋਕ ਮਰਦੇ ਹਨ; ਤਣਾਅ ਨੰਬਰ ਇੱਕ 'ਤੇ ਹੈ। ਸੰਸਾਰ ਦੀ 69% ਆਬਾਦੀ ਤਣਾਅ ਦੀ ਸ਼ਿਕਾਰ ਹੈ। ਵਿਸ਼ਵ ਵਿਆਪੀ ਤੌਰ 'ਤੇ ਡਾਕਟਰ ਕੋਲ ਜਾਣ ਵਾਲੇ ਪੰਜ ਲੋਕਾਂ 'ਚੋਂ ਤਿੰਨ ਤਣਾਅ ਦੇ ਸ਼ਿਕਾਰ ਪਾਏ ਗਏ ਹਨ। ਇੱਕ ਅੰਦਾਜ਼ੇ ਮੁਤਾਬਕ ਦੁਨੀਆ ਅੰਦਰ ਸਾਲਾਨਾ ਅੱਠ ਲੱਖ ਤੋਂ ਜ਼ਿਆਦਾ ਲੋਕ ਖੁਦਕੁਸ਼ੀ ਕਰਦੇ ਹਨ। ਹਰ ਚਾਲੀ ਸਕਿੰਟ ਵਿੱਚ ਇੱਕ ਜ਼ਿੰਦਗੀ ਆਤਮ-ਹੱਤਿਆ ਦੀ ਭੇਟ ਚੜ੍ਹ ਰਹੀ ਹੈ। ਖੁਦਕੁਸ਼ੀ ਦੀਆਂ ਮੰਦਭਾਗੀ ਘਟਨਾਵਾਂ ਬੇਰੋਕ ਲਗਾਤਾਰ ਵਧਦੀਆਂ ਜਾ ਰਹੀਆਂ ਹਨ ਜੋ ਨਿਰੋਏ ਸਮਾਜ ਦੇ ਹਿੱਤ ਵਿੱਚ ਨਹੀਂ ਹਨ। ਵਿੱਦਿਆ ਪਾਰਸ ਹੈ ਜੋ ਆਪਣੇ ਨਾਲ ਜੁੜਨ ਵਾਲੇ ਨੂੰ ਵੀ ਪਾਰਸ ਬਣਾ ਦਿੰਦੀ ਹੈ। ਸਿੱਖਿਆ ਜੀਵਨ ਜਾਚ ਸਿਖਾਉਂਦੀ ਹੈ ਅਤੇ ਰੋਜ਼ੀ ਰੋਟੀ ਦੇ ਕਾਬਲ ਬਣਾਉਂਦੀ ਹੈ। ਆਜ਼ਾਦੀ ਦੇ ਸਾਢੇ ਛੇ ਦਹਾਕਿਆਂ ਬਾਅਦ ਵੀ ਲੋਕ ਮੁੱਢਲੀਆਂ ਸਹੂਲਤਾਂ ਤੋਂ ਸੱਖਣੇ ਹਨ। ਅਜੋਕੇ ਦੌਰ ਅੰਦਰ ਸਿੱਖਿਆ ਖਾਸ ਕਰ ਕੇ ਉਚੇਰੀ ਸਿੱਖਿਆ ਬਹੁਤ ਮਹਿੰਗੀ ਹੋ ਚੁੱਕੀ ਹੈ ਜੋ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਰਹੀ ਹੈ। ਨਿੱਜੀਕਰਨ ਅਤੇ ਸਰਕਾਰਾਂ ਦੀ ਅਣਗਹਿਲੀ ਇਸ ਨੂੰ ਦਿਨੋ ਦਿਨ ਮਹਿੰਗਾ ਕਰ ਰਹੀ ਹੈ। ਇਸ ਕਰ ਕੇ ਵਿਦਿਆਰਥੀਆਂ ਤੇ ਮਾਪਿਆਂ ਦੀ ਚਿੰਤਾ ਵਧਣਾ ਲਾਜ਼ਮੀ ਹੈ। ਉਚੇਰੀ ਸਿੱਖਿਆਂ ਪ੍ਰਾਪਤੀ ਹਿਤ ਤਰ੍ਹਾਂ-ਤਰ੍ਹਾਂ ਦੇ ਪਾਪੜ ਵੇਲਣ ਨੂੰ ਮਜਬੂਰ ਹੋਣਾ ਪੈ ਰਿਹਾ ਹੈ। ਦੇਸ਼ ਅੰਦਰ ਜ਼ਿਆਦਾਤਰ ਯੂਨੀਵਰਸਿਟੀਆਂ ਬਗੈਰ ਮਾਨਤਾ ਪ੍ਰਾਪਤ ਕੋਰਸ ਕਰਵਾ ਰਹੀਆਂ ਹਨ। ਕਿਤੇ ਮਾਪਦੰਡਾਂ ਅਨੁਸਾਰ ਦਾਖਲੇ ਨਹੀਂ ਹੁੰਦੇ ਤੇ ਕਿਤੇ ਡਿਗਰੀ ਮਾਨਤਾ ਪ੍ਰਾਪਤ ਨਹੀਂ ਹੁੰਦੀ। ਉਕਤ ਕਾਰਨਾਂ ਨੇ ਵੀ ਵਿਦਿਆਰਥੀਆਂ ਨੂੰ ਅਸ਼ਾਂਤੀ ਦੀ ਦਲਦਲ 'ਚ ਧੱਕਿਆ ਹੈ। ਆਲਮੀ ਪੱਧਰ 'ਤੇ ਖੁਦਕੁਸ਼ੀਆਂ ਦੇ ਇਸ ਵਰਤਾਰੇ ਨੇ ਬੁੱਧੀਜੀਵੀਆਂ ਅਤੇ ਚਿੰਤਕਾਂ ਨੂੰ ਸੋਚਾਂ ਵਿੱਚ ਪਾ ਦਿੱਤਾ ਹੈ। ਹਰ ਵਰਗ ਦੇ ਲੋਕ ਇਸ ਮੰਦਭਾਗੇ ਰੁਝਾਨ 'ਚ ਸ਼ਾਮਲ ਹੋ ਰਹੇ ਹਨ। ਇਸ ਦੇ ਕਾਰਨ ਤਾਂ ਹੋਰ ਬਹੁਤ ਸਾਰੇ ਹੋ ਸਕਦੇ ਹਨ ਪਰ ਜਦੋਂ ਤੱਕ ਮਨੁੱਖ ਆਪਣੀ ਬਰਦਾਸ਼ਤ ਕਰਨ ਦੀ ਸੀਮਾ ਨਹੀਂ ਵਧਾਉਂਦਾ ਉਦੋਂ ਤੱਕ ਖੁਦਕੁਸ਼ੀਆਂ ਦੇ ਰਾਹ ਪੈਂਦਾ ਰਹੇਗਾ। ਜ਼ਿੰਦਗੀ ਦੇ ਉਤਾਰ ਚੜ੍ਹਾਅ ਨੂੰ ਸਹਿਜਤਾ ਨਾਲ ਲਿਆ ਜਾਣਾ ਚਾਹੀਦਾ ਹੈ। ਹਰ ਤਰ੍ਹਾਂ ਦੇ ਹਾਲਾਤ ਨਾਲ ਨਜਿੱਠਣਾ ਹੀ ਸਭ ਤੋਂ ਵੱਡੀ ਬਹਾਦਰੀ ਹੈ। ਜੋ ਸੁੱਖ ਸਾਧਨ ਮੌਜੂਦ ਹਨ, ਉਨ੍ਹਾਂ ਦਾ ਆਨੰਦ ਲਿਆ ਜਾਵੇ; ਜੋ ਕੁਝ ਨਹੀਂ ਹੈ, ਉਸ ਦੀ ਪ੍ਰਾਪਤੀ ਲਈ ਮਿਹਨਤ ਕੀਤੀ ਜਾਵੇ। ਮਨੁੱਖ ਭਵਿੱਖ ਦੀ ਤਿਆਰੀ 'ਚ ਆਪਣਾ ਵਰਤਮਾਨ ਨਸ਼ਟ ਕਰ ਲੈਂਦਾ ਹੈ ਤੇ ਵਰਤਮਾਨ ਦਾ ਅਸਰ ਭਵਿੱਖ 'ਤੇ ਪੈਂਦਾ ਹੈ। ਮਨੁੱਖ ਦੂਜੇ ਸਫ਼ਲ ਲੋਕਾਂ ਤੋਂ ਪ੍ਰਭਾਵਿਤ ਹੋ ਕੇ ਜਲਦੀ ਉਨ੍ਹਾਂ ਵਾਂਗ ਸਫ਼ਲ ਹੋਣਾ ਲੋਚਦਾ ਹੈ ਪਰ ਉਨ੍ਹਾਂ ਲੋਕਾਂ ਦਾ ਸੰਘਰਸ਼, ਅਸਫ਼ਲਤਾ ਦੇ ਬਹੁਤ ਸਾਰੇ ਝਟਕਿਆਂ ਨੂੰ ਨਜ਼ਰਅੰਦਾਜ਼ ਕਰ ਦਿੰਦਾ ਹੈ। ਉਦਾਸੀ ਤੋਂ ਬਚਣ ਲਈ ਆਸਵੰਦ ਹੋਣਾ ਚਾਹੀਦਾ ਹੈ। ਆਸਵੰਦ ਹੋਣ ਲਈ ਚੰਗਾ ਸਾਹਿਤ ਪੜ੍ਹਨਾ ਜ਼ਰੂਰੀ ਹੈ; ਆਪਣੇ ਆਪ ਨੂੰ ਰੁੱਝੇ ਰੱਖਣਾ ਚਾਹੀਦਾ ਹੈ। ਮਨੁੱਖ ਨੂੰ ਇਹ ਗੱਲ ਸਦਾ ਚੇਤੇ ਰੱਖਣੀ ਚਾਹੀਦੀ ਹੈ ਕਿ ਜ਼ਿੰਦਗੀ ਸਿਰਫ਼ ਜਿਊਣ ਦਾ ਨਾਂ ਨਹੀਂ ਸਗੋਂ ਹੰਢਾਉਣ ਦਾ ਨਾਮ ਹੈ।

# ਅਕਾਲੀ ਦਲ ਸੱਤਾ ਵਿਚ ਆਇਆ ਤਾਂ ਰਾਜਸਥਾਨ ਤੇ ਹਰਿਆਣਾ ਨਾਲ ਕੀਤੇ ਪਾਣੀਆਂ ਦੇ ਸਮਝੌਤੇ ਰੱਦ ਕਰੇਗਾ : ਸੁਖਬੀਰ ਸਿੰਘ ਬਾਦਲ

## ਪੰਜਾਬੀਆਂ ਨੂੰ ਜਾਅਲੀ ਐਂਟਰੀਆਂ ਪਾ ਕੇ ਸੂਬੇ ਵਿਚ ਸਾਰੀ ਖੇਤੀ ਜ਼ਮੀਨ ਨੂੰ ਨਹਿਰੀ ਪਾਣੀ ਲੱਗਣ ਦੇ ਦਾਅਵੇ ਦੇ ਆਧਾਰ 'ਤੇ ਪੰਜਾਬ ਦੇ ਪਾਣੀ ਹਰਿਆਣਾ ਤੇ ਦਿੱਲੀ ਨੂੰ ਦੇਣ ਦੀ ਆਪ ਸਰਕਾਰ ਦੀ ਸਾਜ਼ਿਸ਼ ਨੂੰ ਮੁੱਢੋਂ ਹੀ ਅਸਫਲ ਕਰਨ ਦੀ ਕੀਤੀ ਅਪੀਲ

**ਫਰੀਦਕੋਟ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਦਰਿਆਈ ਪਾਣੀਆਂ ਦੀ ਰਾਖੀ ਵਾਸਤੇ ਆਉਂਦੀਆਂ ਸੰਸਦੀ ਚੋਣਾਂ ਵਿਚ ਆਮ ਆਦਮੀ ਪਾਰਟੀ (ਆਪ) ਨੂੰ ਰੱਦ ਕਰ ਦੇਣ ਅਤੇ ਉਹਨਾਂ ਐਲਾਨ ਕੀਤਾ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਗੁਆਂਢੀ ਰਾਜਾਂ ਨਾਲ ਕੀਤੇ ਗਏ ਪਾਣੀਆਂ ਦੇ ਸਮਝੌਤੇ ਰੱਦ ਕਰੇਗੀ।

ਅਕਾਲੀ ਦਲ ਦੇ ਪ੍ਰਧਾਨ, ਜਿਹਨਾਂ ਇਥੇ ਫਰੀਦਕੋਟ, ਨਿਹਾਲ ਸਿੰਘ ਵਾਲਾ, ਧਰਮਕੋਟ ਅਤੇ ਮੋਗਾ ਵਿਚ ਵਿਸ਼ਾਲ ਰੈਲੀਆਂ ਨੂੰ ਸੰਬੋਧਨ ਕੀਤਾ, ਨੇ ਜ਼ੋਰ ਦੇ ਕੇ ਕਿਹਾ ਕਿ ਰਾਜਸਥਾਨ ਕੋਲ ਪੰਜਾਬ ਦੇ ਦਰਿਆਈ ਪਾਣੀ ਹਾਸਲ ਕਰਨ ਦਾ ਕੋਈ ਹੱਕ ਨਹੀਂ ਹੈ ਕਿਉਂਕਿ ਉਹ ਗੈਰ ਰਾਈਪੇਰੀਅਨ ਰਾਜ ਹੈ। ਉਹਨਾਂ ਕਿਹਾ ਕਿ 1955 ਵਿਚ ਕਾਂਗਰਸ ਦੀ ਸਰਕਾਰ ਨੇ ਪੰਜਾਬ ਦਾ 16 ਐਮ ਏ ਐਫ ਪਾਣੀ ਰਾਜਸਥਾਨ ਨੂੰ ਦੇ ਦਿੱਤਾ ਸੀ। ਉਹਨਾਂ ਕਿਹਾ ਕਿ ਇਸ ਕਾਰਣ ਮਾਲਵਾ ਪੱਟੀ ਨੂੰ ਬਹੁਤ ਨੁਕਸਾਨ ਪੁੱਜਾ। ਉਹਨਾਂ ਕਿਹਾ ਕਿ ਅੱਜ ਜ਼ਮੀਨ ਹੇਠਾਂ ਕਈ ਥਾਵਾਂ 'ਤੇ ਪਾਣੀ 1500 ਫੁੱਟ ਹੇਠਾਂ ਚਲਾ ਗਿਆ ਹੈ ਤੇ ਉਥੇ ਖੇਤੀ ਵਾਸਤੇ ਪਾਣੀ ਯੋਗ ਨਹੀਂ ਰਿਹਾ। ਉਹਨਾਂ ਕਿਹਾ ਕਿ ਸੂਬੇ ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਅਸੀਂ ਸੂਬੇ ਨਾਲ ਦਰਿਆਈ ਪਾਣੀਆਂ ਦੀ ਸਾਂਝ ਬਾਰੇ ਕੀਤੇ ਸਾਰੇ ਸਮਝੌਤੇ ਰੱਦ ਕਰਾਂਗੇ ਤਾਂ ਜੋ ਤੁਹਾਡੇ ਖੇਤਾਂ ਨੂੰ ਪਾਣੀ ਮਿਲ ਸਕੇ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਆਪ ਸਰਕਾਰ ਵੱਲੋਂ ਪੰਜਾਬ ਦਾ ਅੱਧਾ ਦਰਿਆਈ ਪਾਣੀ ਐਸ ਵਾਈ ਐਲ ਨਹਿਰ ਰਾਹੀਂ ਹਰਿਆਣਾ ਨੂੰ ਦੇਣ ਦੀ ਸਾਜ਼ਿਸ਼ ਨੂੰ ਮੁੱਢੋਂ ਹੀ ਖਤਮ ਕਰ ਦੇਣ। ਉਹਨਾਂ ਕਿਹਾ ਕਿ ਭਾਵੇਂ ਪੰਜਾਬ ਦਾ ਇਸਦੇ ਖੇਤਰ ਵਿਚੋਂ ਲੰਘਦੇ ਸਾਰੇ ਦਰਿਆਵਾਂ ਦੇ ਪਾਣੀਆਂ 'ਤੇ ਅਨਿੱਖੜਵਾਂ ਹੱਕ ਹੈ ਪਰ ਤਹਿਤ ਨਹਿਰੀ ਪਾਣੀ ਨਾਲ ਸਿੰਜਣ ਵਾਲੀ ਧਰਤੀ ਦਾ ਸਰਵੇਖਣ ਕਰ ਕੇ ਇਸਦੀ ਰਿਪੋਰਟ ਸੁਪਰੀਮ ਕੋਰਟ ਵਿਚ ਪੇਸ਼ ਕਰ ਕੇ ਸੂਬੇ ਦਾ ਪਾਣੀ ਹਰਿਆਣਾ ਨੂੰ ਦੇਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ। ਉਹਨਾਂ ਕਿਹਾ ਕਿ ਇਸ ਮੁਤਾਬਕ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ ਨਹਿਰੀ ਪਟਵਾਰੀਆਂ ਤੇ ਮਾਲ ਵਿਭਾਗ ਦੇ ਸਟਾਫ ਨੂੰ ਹੁਕਮ ਦਿੱਤਾ ਹੈ ਕਿ ਉਹ ਜਾਅਲੀ ਸਰਵੇਖਣ ਤਿਆਰ ਕਰਨ ਕਿ ਪੰਜਾਬ ਵਿਚ 100 ਫੀਸਦੀ ਖੇਤਾਂ ਲਈ ਨਹਿਰੀ ਪਾਣੀ ਉਪਲਬਧ ਹੈ ਜਦੋਂ ਕਿ ਅਸਲ ਵਿਚ ਸਿਰਫ 23 ਫੀਸਦੀ ਖੇਤਾਂ ਤੱਕ ਹੀ ਨਹਿਰੀ ਪਾਣੀ ਪਹੁੰਚਦਾ ਹੈ। ਉਹਨਾਂ ਕਿਹਾ ਕਿ ਅਜਿਹਾ ਆਪ ਮੁਖੀ ਅਰਵਿੰਦ ਕੇਜਰੀਵਾਲ ਦੇ ਹੁਕਮਾਂ 'ਤੇ ਕੀਤਾ ਜਾ ਰਿਹਾ ਹੈ ਜਿਹਨਾਂ ਨੇ ਪਹਿਲਾਂ ਹੀ ਹਰਿਆਣਾ ਤੇ ਦਿੱਲੀ ਦੇ ਲੋਕਾਂ ਨਾਲ ਵਾਅਦਾ ਕੀਤਾ ਹੈ ਕਿ ਉਹ ਐਸ ਵਾਈ ਐਲ ਨਹਿਰ ਦਾ ਪਾਣੀ ਲਿਆ ਕੇ ਦੇਣਗੇ। ਉਹਨਾਂ ਕਿਹਾ ਕਿ ਆਪ ਇਸ ਕਦਮ ਨਾਲ ਹਰਿਆਣਾ ਤੇ ਦਿੱਲੀ ਵਿਚ ਸਿਆਸੀ ਲਾਹਾ ਲੈਣਾ ਚਾਹੁੰਦੀ ਹੈ।

ਅਕਾਲੀ ਦਲ ਦੇ ਪ੍ਰਧਾਨ ਨੇ ਆਪ ਸਰਕਾਰ ਵੱਲੋਂ ਸਰਕਾਰ ਦੇ ਗੈਰ ਕਾਨੂੰਨੀ ਹੁਕਮ ਮੰਨਣ ਤੋਂ ਇਨਕਾਰੀ 400 ਨਹਿਰੀ ਪਟਵਾਰੀਆਂ ਨੂੰ ਮੁਅੱਤਲ ਕਰਨ ਦੇ ਹੁਕਮਾਂ ਦੀ ਸਖ਼ਤ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਅਸੀਂ ਪਟਵਾਰੀਆਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹਾ ਹਾਂ ਤੇ ਯਕੀਨੀ ਬਣਾਵਾਂਗੇ ਕਿ ਇਹਨਾਂ ਦਾ ਕੋਈ ਨੁਕਸਾਨ ਨਾ ਹੋਵੇ।

ਉਹਨਾਂ ਕਿਹਾ ਕਿ ਅਸੀਂ ਇਸ ਪੰਜਾਬ ਵਿਰੋਧੀ ਸਰਕਾਰ ਨੂੰ ਮਜਬੂਰ ਕਰਾਂਗੇ ਕਿ ਉਹ ਹਰਿਆਣਾ ਨੂੰ ਪਾਣੀ ਦੇਣ ਦਾ ਆਪਣਾ ਫੈਸਲਾ ਵਾਪਸ ਲਵੇ ਅਤੇ ਅਸੀਂ ਇਸ ਵਾਸਤੇ ਕੋਈ ਵੀ ਕੁਰਬਾਨੀ ਦੇਣ ਲਈ ਤਿਆਰ ਹਾਂ।

ਸਰਦਾਰ ਬਾਦਲ ਨੇ ਫਰੀਦਕੋਟ ਪਾਰਲੀਮਾਨੀ ਹਲਕੇ ਬਾਰੇ ਅਕਾਲੀ ਦਲ ਦੀ ਸਰਕਾਰ ਵੇਲੇ ਹੋਏ ਕੰਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਇਸ ਇਲਾਕੇ ਵਿਚੋਂ ਸੇਮ ਦੀ ਸਮੱਸਿਆ ਖਤਮ ਕੀਤੀ ਤੇ ਤੁਹਾਡੀਆਂ ਜ਼ਮੀਨਾਂ ਨੂੰ ਵਾਹੀਯੋਗ ਬਣਾਇਆ। ਉਹਨਾਂ ਕਿਹਾ ਕਿ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਤੁਹਾਨੂੰ ਸਿੰਜਾਈ ਸਹੂਲਤਾਂ ਮਿਲੀਆਂ ਤੇ ਤੁਹਾਡੇ ਖੇਤਾਂ ਵਿਚ ਅੰਡਰ ਗਰਾਊਂਡ ਪਾਈਪ ਵੀ ਪਾਏ ਗਏ।

ਸਰਦਾਰ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਜਦੋਂ ਉਹਨਾਂ ਅਗਲੇ ਮਹੀਨੇ ਦੀ 1 ਤਾਰੀਕ ਨੂੰ ਵੋਟਾਂ ਪਾਉਣੀਆਂ ਹਨ ਤਾਂ ਉਹ 1 ਜੂਨ 1984 ਚੇਤੇ ਰੱਖਣ। ਉਹਨਾਂ ਕਿਹਾ ਕਿ ਤੁਸੀਂ ਚੇਤੇ ਰੱਖਿਓ ਕਿ ਇਸ ਦਿਨ ਸ੍ਰੀ ਦਰਬਾਰ ਸਾਹਿਬ 'ਤੇ ਇੰਦਰਾ ਗਾਂਧੀ ਨੇ ਟੈਂਕਾਂ ਤੇ ਤੋਪਾਂ ਨਾਲ ਹਮਲਾ ਕੀਤਾ ਸੀ। ਇਸ ਮਗਰੋਂ ਕਾਂਗਰਸ ਪਾਰਟੀ ਨੇ ਦਿੱਲੀ ਤੇ ਦੇਸ਼ ਦੇ ਹੋਰ ਸ਼ਹਿਰਾਂ ਵਿਚ ਸਿੱਖਾਂ ਦਾ ਕਤਲੇਆਮ ਕਰਵਾਇਆ ਸੀ। ਉਹਨਾਂ ਕਿਹਾ ਕਿ ਕੀਤੇ ਗੁਨਾਹਾਂ ਲਈ ਕੋਈ ਵੀ ਪੰਜਾਬੀ ਕਾਂਗਰਸ ਨੂੰ ਮੁਆਫ ਨਹੀਂ ਕਰ ਸਕਦਾ।

ਫਰੀਦਕੋਟ ਤੋਂ ਅਕਾਲੀ ਦਲ ਦੇ ਉਮੀਦਵਾਰ ਰਾਜਵਿੰਦਰ ਸਿੰਘ ਨੇ ਦੱਸਿਆ ਕਿ ਕਿਵੇਂ ਕਾਂਗਰਸ ਤੇ ਆਪ ਨੇ ਕਿਸਾਨਾਂ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਨਾਲ ਵਿਤਕਰਾ ਕੀਤਾ। ਉਹਨਾਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਜਿਹਨਾਂ ਦੋਵਾਂ ਪਾਰਟੀਆਂ ਨੇ ਝੂਠੇ ਵਾਅਦਿਆਂ ਨਾਲ ਤੁਹਾਡੇ ਨਾਲ ਧੋਖਾ ਕੀਤਾ, ਉਹਨਾਂ ਨੂੰ ਸਬਕ ਸਿਖਾਇਆ ਜਾਵੇ।

ਪਾਰਟੀ ਦੇ ਸੀਨੀਅਰ ਆਗੂ ਪਰਮਬੰਸ ਸਿੰਘ ਰੋਮਾਣਾ ਨੇ ਦੱਸਿਆ ਕਿ ਕਿਵੇਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਤਖਤ ਸ੍ਰੀ ਹਜ਼ੂਰ ਸਾਹਿਬ ਤੇ ਸ੍ਰੀ ਪਟਨਾ ਸਾਹਿਬ 'ਤੇ ਆਰ ਐਸ ਐਸ ਦਾ ਕਬਜ਼ਾ ਕਰਵਾਉਣਾ ਚਾਹੁੰਦੀ ਹੈ।ਉਹਨਾਂ ਕਿਹਾ ਕਿ ਹਰਿਆਣਾ ਵਿਚ ਵੱਖਰੀ ਗੁਰਦੁਆਰਾ ਕਮੇਟੀ ਦੀ ਸਥਾਪਨਾ ਵਿਚ ਕੇਂਦਰ ਸਰਕਾਰ ਦਾ ਵੀ ਪੂਰਾ ਹੱਥ ਹੈ ਤੇ ਜੇਕਰ ਤੁਸੀਂ ਆਪਣੀਆਂ ਵੋਟਾਂ ਨਾਲ ਇਸਨੂੰ ਨਾ ਰੋਕਿਆ ਤਾਂ ਇਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਹੋਰ ਨੁਕਸਾਨ ਕਰੇਗੀ।

ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਪਰਮਬੰਸ ਸਿੰਘ ਰੋਮਾਣਾ, ਬਲਦੇਵ ਸਿੰਘ ਮਾਣੂਕੇ, ਬਲਜਿੰਦਰ ਸਿੰਘ ਮੱਖਣ ਬਰਾੜ ਅਤੇ ਸਨੀ ਗਿੱਲ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

# ਤੀਸਰੀ ਵਾਰ ਸੁਰੇਸ਼ ਬਾਂਸਲ ਨੂੰ ਸਰਬ ਸੰਮਤੀ ਨਾਲ ਬਣਾਇਆ ਗਿਆ ਸਿਟੀ ਲਾਈਟ ਕਲੱਬ ਧੂਰੀ ਦਾ ਪ੍ਰਧਾਨ

**ਧੂਰੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਟੀ ਲਾਈਟ ਕਲੱਬ ਧੂਰੀ ਵੱਲੋਂ ਬੀਤੀ ਰਾਤ ਰੋਇਲ ਰੈਸਟੋਰੈਂਟ ਧੂਰੀ ਵਿਖੇ ਇੱਕ ਡਿਨਰ ਮੀਟਿੰਗ ਚੇਅਰਮੈਨ ਸੰਜੀਵ ਜਿੰਦਲ ਜੀ ਦੀ ਅਗਵਾਈ ਵਿੱਚ ਰੱਖੀ ਗਈ। ਜਿਸ ਦੇ ਵਿੱਚ ਸਾਲ 2024-25 ਲਈ ਕਲੱਬ ਦੀ ਨਵੀਂ ਕਮੇਟੀ ਦੀ ਚੋਣ ਹੋਈ। ਸਾਰੇ ਹੀ ਮੈਂਬਰਾਂ ਨੇ ਸਰਬ ਸੰਮਤੀ ਨਾਲ ਸੁਰੇਸ਼ ਬੰਸਲ ਜੀ ਨੂੰ ਤੀਸਰੀ ਵਾਰ ਕਲੱਬ ਦਾ ਪ੍ਰਧਾਨ ਬਣਾਇਆ ਅਤੇ ਬਾਕੀ ਕਮੇਟੀ ਬਣਾਉਣ ਦੇ ਅਧਿਕਾਰ ਉਹਨਾਂ ਨੂੰ ਸੌਂਪ ਦਿੱਤੇ। ਉਨਾਂ ਨੇ ਨੀਲੂ ਮਿੱਤਲ ਨੂੰ ਜਨਰਲ ਸੈਕਟਰੀ, ਮਨੋਜ ਗੁਪਤਾ ਜੀ ਨੂੰ



ਉਪ ਪ੍ਰਧਾਨ, ਰਾਜੇਸ਼ ਗੋਇਲ ਰਾਜੀ ਜੀ ਨੂੰ ਕੈਸ਼ੀਅਰ ਅਤੇ ਪਦਮ ਗੋਇਲ ਜੀ ਨੂੰ ਉਪ ਕੈਸ਼ੀਅਰ ਦੀ ਜਿੰਮੇਵਾਰੀ ਦਿੱਤੀ। ਕਲੱਬ ਵੱਲੋਂ ਨਵੇਂ ਮੈਂਬਰ ਬਣੇ ਵਿਪਨ ਗੋਇਲ ਅਤੇ ਅੰਕੁਰ ਸਿੰਗਲਾ ਜੀ ਦਾ ਵੀ ਸਵਾਗਤ ਕੀਤਾ ਗਿਆ। ਚੋਣ ਉਪਰੰਤ ਕਲੱਬ ਦੀਆਂ ਆਗਾਮੀ ਗਤੀਵਿਧੀਆਂ ਬਾਰੇ ਚਰਚਾ ਕੀਤੀ ਗਈ। ਜਿਸ ਦੇ ਵਿੱਚ 24 ਮਈ ਨੂੰ ਛਬੀਲ ਲੋਹਾ ਬਜ਼ਾਰ ਵਿੱਚ ਅਤੇ 1 ਜੂਨ ਨੂੰ ਜਲਜੀਰੇ ਦੀ ਛਬੀਲ ਬੀ.ਡੀ.ਓ ਆਫਿਸ ਦੇ ਨਜ਼ਦੀਕ ਅਤੇ ਜੁਲਾਈ ਮਹੀਨੇ ਦੇ ਵਿੱਚ ਇੱਕ ਬਲੱਡ ਡੋਨੇਸ਼ਨ ਕੈਂਪ ਵੀ ਲਗਾਇਆ ਜਾਵੇਗਾ।

# ਟ੍ਰਾਈਡੈਂਟ ਲਿਮਟਿਡ ਨੇ ਵਿੱਤੀ ਸਾਲ 2024-25 ਲਈ ਆਮਦਨ ਅਤੇ ਐਬੀਟਿਡਾ ਵਿੱਚ ਵਾਧੇ ਦੀ ਰਿਪੋਰਟ ਕੀਤੀ, ਪ੍ਰਤੀ ਸ਼ੇਅਰ 0.36 ਰੁਪਏ ਦੇ ਅੰਤਰਿਮ ਡਿਵੀਡੈਂਡ ਦਾ ਕੀਤਾ ਐਲਾਨ

**ਬਰਨਾਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟ੍ਰਾਈਡੈਂਟ ਲਿਮਿਟੇਡ ਨੇ ਵਿੱਤੀ ਸਾਲ 2023-24 ਲਈ ਮਜ਼ਬੂਤ ਵਿੱਤੀ ਨਤੀਜਿਆਂ ਦਾ ਐਲਾਨ ਕੀਤਾ ਹੈ। 31 ਮਾਰਚ ਨੂੰ ਖਤਮ ਹੋਈ ਚੌਥੀ ਤਿਮਾਹੀ ਅਤੇ ਪਿਛਲੇ ਵਿੱਤੀ ਸਾਲ ਲਈ ਆਪਣੇ ਵਿੱਤੀ ਨਤੀਜੇ ਜਾਰੀ ਕਰਦੇ ਹੋਏ, ਕੰਪਨੀ ਨੇ ਆਪਣੀ ਆਮਦਨ, ਵਿਕਰੀ , ਐਬੀਟਿਡਾ ਅਤੇ ਸ਼ੁੱਧ ਲਾਭ ਵਿੱਚ ਵਾਧਾ ਦਰਜ ਕੀਤਾ ਹੈ। ਇਸ ਦੇ ਨਾਲ ਹੀ ਕੰਪਨੀ ਨੇ ਵਿੱਤੀ ਸਾਲ 2023-24 ਲਈ ਸ਼ੇਅਰਧਾਰਕਾਂ ਨੂੰ 0.36 ਰੁਪਏ ਪ੍ਰਤੀ ਸ਼ੇਅਰ ਦੇ ਅੰਤਰਿਮ ਡਿਵੀਡੈਂਡ ਦਾ ਵੀ ਐਲਾਨ ਕੀਤਾ ਹੈ। ਟ੍ਰਾਈਡੈਂਟ ਲਿਮਟਿਡ, ਭਾਰਤ ਵਿੱਚ ਵੱਖ-ਵੱਖ ਸੈਕਟਰਾਂ ਵਿੱਚ ਕੰਮ ਕਰ ਰਹੀ ਹੈ, ਟੈਕਸਟਾਈਲ (ਯਾਰਨ, ਬਾਥ ਅਤੇ ਬੇਡ ਲਿਨਨ), ਕਾਗਜ਼ (ਕਣਕ ਦੀ ਤੂੜੀ-ਅਧਾਰਿਤ) ਅਤੇ ਰਸਾਇਣਾਂ ਦੀ ਇੱਕ ਲੰਬਕਾਰੀ ਏਕੀਕ੍ਰਿਤ ਨਿਰਮਾਤਾ ਹੈ।

ਵਿੱਤੀ ਸਾਲ 2024 ਲਈ ਕੰਪਨੀ ਦੀ ਕੁੱਲ ਆਮਦਨ 8 ਫੀਸਦੀ ਵਧ ਕੇ 6867 ਕਰੋੜ ਰੁਪਏ ਹੋ ਗਈ, ਜੋ ਪਿਛਲੇ ਸਾਲ ਦੀ ਇਸੇ ਮਿਆਦ 'ਚ 6357 ਕਰੋੜ ਰੁਪਏ ਦਰਜ ਕੀਤੀ ਗਈ ਸੀ। ਕੰਪਨੀ ਦਾ ਐਬੀਟਿਡਾ ਵਿੱਤੀ ਸਾਲ 2024 ਵਿਚ 998 ਕਰੋੜ ਰੁਪਏ ਸੀ, ਜਦੋਂ ਕਿ ਵਿੱਤੀ ਸਾਲ 2023 ਵਿੱਚ ਇਹ 971 ਕਰੋੜ ਰੁਪਏ ਸੀ। ਵਿੱਤੀ ਸਾਲ 2024 ਲਈ ਕੰਪਨੀ ਦਾ ਏਕੀਕ੍ਰਿਤ ਸ਼ੁੱਧ ਲਾਭ (ਪੀਏਟੀ) 350 ਕਰੋੜ ਰੁਪਏ ਰਿਹਾ ਜਦੋਂ ਕਿ ਵਿੱਤੀ ਸਾਲ 2023 ਲਈ ਕੰਪਨੀ ਦਾ ਸ਼ੁੱਧ ਲਾਭ 442 ਕਰੋੜ ਰੁਪਏ ਦਰਜ ਕੀਤਾ ਗਿਆ। ਵਿੱਤੀ ਸਾਲ 24 ਵਿੱਚ, 31 ਮਾਰਚ 2024 ਤੱਕ ਕੰਪਨੀ 'ਤੇ ਸ਼ੁੱਧ ਕਰਜ਼ਾ 1534 ਕਰੋੜ ਰੁਪਏ ਸੀ, ਜਦੋਂ ਕਿ 31 ਮਾਰਚ 2023 ਤੱਕ ਇਹ 1022 ਕਰੋੜ ਰੁਪਏ ਸੀ।

ਕੰਪਨੀ ਦੇ ਵਿੱਤੀ ਨਤੀਜਿਆਂ 'ਤੇ ਟਿੱਪਣੀ ਕਰਦੇ ਹੋਏ, ਸ਼੍ਰੀ ਦੀਪਕ ਨੰਦਾ, ਮੈਨੇਜਿੰਗ ਡਾਇਰੈਕਟਰ, ਟ੍ਰਾਈਡੈਂਟ ਲਿਮਿਟੇਡ, ਨੇ ਕਿਹਾ, ਟ੍ਰਾਈਡੈਂਟ ਲਿਮਿਟੇਡ ਦੀ ਚੌਥੀ ਤਿਮਾਹੀ ਅਤੇ ਵਿੱਤੀ ਸਾਲ 24 ਦੇ ਨਤੀਜੇ ਸਪੱਸ਼ਟ ਤੌਰ 'ਤੇ ਦਰਸਾਉਂਦੇ ਹਨ ਕਿ ਚੁਣੌਤੀਪੂਰਨ ਆਰਥਿਕ ਸਥਿਤੀਆਂ ਦੇ ਵਿਚਕਾਰ, ਸਾਡੀ ਕੰਪਨੀ ਨੇ ਸਾਲ-ਦਰ-ਸਾਲ ਵਿਕਾਸ ਦਰਸਾਇਆ ਹੈ। ਵਿੱਤੀ ਸਾਲ 23 ਦੀ ਆਖਰੀ ਤਿਮਾਹੀ ਵਿੱਚ ਸ਼ੁਰੂ ਹੋਈ ਪਰਿਵਰਤਨ ਯਾਤਰਾ ਜਾਰੀ ਹੈ।

ਕਪਾਹ ਦੀਆਂ ਕੀਮਤਾਂ 'ਚ ਨਰਮੀ ਕਾਰਨ ਟੈਕਸਟਾਈਲ ਸੈਕਟਰ 'ਚ ਕੀਮਤਾਂ ਦਾ ਦਬਾਅ ਦੇਖਣ ਨੂੰ ਮਿਲਿਆ, ਜਦਕਿ ਭਾਰੀ ਦਰਾਮਦ ਕਾਰਨ ਕਾਗਜ਼ ਦੀਆਂ ਕੀਮਤਾਂ 'ਤੇ ਦਬਾਅ ਰਿਹਾ।"

ਉਨ੍ਹਾਂ ਨੇ ਕਿਹਾ ਕਿ ਟ੍ਰਾਈਡੈਂਟ ਲਿਮਿਟੇਡ ਦੀ ਸਾਡੀ ਮੈਨਿਊਫੈਕਚਰਿੰਗ ਸਮਰੱਥਾਵਾਂ ਤੋਂ ਅਸੀਂ ਪੂਰੀ ਤਰ੍ਹਾਂ ਨਾਲ ਆਸ਼ਵਸਤ ਹਾਂ ਅਤੇ ਸਾਡੇ ਹੋਮ ਟੇਕਸਟਾਈਲ ਸੇਗਮੈਂਟ ਵਿੱਚ ਲਗਾਤਾਰ ਵਧ ਰਹੇ ਆਰਡਰ ਬੁਕ ਅਤੇ ਵੌਲਯੂਮ ਤੋਂ ਇਹ ਪਤਾ ਲਗਦਾ ਹੈ। ਅਸੀਂ ਆਪਣੀ ਸਮਰੱਥਾ ਨੂੰ ਵਧਾਉਣ ਲਈ ਇਸ ਸਾਲ 785 ਕਰੋੜ ਰੁਪਏ ਦਾ ਨਿਵੇਸ਼ ਕੀਤਾ ਹੈ ਜਿਸ ਕਰਕੇ ਸਾਡੀ ਉਤਪਾਦਨ ਸਮਰੱਥਾ ਵਿੱਚ ਇਜਾਫਾ ਹੋਵੇਗਾ ਅਤੇ ਅਗਲੇ ਸਾਲ ਇਹ ਵੌਲਯੂਮ ਵਿੱਚ ਵੀ ਦਿਖਾਈ ਦੇਵੇਗਾ। ਅਸੀਂ ਸ਼ੁੱਧ ਕਰਜ਼ੇ ਨੂੰ ਘੱਟ ਕਰਨ ਅਤੇ ਬੈਲੇਂਸ ਸ਼ੀਟ ਨੂੰ ਮਜ਼ਬੂਤ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੇ ਹਾਂ। ਸੀਜਨ ਦੇ ਦੌਰਾਨ ਕਪਾਹ ਖਰੀਦਣ ਲਈ ਕੀਤੇ ਗਏ ਕੈਪੀਟਲ ਖਰਚ ਅਤੇ ਕਰਜ਼ੇ ਦੇ ਬਾਵੂ ?ਜੁਦ ਵੀ, ਸਾਡਾ ਸ਼ੁੱਧ ਕਰਜ਼ਾ ਉਸ ਹਦ ਤਕ ਨਹੀ ਵਧਿਆ ਹੈ ।

ਈ.ਐਸ.ਜੀ (ਐਨਵਾਈਰਮੈਂਟ, ਸੋਸ਼ਲ ਅਤੇ ਗਵਰਨੈਂਸ) ਸਮੇਂ ਦੀ ਲੋੜ ਹੈ ਅਤੇ ਕੰਪਨੀ ਨਵਿਆਉਣ ਯੋਗ ਊਰਜਾ ਦੇ ਨਾਲ-ਨਾਲ ਜੈਵਿਕ ਇੰਧਨ ਨੂੰ ਘਟਾਉਣ ਸਮੇਤ ਟਿਕਾਊ ਪ੍ਰੋਜੈਕਟਾਂ 'ਤੇ ਵਧੇਰੇ ਧਿਆਨ ਕੇਂਦਰਤ ਕਰ ਰਹੀ ਹੈ। ਪ੍ਰਕਿਰਿਆ ਨਿਯੰਤਰਣ 'ਤੇ ਵਧੇਰੇ ਧਿਆਨ ਕੇਂਦ੍ਰਤ ਕਰਦੇ ਹੋਏ, ਕੰਪਨੀ ਨੇ ਬਾਥ ਲਿਨਨ ਡਿਵੀਜ਼ਨ ਲਈ ਨਵੇਂ ਐਸ.ਏ.ਪੀ ਰੂਪਾਂ ਨੂੰ ਦੁਬਾਰਾ ਲਾਗੂ ਕੀਤਾ ਹੈ।

ਅੱਗੇ ਵਧਦੇ ਹੋਏ, ਅਸੀਂ ਆਪਣੇ ਵੋਲਯੂਮ, ਵੈਲਯੂ ਐਡਿਡ ਉਤਪਾਦਾਂ ਅਤੇ ਈ.ਐਸ.ਜੀ ਨੂੰ ਬਿਹਤਰ ਬਣਾਉਣ 'ਤੇ ਧਿਆਨ ਕੇਂਦਰਿਤ ਕਰਨਾ ਜਾਰੀ ਰੱਖਾਂਗੇ। ਇਸ ਫਾਊਂਡੇਸ਼ਨ ਦੇ ਨਾਲ, ਟ੍ਰਾਈਡੈਂਟ ਲਿਮਿਟੇਡ ਆਉਣ ਵਾਲੇ ਸਮੇਂ ਵਿੱਚ ਟਿਕਾਊ ਵਿਕਾਸ ਅਤੇ ਨਵੀਨਤਾ ਦੀ ਆਪਣੀ ਯਾਤਰਾ ਨੂੰ ਜਾਰੀ ਰੱਖਣ ਲਈ ਤਿਆਰ ਹੈ।

ਪਿਛਲੇ ਵਿੱਤੀ ਸਾਲ 2024 ਲਈ ਯਾਰਨ ਕਾਰੋਬਾਰ ਦੀ ਸਟੈਂਡਅਲੋਨ ਆਮਦਨ 2.5 ਫੀਸਦੀ ਵਧ ਕੇ 3262 ਕਰੋੜ ਰੁਪਏ ਹੋ ਗਈ। ਵਿੱਤੀ ਸਾਲ 2023 ਵਿੱਚ ਯਾਰਨ ਕਾਰੋਬਾਰ ਦੀ ਸਟੈਂਡਅਲੋਨ ਆਮਦਨ 3182 ਕਰੋੜ ਰੁਪਏ ਸੀ।

ਹੋਮ ਟੈਕਸਟਾਈਲ ਵਿੱਚ, ਬਾਥ ਅਤੇ ਬੇਡ ਲਿਨਨ ਦੀ ਸਟੈਂਡਅਲੋਨ ਆਮਦਨ ਪਿਛਲੇ ਸਾਲ ਦੇ 3426 ਕਰੋੜ ਰੁਪਏ ਦੇ ਮੁਕਾਬਲੇ 11 ਪ੍ਰਤੀਸ਼ਤ ਵੱਧ ਕੇ 3814 ਕਰੋੜ ਰੁਪਏ ਹੋ ਗਈ ਹੈ।

ਕਾਗਜ਼ ਅਤੇ ਰਸਾਇਣਾਂ ਤੋਂ ਆਮਦਨ 1146 ਕਰੋੜ ਰੁਪਏ ਹੋਈ । ਜਦੋਂ ਕਿ ਵਿੱਤੀ ਸਾਲ 23 ਵਿੱਚ ਇਹ 1344 ਕਰੋੜ ਰੁਪਏ ਦਰਜ ਕੀਤਾ ਗਿਆ ਸੀ।

ਕੰਪਨੀ ਨੇ 1397 ਕਰੋੜ ਰੁਪਏ ਦੇ ਪੂੰਜੀਗਤ ਨਿਵੇਸ਼ ਨੂੰ ਪੂਰਾ ਕਰਨ ਲਈ ਵਿੱਤੀ ਸਾਲ 23-24 ਵਿੱਚ 785 ਕਰੋੜ ਰੁਪਏ ਦਾ ਵਾਧੂ ਨਿਵੇਸ਼ ਕੀਤਾ। ਇਹ ਨਿਵੇਸ਼ ਵਿਸਥਾਰ ਦੇ ਵੱਖ-ਵੱਖ ਪੜਾਵਾਂ ਵਿੱਚ ਚੱਲ ਰਹੇ ਸਪਿਨਿੰਗ, ਸ਼ੀਟਿੰਗ ਅਤੇ ਟੋਵੇਲ ਪ੍ਰੋਜੈਕਟਾਂ ਨੂੰ ਪੂਰਾ ਕਰਨ ਅਤੇ ਕੋਜਨ ਪਾਵਰ ਪਲਾਂਟ ਅਤੇ ਸੋਲਰ ਪਾਵਰ ਪਲਾਂਟ ਵਿੱਚ ਵਾਧੂ ਸਮਰੱਥਾ ਜੋੜਨ ਲਈ ਵੀ ਮਹੱਤਵਪੂਰਨ ਹੈ।

ਸਾਲ ਦੇ ਦੌਰਾਨ, ਕੰਪਨੀ ਨੇ 42 ਲੂਮ (7200 ਟਨ/ਸਾਲਾਨਾ) ਸਥਾਪਿਤ ਕਰਕੇ ਟੋਵੇਲ ਸੇਗਮੈਂਟ ਦੀ ਉਤਪਾਦਨ ਸਮੱਰਥਾ ਦਾ ਵਿਸਥਾਰ ਕੀਤਾ ਅਤੇ ਪ੍ਰੋਸੈਸ ਹਾਊਸ ਅਤੇ ਸੀ.ਐਸ.ਪੀ ਵਿੱਚ 10.8 ਮਿਲੀਅਨ ਮੀਟਰ ਤੱਕ ਫਾਈਨ ਕਾਊਂਟ ਵਧਦੀ ਅਤੇ ਸ਼ੀਟਿੰਗ ਸੇਗਮੈਂਟ ਦੇ ਲਈ 1,89,696 ਸਪਿੰਡਲਾਂ ਸਥਾਪਿਤ ਕਰਕੇ ਯਾਰਨ ਸੇਗਮੈਂਟ ਦੀ ਉਤਪਾਦਨ ਸਮਰੱਥਾ ਦਾ ਵਿਸਥਾਰ ਕੀਤਾ।

ਊਰਜਾ ਖੇਤਰ ਵਿੱਚ ਕੀਤਾ ਗਿਆ ਕੁੱਲ ਪੂੰਜੀਗਤ ਖਰਚ ਜਿਸ ਵਿੱਚ ਸੋਲਰ ਰੂਫ ਟਾਪ ਵੀ ਸ਼ਾਮਿਲ ਹੈ ਲਗਭਗ 204.86 ਕਰੋੜ ਰੁਪਏ ਰਿਹਾ। 18 ਮਈ 2024 ਨੂੰ ਹੋਈ ਬੋਰਡ ਮੀਟਿੰਗ ਵਿੱਚ, ਬੋਰਡ ਆਫ਼ ਡਾਇਰੈਕਟਰਜ਼ ਨੇ ਸਾਲ 2024-2025 ਲਈ 0.36 ਰੁਪਏ ਪ੍ਰਤੀ ਪੂਰਨ ਭੁਗਤਾਨ ਕੀਤੇ ਇਕੁਇਟੀ ਸ਼ੇਅਰ ਦੇ ਪਹਿਲੇ ਅੰਤਰਿਮ ਡਿਵੀਡੈਂਡ ਦਾ ਐਲਾਨ ਕੀਤਾ।

ਟਾਈਮਜ਼ ਗਰੁੱਪ ਨੇ ਟ੍ਰਾਈਡੈਂਟ ਲਿਮਿਟੇਡ ਨੂੰ 2023 ਅਤੇ 2024 ਦੋਵੇਂ ਸਾਲਾਂ ਵਿੱਚ ਔਰਤਾਂ ਦੇ ਕਮ ਕਰਨ ਲਈ ਸਰਵੋਤਮ ਸੰਸਥਾ ਵਜੋਂ ਸਨਮਾਨਿਤ ਕੀਤਾ। 2023 ਵਿੱਚ, ਕੰਪਨੀ ਨੂੰ ਭਾਰਤ ਦੇ ਸਰਬੋਤਮ ਇਨ-ਹਾਊਸ ਡਿਜ਼ਾਈਨ ਸਟੂਡੀਓ ਵਜੋਂ ਸਨਮਾਨਿਤ ਕੀਤਾ ਗਿਆ।

ਇਸ ਤੋਂ ਇਲਾਵਾ, ਟ੍ਰਾਈਡੈਂਟ ਨੂੰ ਦੁਬਈ ਵਿੱਚ ਪੇਪਰ ਵਰਲਡ ਮਿਡਲ ਈਸਟ ਵਿੱਚ ਸਾਲ ਦੇ ਸਰਵੋਤਮ ਈਕੋ-ਫਰੈਂਡਲੀ ਉਤਪਾਦ ਦਾ ਪੁਰਸਕਾਰ ਵੀ ਦਿੱਤਾ ਗਿਆ। ਇਹ ਪ੍ਰਾਪਤੀਆਂ ਉੱਤਮਤਾ ਅਤੇ ਸਥਿਰਤਾ ਪ੍ਰਤੀ ਕੰਪਨੀ ਦੇ ਸਮਰਪਣ ਨੂੰ ਦਰਸਾਉਂਦੀਆਂ ਹਨ।

## ਜਨਰਲ ਅਬਜ਼ਰਵਰ ਨੇ ਦੱਖਣੀ ਹਲਕੇ ਦੇ ਪੋਲਿੰਗ ਬੂਥਾਂ ਦਾ ਲਿਆ ਜਾਇਜਾ



ਅੰਮ੍ਰਿਤਸਰ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਚੋਣਾ ਦੇ ਮੱਦੇਨਜ਼ਰ ਅਤੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅੱਜ ਚੋਣ ਜਰਨਲ ਅਬਜ਼ਰਵਰ ਸ੍ਰੀ ਏ. ਰਾਧਾਬਿਨੋਦ ਸ਼ਰਮਾ, ਆਈ.ਏ.ਐਸ ਅਤੇ ਸਹਾਇਕ ਰਿਟਰਨਿੰਗ ਅਫਸਰ-ਕਮ-ਵਧੀਕ ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਸ਼੍ਰੀ ਸੁਰਿੰਦਰ ਸਿੰਘ ਵੱਲੋਂ 019 ਅੰਮ੍ਰਿਤਸਰ ਦੱਖਣੀ ਦੇ ਪੋਲਿੰਗ ਬੂਥਾਂ ਦਾ ਜਾਇਜਾ ਲਿਆ ਗਿਆ।

ਚੋਣ ਜਰਨਲ ਅਬਜ਼ਰਵਰ ਵੱਲੋਂ ਹਦਾਇਤ ਕੀਤੀ ਗਈ ਕਿ ਪੋਲਿੰਗ ਬੂਥਾ ਦੇ ਬਾਹਰ ਕਿਸੇ ਵੀ ਰਾਜਨੀਤਿਕ ਪਾਰਟੀ ਦਾ ਚਿੰਨ੍ਹ,ਪੋਸਟਰ,ਬੈਨਰ ਆਦਿ ਨਹੀਂ ਲੱਗਾ ਹੋਣਾ ਚਾਹੀਦਾ ਅਤੇ ਹਰ ਬੂਥ ਦੇ ਬਾਹਰ ਮਰਦ ਵੋਟਰਾਂ, ਔਰਤ ਵੋਟਰਾਂ ਅਤੇ ਟਰਾਂਸਜੈਂਡਰ ਵੋਟਰਾਂ ਦੀ ਗਿਣਤੀ ਲਿਖੀ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਚੋਣ ਜਰਨਲ ਅਬਜ਼ਰਵਰ ਨੇ ਗਰਮੀ ਦੇ ਮੌਸਮ ਦੇ ਮੱਦੇਨਜ਼ਰ ਇਹ ਵੀ ਹਦਾਇਤ ਕੀਤੀ ਗਈ ਹੈ ਕਿ ਪੋਲਿੰਗ ਵਾਲੇ ਦਿਨ ਹਰ ਇੱਕ ਪੋਲਿੰਗ ਬੂਥ ਤੇ ਪੀਣ ਵਾਲਾ ਪਾਣੀ, ਪੱਖੇ, ਸ਼ਮਿਆਨੇ ਆਦਿ ਦਾ ਪੁਖਤਾ ਇੰਤਜ਼ਾਮ ਹੋਣਾ ਚਾਹੀਦਾ ਹੈ।

ਸਹਾਇਕ ਰਿਟਰਨਿੰਗ ਅਫਸਰ-ਕਮ-ਵਧੀਕ ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ ਸ਼੍ਰੀ ਸੁਰਿੰਦਰ ਸਿੰਘ ਵੱਲੋਂ ਕਿਹਾ ਗਿਆ ਕਿ 019 ਅੰਮ੍ਰਿਤਸਰ ਦੱਖਣੀ ਦੇ ਪੋਲਿੰਗ ਬੂਥਾਂ ਦੇ ਬੀ.ਐਲ.ਓਜ਼ ਨੂੰ ਹਰ ਤਰ੍ਹਾਂ ਦਾ ਇੰਤਜ਼ਾਮ ਪੀਣ ਵਾਲਾ ਪਾਣੀ, ਪੱਖੇ, ਸ਼ਮਿਆਨੇ ਆਦਿ ਦਾ ਪੁਖਤਾ ਇੰਤਜ਼ਾਮ ਕਰਨ ਦੀਆਂ ਹਦਾਇਤਾਂ ਕੀਤੀਆਂ ਜਾ ਚੁੱਕੀਆਂ ਹਨ।

ਇਲੈਕਸ਼ਨ ਜਰਨਲ ਅਬਜ਼ਰਵਰ ਵੱਲੋਂ ਪੋਲਿੰਗ ਬੂਥਾਂ ਤੇ ਕੀਤੇ ਗਏ ਪ੍ਰਬੰਧਾਂ ਸਬੰਧੀ ਤਸੱਲੀ ਪ੍ਰਗਟਾਈ। ਇਸ ਮੌਕੇ ਤੇ ਇਲੈਕਸ਼ਨ ਇੰਚਾਰਜ ਸ਼੍ਰੀ ਸੰਜੀਵ ਕਾਲੀਆ, ਜੇ.ਈ ਸ੍ਰੀ ਕਮਲਦੀਪ ਸਿੰਘ ਹਾਜ਼ਰ ਸਨ।

## ਵਿਦਿਆਰਥਣਾਂ ਨੇ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਕੀਤਾ ਜਾਗਰੂਕ



ਮਾਛੀਵਾੜਾ ਸਾਹਿਬ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਵਿਖੇ ਸਿੱਖਿਆ ਵਿਭਾਗ ਦੀਆਂ ਹਿਦਾਇਤਾਂ ਦੇ ਅਨੁਸਾਰ ਸਕੂਲ ਦੇ ਇੰਚਾਰਜ ਸ਼੍ਰੀਮਤੀ ਹਰਦੀਪ ਕੌਰ ਅਤੇ ਸਮੂਹ ਸਟਾਫ ਦੀ ਯੋਗ ਅਗਵਾਹੀ ਦੇ ਹੇਠ ਲੋਕ ਸਭਾ ਚੋਣਾਂ 2024 ਦੇ ਮੱਦੇ ਨਜ਼ਰ ਸਵੀਪ ਗਤੀਵਿਧੀਆਂ ਕਰਵਾਈਆਂ ਗਈਆਂ। ਜਿਸ ਵਿੱਚ ਵਿਦਿਆਰਥੀਆਂ ਨੇ ਚਾਰਟ ਮੇਕਿੰਗ, ਸਾਈਕਲ ਰੈਲੀ, ਮਹਿੰਦੀ ਕੰਪੀਟੀਸ਼ਨ ਆਦਿ ਗਤੀਵਿਧੀਆਂ ਕੀਤੀਆਂ। ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਆਮ ਲੋਕਾਂ ਨੂੰ ਵੋਟਾਂ ਬਾਰੇ ਜਾਗਰੂਕ ਕੀਤਾ ਅਤੇ ਵੋਟਾਂ ਦੇ ਮਹੱਤਵ ਨੂੰ ਦੱਸਦੇ ਹੋਏ ਆਮ ਲੋਕਾਂ ਨੂੰ ਵੱਧ ਤੋਂ ਵੱਧ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੇ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਇੰਚਾਰਜ ਸ੍ਰੀਮਤੀ ਹਰਦੀਪ ਕੌਰ ,ਸ਼੍ਰੀਮਤੀ ਜਸਪ੍ਰੀਤ ਕੌਰ, ਸ੍ਰੀਮਤੀ ਮਨਦੀਪ ਕੌਰ, ਸ਼੍ਰੀਮਤੀ ਰਾਜੇਸ਼ ਕੁਮਾਰੀ , ਸ਼੍ਰੀਮਤੀ ਜਸਵਿੰਦਰ ਕੌਰ , ਸ੍ਰੀਮਤੀ ਸੁਖਵਿੰਦਰ ਕੌਰ , ਸ੍ਰੀਮਤੀ ਰਾਜ ਰਾਣੀ , ਸ਼੍ਰੀਮਤੀ ਪੂਨਮ ਸੂਦ, ਸ੍ਰੀ ਹੁਸ਼ਿਆਰ ਸਿੰਘ, ਸ਼੍ਰੀਮਤੀ ਅਮਨਦੀਪ ਕੌਰ , ਸ਼੍ਰੀਮਤੀ ਹਮਰਿੰਦਰ ਕੌਰ, ਸ਼੍ਰੀਮਤੀ ਬਲਜੀਤ ਕੌਰ, ਸ਼੍ਰੀਮਤੀ ਜਸਵੀਰ ਕੌਰ , ਸ਼੍ਰੀਮਤੀ ਮਨਵਿੰਦਰਜੀਤ ਕੌਰ ਮੌਕੇ ਤੇ ਹਾਜ਼ਰ ਸਨ।

## ਸੁਲਤਾਨਵਿੰਡ ਸਕੂਲ ਵਿਖੇ ਕਰਵਾਏ ਗਏ ਵੋਟਰ ਜਾਗਰੂਕਤਾ ਮਹਿੰਦੀ ਮੁਕਾਬਲੇ




ਅੰਮ੍ਰਿਤਸਰ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਸ੍ਰੀ ਘਨਸ਼ਾਮ ਥੋਰੀ ਦੀ ਯੋਗ ਅਗੁਵਾਈ ਅਤੇ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਵਧੀਕ ਕਮਿਸ਼ਨਰ,ਨਗਰ ਨਿਗਮ ਸ਼੍ਰੀ ਸੁਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤੇ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਆਮ ਲੋਕਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨ ਲਈ ਅੰਮ੍ਰਿਤਸਰ ਦੱਖਣੀ ਵਿਧਾਨਸਭਾ ਹਲਕੇ ਦੇ ਸਕੂਲ ਆਫ਼ ਐਮੀਨੈਂਸ, ਸੁਲਤਾਨਵਿੰਡ ਰੋਡ ਵਿਖੇ ਮਹਿੰਦੀ ਮੁਕਾਬਲੇ ਕਰਵਾਏ ਗਏ।

ਸਕੂਲ ਵਲੋਂ ਕਰਵਾਏ ਗਏ ਇਹਨਾਂ ਮੁਕਾਬਲਿਆਂ ਦਾ ਮੁੱਖ ਮਕੱਸਦ ਵਿਦਿਆਰਥੀਆਂ ਰਾਹੀਂ ਵੋਟ ਸੁਨੇਹਾ ਸਮਾਜ ਦੇ ਅਲੱਗ-ਅਲੱਗ ਵਰਗਾਂ ਤੱਕ ਪਹੁੰ ਚਾਣਾ ਹੈ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਅੰਮ੍ਰਿਤਸਰ ਦੱਖਣੀ ਵਿਧਾਨਸਭਾ ਹਲਕੇ ਦੇ ਨੋਡਲ ਅਫ਼ਸਰ ਸਵੀਪ ਮੈਡਮ ਮੋਨੀਕਾ ਨੇ ਦੱਸਿਆ ਕਿ ਵਿਦਿਆਰਥੀ ਸਾਡੇ ਦੇਸ਼ ਦਾ ਭਵਿੱਖ ਹਨ ਅਤੇ ਇਹਨਾਂ ਨੂੰ ਚੋਣ ਸਰਗਰਮੀਆਂ ਦਾ ਹਿੱਸਾ ਬਣਾ ਕੇ ਭਵਿੱਖ ਦੇ ਵੋਟਰਾਂ ਨੂੰ ਤਿਆਰ ਕੀਤਾ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਸਕੂਲ ਵਿੱਚ ਕਰਵਾਏ ਗਏ ਮਹਿੰਦੀ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਦਾ ਭਰਪੂਰ ਜੋਸ਼ ਦੇਖਣ ਨੂੰ ਮਿਲਿਆ ਅਤੇ ਉਹਨਾਂ ਵਲੋਂ ਆਪਣੀ ਕਲਾ ਦਾ ਭਰਪੂਰ ਪ੍ਰਦਰਸ਼ਨ ਕੀਤਾ ਗਿਆ।ਉਹਨਾਂ ਕਿਹਾ ਕਿ ਸਕੂਲ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਆਪਣੇ ਘਰ ਦੇ ਸਾਰੇ ਮੈਂਬਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੋਟ ਪਾਉਣ ਲਈ ਪ੍ਰੇਰਿਤ ਕਰਨ ਲਈ ਕਿਹਾ ਗਿਆ।

## ਮਹਾਰਾਣੀ ਪ੍ਰਨੀਤ ਕੌਰ ਨੇ 19465 ਕਿਸਾਨ ਲਾਭਪਾਤਰੀਆਂ ਦੇ 113 ਕਰੋੜ 36 ਲੱਖ ਦੇ ਕਰਜ਼ੇ ਮਾਫ ਕਰਵਾਏ : ਬੰਨੀ ਚੈਹਿਲ



ਮਹਾਰਾਣੀ ਪ੍ਰਨੀਤ ਕੌਰ ਜੀ ਦੀ ਚੋਣ ਮੁਹਿਮ ਲਈ ਅਰਜਨ ਨਗਰ ਵਿਖੇ ਡੋਰ ਟੂ ਡੋਰ ਪ੍ਰਚਾਰ ਕਰਦੇ ਹੋਏ ਬੰਨੀ ਚੈਹਿਲ ਅਤੇ ਹੋਰ।

ਪਟਿਆਲਾ, 24 ਮਈ
--ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਜਨਤਾ ਪਾਰਟੀ ਦੇ ਪਟਿਆਲਾ ਤੋਂ ਉਮੀਦਵਾਰ ਮਹਾਰਾਣੀ ਪ੍ਰਨੀਤ ਕੌਰ ਜੀ ਦੀ ਚੋਣ ਮੁਹਿੰਮ ਲਈ ਸਾਬਕਾ ਮੁੱਖ ਮੰਤਰੀ ਪੰਜਾਬ ਮਹਾਰਾਜਾ ਕੈਪਟਨ ਅਮਰਿੰਦਰ ਸਿੰਘ ਅਤੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਮਹਾਰਾਣੀ ਪ੍ਰਨੀਤ ਕੌਰ ਜੀ ਦੇ ਪਰਿਵਾਰਕ ਮੈਂਬਰ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸੰਜੇਇੰਦਰ ਸਿੰਘ ਬੰਨੀ ਚੈਹਿਲ ਨੇ ਅਰਜਨ ਨਗਰ ਵਿਚ ਡੋਰ ਟੂ ਡੋਰ ਪ੍ਰਚਾਰ ਬੀਬਾ ਪ੍ਰੀਤ, ਬੀਬਾ ਸਿੰਮੀ,ਮੁਨੀਸ ਪੁਰੀ, ਸਵਰੂਪ ਭਾਟੀਆ,ਹਰਪ੍ਰੀਤ ਸਿੰਘ ਪੀਤਾ, ਯਸ਼ਪਾਲ,ਪ੍ਰਮੋਦ ਸ਼ਰਮਾ, ਪੱਪੂ ਅਰੋੜਾ,ਹਨੀ ਸਿੰਘ ਪ੍ਰਧਾਨ ਸਟੇਡੀਅਮ ਮੰਡਲ ਭਾਜਪਾ , ਧਰਮ ਚੰਦ ਅਤੇ ਹੋਰ ਮੈਂਬਰਾਂ ਨੂੰ ਨਾਲ ਲੈ ਕੇ ਕੀਤਾ, ਇਸ ਮੌਕੇ ਬੰਨੀ ਚੈਹਿਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਹਾਰਾਣੀ ਪ੍ਰਨੀਤ ਕੌਰ ਜੀ ਨੇ ਮੈਂਬਰ ਪਾਰਲੀਮੈਂਟ ਹੁੰਦਿਆਂ 149 ਕਰੋੜ ਰੁਪਏ ਦੇ ਘੱਗਰ ਪ੍ਰੋਜੈਕਟ ਤਹਿਤ ਹੜਾ ਦੀ ਰੋਕਥਾਮ ਲਈ ਵੱਖ ਵੱਖ ਵਿਕਾਸ ਕਾਰਜ ਕਰਵਾਏ, ਪਟਿਆਲਾ ਜ਼ਿਲ੍ਹੇ ਦੇ 19465 ਕਿਸਾਨ ਲਾਭਪਾਤਰੀਆਂ ਦੇ 113 ਕਰੋੜ 36 ਲੱਖ ਰੁਪਏ ਦੇ ਕਰਜ਼ੇ ਮਾਫ ਕਰਵਾਏ ,ਸਹਿਰਾ ਨਾਲ ਲੱਗਦੀਆਂ ਖੇਤੀਬਾੜੀ ਜ਼ਮੀਨਾਂ ਨੂੰ ਵੈਲਥ ਟੈਕਸ ਤੋਂ ਮੁਕਤ ਕਰਵਾਇਆ, ਸਮੇਂ ਸਮੇਂ ਤੇ ਕਿਸਾਨ ਜਥੇਬੰਦੀਆਂ,ਸੋਨੇ ਚਾਂਦੀ ਦੇ ਗਹਿਣੇ ਬਣਾਉਣ ਵਾਲੇ ਕਾਰੀਗਰਾ , ਆੜ੍ਹਤੀਆਂ,ਐਫ ਸੀ ਆਈ ਦੇ ਮਜ਼ਦੂਰਾਂ ਆਦਿ ਨਾਲ ਸਬੰਧਤ ਮਾਮਲਿਆਂ ਵਿਚ ਸਰਕਾਰ ਤੋਂ ਰਾਹਤ ਦਿਵਾਈ, ਪਟਿਆਲਾ ਦੀ ਸਰਹੱਦ ਰੋਡ ਦੇ ਅਤਿ ਜ਼ਰੂਰੀ ਉੱਤਰੀ ਬਾਈਪਾਸ ਨੂੰ ਪਾਸ ਕਰਵਾਇਆ ,ਕੋਵਿਡ ਦੇ ਦੌਰਾਨ ਰਾਜਿੰਦਰਾ ਹਸਪਤਾਲ ਪਟਿਆਲਾ ਵਿਚ ਹਰਿਆਣਾ, ਹਿਮਾਚਲ, ਜੰਮੂ, ਦਿੱਲੀ, ਆਦਿ ਤੋਂ ਆਏ ਸੈਂਕੜੇ ਮਰੀਜ਼ਾਂ ਦੀ ਦੇਖਭਾਲ ਦਾ ਪ੍ਰਬੰਧ ਕੀਤਾ, ਜਦਕਿ ਹੋਰ ਰਾਜਾਂ ਤੋਂ ਮਰੀਜ਼ਾਂ ਨੂੰ ਲੈਣ ਤੇ ਪਾਬੰਦੀ ਲਗਾ ਦਿੱਤੀ ਸੀ,ਕੋਵਿਡ ਮਹਾਂਮਾਰੀ ਦੌਰਾਨ 6 ਆਕਸੀਜਨ ਪਲਾਂਟ ਸਥਾਪਿਤ ਕਰਵਾਏ। ਉਹਨਾਂ ਵਲੋਂ ਕੀਤੇ ਵਿਕਾਸ ਕਾਰਜਾਂ ਲਈ ਨੌਜਵਾਨਾ ਵਰਗ ਅਤੇ ਪਬਲਿਕ ਵਿੱਚ ਮਹਾਰਾਣੀ ਪ੍ਰਨੀਤ ਕੌਰ ਦੇ ਹੱਕ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਜਿਸ ਕਾਰਨ ਪ੍ਰਨੀਤ ਕੌਰ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਨਗੇ।

## ਨਮਿਸ਼ਾ ਨੂੰ ਮੁੜ ਸ਼ਾਮਲ ਕਰਾਉਣ ਨਾਲ ਜ਼ਿਲ੍ਹਾ ਭਾਜਪਾ ’ਚ ਉਥਲ-ਪੁਥਲ ਸ਼ੁਰੂ

ਹੁਸ਼ਿਆਰਪੁਰ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹੁਸ਼ਿਆਰਪੁਰ ਦੇ ਸਾਬਕਾ ਐੱਮਪੀ ਆਵਿਨਾਸ਼ ਰਾਏ ਖੰਨਾ ਨਾਲ ਬਦਸਲੂਕੀ ਕਰਨ ਵਾਲੀ ਭਾਰਤੀ ਜਨਤਾ ਪਾਰਟੀ ਦੀ ਆਗੂ ਨਮਿਸ਼ਾ ਮਹਿਤਾ ਨੂੰ ਵਾਪਿਸ ਪਾਰਟੀ ’ਚ ਸ਼ਾਮਲ ਕਰਨ ਨਾਲ ਪਹਿਲਾਂ ਹੀ ਗੁੱਟਬੰਦੀ ਦੀ ਸ਼ਿਕਾਰ ਪਾਰਟੀ ਅੰਦਰ ਹੋਰ ਉਥਲ-ਪੁਥਲ ਸ਼ੁਰੂ ਹੋ ਗਈ ਹੈ। ਦੱਸਣਯੋਗ ਹੈ ਕਿ ਨਮਿਸ਼ਾ ਨੂੰ ਪਿਛਲੇ ਸਾਲ ਸਤੰਬਰ ਮਹੀਨੇ ਪਾਰਟੀ ਨੇ ਅਨੁਸ਼ਾਸਨੀ ਕਾਰਵਾਈ ਕਰਦਿਆਂ ਕੱਢ ਦਿੱਤਾ ਸੀ, ਮਹਿਤਾ ਦੇ ਪਾਰਟੀ ’ਚ ਆਉਣ ਨਾਲ ਜਿੱਥੇ ਖੰਨਾ ਨਰਾਜ਼ ਹਨ, ਉਥੇ ਉਨ੍ਹਾਂ ਦੇ ਸਮਰਥਕਾਂ ’ਚ ਵੀ ਰੋਸ ਹੈ। ਪਾਰਟੀ ਦੇ ਫ਼ੈਸਲੇ ਨਾਲ ਅਸਹਿਮਤੀ ਜਤਾਉਂਦਿਆਂ ਸਾਬਕਾ ਜ਼ਿਲ੍ਹਾ ਪ੍ਰਧਾਨ ਤੇ ਸੂਬਾ ਕਮੇਟੀ ਮੈਂਬਰ ਡਾ. ਰਮਨ ਘਈ ਦੇ ਅਸਤੀਫ਼ੇ ਤੋਂ ਬਾਅਦ ਤਿੰਨ ਹੋਰ ਆਗੂਆਂ ਨੇ ਪਾਰਟੀ ਤੋਂ ਕਿਨਾਰਾ ਕਰਨ ਦਾ ਐਲਾਨ ਕੀਤਾ ਹੈ। ਗੜ੍ਹਸ਼ੰਕਰ ਹਲਕੇ ’ਚ ਵੀ ਬਗਾਵਤੀ ਸੁਰਾਂ ਉਭਰ ਰਹੀਆਂ ਹਨ। ਪਾਰਟੀ ਆਗੂ ਤਰੰਭਕ ਕੁਮਾਰ ਸੋਨੀ ਨੇ ਪਾਰਟੀ ਦਾ ਫ਼ੈਸਲਾ ਅਪ੍ਰਵਾਨ ਕਰਦਿਆਂ ਕੱਲ੍ਹ ਹੀ ਅਸਤੀਫ਼ਾ ਦੇ ਦਿੱਤਾ ਸੀ ਤੇ ਆਪਣੇ ਘਰ ਦੇ ਬਾਹਰ ਆਮ ਆਦਮੀ ਪਾਰਟੀ ਦੇ ਬੈਨਰ ਲਗਾ ਦਿੱਤੇ ਹਨ। ਅਵਿਨਾਸ਼ ਰਾਏ ਖੰਨਾ ਦੇ ਵਿਰੋਧ ਬਾਵਜੂਦ ਕੱਲ੍ਹ ਨਮਿਸ਼ਾ ਮਹਿਤਾ ਨੂੰ ਪਾਰਟੀ ਵਿੱਚ ਸ਼ਾਮਲ ਕਰ ਲਿਆ ਗਿਆ। ਦੱਸਿਆ ਜਾਂਦਾ ਹੈ ਕਿ ਸੁਭਾਸ਼ ਸ਼ਰਮਾ, ਨਮਿਸ਼ਾ ਮਹਿਤਾ ਨੂੰ ਪਾਰਟੀ ’ਚ ਲਿਆਉਣ ਲਈ ਉਤਸਕ ਸਨ ਤਾਂ ਕਿ ਉਨ੍ਹਾਂ ਨਾਲ ਜੁੜੇ ਵੋਟ ਬੈਂਕ ਨੂੰ ਹਾਸਿਲ ਕੀਤਾ ਜਾ ਸਕੇ। ਖੰਨਾ ਦੇ ਸਮਰਥਕ ਤਾਂ ਆਪਣਾ ਰੋਸ ਖੱਲ੍ਹ ਕੇ ਜ਼ਾਹਿਰ ਕਰ ਰਹੇ ਹਨ ਪਰ ਉਹ ਆਪ ਮੀਡੀਆ ਨਾਲ ਗੱਲ ਨਹੀਂ ਕਰ ਰਹੇ। ਦੱਸਣਯੋਗ ਹੈ ਕਿ ਸਾਂਪਲਾ ਦੀ ਤਰ੍ਹਾਂ ਖੰਨਾ ਨੇ ਵੀ ਆਪਣੇ ਫੇਸਬੁੱਕ ਪੇਜ ’ਤੇ ਇਕ ਪੋਸਟ ਸਾਂਝੀ ਕੀਤੀ ਹੈ, ਜਿਸ ਵਿੱਚ ਲਿਖਿਆ ਹੈ,“ ਆਪਣੀ ਵਫ਼ਾਦਾਰੀ ਨੂੰ ਗੁਲਾਮੀ ਨਾ ਬਣਨ ਦਿਓ ਅਤੇ ਸਵੈਮਾਣ ਨਾਲ ਸਮਝੌਤਾ ਨਾ ਕਰੋ।”

ਸੀਨੀਅਰ ਭਾਜਪਾ ਨੇਤਾ ਡਾ. ਰਮਨ ਘਈ ਦੇ ਅਸਤੀਫ਼ੇ ਤੋਂ ਬਾਅਦ ਅੱਜ ਭਾਜਪਾ ਸਪੋਰਟਸ ਸੈੱਲ ਪੰਜਾਬ ਦੇ ਸਾਬਕਾ ਕੋ-ਕਨਵੀਨਰ ਅਤੇ ਸਾਬਕਾ ਜ਼ਿਲ੍ਹਾ ਉਪ ਪ੍ਰਧਾਨ ਗੌਰਵ ਵਾਲੀਆ, ਮੈਡੀਕਲ ਸੈੱਲ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਜ਼ਿਲ੍ਹਾ ਸਕੱਤਰ ਡਾ. ਰਾਜ ਕੁਮਾਰ ਸੈਣੀ ਅਤੇ ਸਪੋਰਟਸ ਸੈੱਲ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਗੌਰਵ ਸ਼ਰਮਾ ਨੇ ਵੀ ਪਾਰਟੀ ਨੂੰ ਅਲਵਿਦਾ ਆਖ ਦਿੱਤਾ। ਗੌਰਵ ਵਾਲੀਆ ਨੇ ਕਿਹਾ ਕਿ ਭਾਜਪਾ ਅੰਦਰ ਕੁੱਝ ਕੁ ਨੇਤਾਵਾਂ ਵਲੋਂ ਪਾਰਟੀ ਦੇ ਸਿਧਾਂਤਾਂ ਨੂੰ ਛਿੱਕੇ ਟੰਗ ਕੇ ਇਮਾਨਦਾਰੀ ਤੇ ਤਨਦੇਹੀ ਨਾਲ ਪਾਰਟੀ ਦੀ ਸੇਵਾ ਕਰਨ ਵਾਲੇ ਵਰਕਰਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਪਾਰਟੀ ਹਾਈ ਕਮਾਨ ਵੀ ਸਭ ਕੁੱਝ ਜਾਣਦੇ ਹੋਏ ਵੀ ਮੂਕ ਦਰਸ਼ਕ ਬਣੀ ਹੋਈ ਹੈ ਜਿਸ ਦੇ ਚੱਲਦਿਆਂ ਪਾਰਟੀ ਵਰਕਰਾਂ ਅੰਦਰ ਰੋਸ ਪਾਇਆ ਜਾ ਰਿਹਾ ਹੈ। ਇਸੇ ਰੋਸ ਦੇ ਚੱਲਦਿਆਂ ਉਨ੍ਹਾਂ ਨੇ ਵੀ ਪਾਰਟੀ ਤੋਂ ਅਸਤੀਫ਼ਾ ਲੈਣ ਦਾ ਫ਼ੈਸਲਾ ਲਿਆ।

## ਆਯੂਸ਼ ਹਸਪਤਾਲ ਦੀ ਇਮਾਰਤ ਬਣ ਕੇ ਤਿਆਰ ਹੋਣ ਦੇ ਬਾਵਜੂਦ ਕੰਮ ਅੱਧ ਵਿਚਾਲੇ ਲਮਕਿਆ



ਪਿੰਡ ਦਿਆਲਪੁਰਾ ਵਿੱਚ ਬਣ ਰਿਹਾ ਆਯੂਸ਼ ਹਸਪਤਾਲ

ਜ਼ੀਰਕਪੁਰ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਥਾਨਕ ਪਿੰਡ ਦਿਆਲਪੁਰਾ ਵਿੱਚ ਬਣਨ ਵਾਲੇ ਆਯੂਸ਼ ਹਸਪਤਾਲ ਦਾ ਕੰਮ ਲੰਮੇ ਸਮੇਂ ਤੋਂ ਲਮਕਿਆ ਹੋਇਆ ਹੈ। ਹਾਲਾਂਕਿ ਹਸਪਤਾਲ ਦੀ ਇਮਾਰਤ ਬਣ ਕੇ ਤਿਆਰ ਹੈ ਪਰ ਅਗਲੇਰੀ ਕਾਰਵਾਈ ਅਜੇ ਪੂਰੀ ਨਹੀਂ ਹੋ ਸਕੀ। ਜਦੋਂ ਕਿ ਇਹ ਹਸਪਤਾਲ 2022 ਵਿੱਚ ਸ਼ੁਰੂ ਹੋਣਾ ਸੀ। ਹਾਸਲ ਜਾਣਕਾਰੀ ਅਨੁਸਾਰ ਪਿੰਡ ਦਿਆਲਪੁਰਾ ਵਿੱਚ 9 ਏਕੜ ਜ਼ਮੀਨ ਵਿੱਚ ਬਣਨ ਵਾਲੇ ਆਯੂਸ਼ ਹਸਪਤਾਲ ਲਈ 7 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਸੀ ਅਤੇ ਦਾਅਵਾ ਕੀਤਾ ਗਿਆ ਸੀ ਕਿ ਹਸਪਤਾਲ ਇੱਕ ਸਾਲ ਵਿੱਚ ਬਣ ਕੇ ਤਿਆਰ ਹੋ ਜਾਵੇਗਾ, ਪਰ ਹਸਪਤਾਲ ਦਾ ਕੰਮ ਲੰਮੇ ਸਮੇਂ ਤੋਂ ਲਮਕਿਆ ਹੋਇਆ ਹੈ। ਜਿਕਰਯੋਗ ਹੈ ਕਿ 50 ਬਿਸਤਰਿਆਂ ਵਾਲੇ ਹਸਪਤਾਲ ਵਿੱਚ ਆਯੁਰਵੇਦ, ਯੋਗਾ, ਯੂਨਾਨੀ, ਸਿੱਧ ਅਤੇ ਹੋਮਿਓਪੈਥੀ ਮੈਡੀਕਲ ਪ੍ਰਣਾਲੀਆਂ ਦੇ ਤਹਿਤ ਚੈਕਅਪ ਅਤੇ ਇਲਾਜ ਸੇਵਾਵਾਂ ਪ੍ਰਦਾਨ ਕੀਤੀਆਂ ਜਾਣੀਆਂ ਹਨ। ਦੇਸ਼ ਵਿੱਚ ਕਰੋਨਾ ਕਾਰਨ ਲਾਗੂ ਕੀਤੀ ਗਈ ਤਾਲਾਬੰਦੀ ਤੋਂ ਬਾਅਦ ਕੰਮ ਬੰਦ ਕਰ ਦਿੱਤਾ ਗਿਆ ਸੀ, ਜਦਕਿ ਤਾਲਾਬੰਦੀ ਹਟਣ ਤੋਂ ਬਾਅਦ ਦੁਬਾਰਾ ਕੰਮ ਸ਼ੁਰੂ ਹੋ ਗਿਆ ਸੀ, ਪਰ ਅਜੇ ਤੱਕ ਹਸਪਤਾਲ ਦਾ ਕੰਮ ਪੂਰਾ ਨਹੀਂ ਹੋਇਆ ਹੈ। ਸ਼ਹਿਰ ਦੀ ਆਬਾਦੀ ਦੇ ਹਿਸਾਬ ਨਾਲ ਇੱਥੇ ਕੋਈ ਵੱਡਾ ਹਸਪਤਾਲ ਨਹੀਂ ਹੈ। ਇਸ ਵੇਲੇ ਜ਼ੀਰਕਪੁਰ ਵਿੱਚ ਸਿਹਤ ਸਹੂਲਤਾਂ ਦੇ ਨਾਂ ’ਤੇ ਢਕੋਲੀ ਵਿੱਚ ਸਿਰਫ਼ ਇੱਕ ਸਰਕਾਰੀ ਸੀਐਚਸੀ ਅਤੇ 3 ਆਮ ਆਦਮੀ ਕਲੀਨਿਕ ਹੀ ਹਨ। ਇੱਥੇ ਇਲਾਜ ਦੀਆਂ ਸਹੂਲਤਾਂ ਦੀ ਘਾਟ ਹੈ। ਲੋਕਾਂ ਨੂੰ ਇਲਾਜ ਲਈ ਚੰਡੀਗੜ੍ਹ ਅਤੇ ਪੰਚਕੂਲਾ ਦੇ ਸਰਕਾਰੀ ਹਸਪਤਾਲਾਂ ਵਿੱਚ ਜਾਣਾ ਪੈਂਦਾ ਹੈ। ਇਹ ਵੀ ਦੱਸਣਯੋਗ ਹੈ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦਿੱਲੀ ਦੇ ਸਿਹਤ ਮਾਡਲ ਦੀ ਤਰਜ਼ ▾ਤੇ ਪੰਜਾਬ ਵਿਚ ਵੀ ਆਮ ਆਦਮੀ ਕਲੀਨਿਕ ਖੋਲ੍ਹਣ ਦਾ ਫੈਸਲਾ ਕੀਤਾ ਸੀ ਜਿਸ ਤੋਂ ਬਾਅਦ ਜ਼ੀਰਕਪੁਰ ਸ਼ਹਿਰ ਵਿੱਚ ਤਿੰਨ ਆਮ ਆਦਮੀ ਕਲੀਨਿਕ ਖੋਲ੍ਹੇ ਗਏ ਸਨ ਜਿਨ੍ਹਾਂ ਵਿੱਚ ਇੱਕ ਪੀਰਮੁਛੈਲ੍ਹਾ, ਦੂਜਾ ਬਲਟਾਣਾ ਅਤੇ ਤੀਜਾ ਪ੍ਰੀਤ ਕਲੋਨੀ ਵਿੱਚ ਹੈ ਪਰ ਸ਼ਹਿਰ ਦੀ ਆਬਾਦੀ 6 ਲੱਖ ਨੂੰ ਪਾਰ ਕਰਨ ਦੇ ਬਾਵਜੂਦ ਸ਼ਹਿਰ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਅੱਜ ਵੀ ਚੰਡੀਗੜ੍ਹ, ਪੰਚਕੂਲਾ ਅਤੇ ਮੋਹਾਲੀ ਵਰਗੇ ਸ਼ਹਿਰਾਂ ’ਤੇ ਨਿਰਭਰ ਰਹਿਣਾ ਪੈ ਰਿਹਾ ਹੈ। ਭਾਵੇਂ ਕਿ ਆਮ ਆਦਮੀ ਪਾਰਟੀ ਸਰਕਾਰ ਆਉਣ ਤੋਂ ਬਾਅਦ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਦੇ ਦਾਅਵੇ ਕੀਤੇ ਜਾ ਰਹੇ ਹਨ ਪਰ ਜ਼ਮੀਨੀ ਪੱਧਰ ’ਤੇ ਸਥਿਤੀ ਵੱਖਰੀ ਹੈ। ਸਿਹਤ ਸੇਵਾ ਦੇ ਨਾਂ ’ਤੇ ਸ਼ਹਿਰ ਵਿੱਚ ਸਿਵਲ ਹਸਪਤਾਲ ਦਾ ਦਰਜਾ ਪ੍ਰਾਪਤ ਕਰ ਚੁੱਕਾ ਢਕੋਲੀ ਹਸਪਤਾਲ ਅੱਜ ਵੀ ਕਮਿਊਨਿਟੀ ਹੈਲਥ ਸੈਂਟਰ ਹੀ ਹੈ, ਜਦਕਿ ਸਥਾਨਕ ਲੋਕ ਚੰਡੀਗੜ੍ਹ ਜਾਂ ਪੰਚਕੂਲਾ ਜਾਣ ਨੂੰ ਹੀ ਤਰਜੀਹ ਦਿੰਦੇ ਹਨ ਜ਼ਾ ਹੰਗਾਮੀ ਸਥਿਤੀ ਵਿੱਚ ਸਥਾਨਕ ਨਿੱਜੀ ਹਸਪਤਾਲਾਂ ਦੇ ਲੁੱਟ ਦਾ ਸ਼ਿਕਾਰ ਬਣਨ ਨੂੰ ਮਜਬੂਰ ਹਨ। ਢਕੋਲੀ ਹਸਪਤਾਲ ਸਾਧਾਰਨ ਇਲਾਜ ਵਾਲੇ ਮਰੀਜ਼ ਜ਼ਾ ਸਥਾਨਕ ਲੜਾਈ-ਝਗੜੇ ਦੇ ਦੇ ਮਾਮਲਿਆਂ ਵਾਲੇ ਹੀ ਮੁਲਾਹਜਾ ਕਰਵਾਉਣ ਆਉਂਦੇ ਨਜ਼ਰ ਆਉਂਦੇ ਹਨ। ਹਾਲਾਂਕਿ ਢਕੋਲੀ ਸੀਐਚਸੀ ਵਿੱਚ 24 ਘੰਟੇ ਐਮਰਜੈਂਸੀ ਸੇਵਾਵਾਂ ਦਾ ਦਾਅਵਾ ਕੀਤਾ ਜਾਂਦਾ ਹੈ ਪਰ ਇੱਥੇ ਮਰੀਜ਼ਾਂ ਨੂੰ ਹੰਗਾਮੀ ਸਥਿਤੀ ਵਿੱਚ ਵੀ ਰੈਫਰ ਹੀ ਕੀਤਾ ਜਾਂਦਾ ਹੈ। ਜੱਚਾ-ਬੱਚਾ ਵਾਰਡ ਨੂੰ ਛੱਡ ਕੇ ਬਾਕੀ ਓਪੀਡੀਜ਼ ਵਿੱਚ ਅਜੇ ਵੀ ਸਿਰਫ਼ ਉਹੀ ਮਾਮਲੇ ਲਏ ਜਾ ਰਹੇ ਹਨ ਜੋ ਸਧਾਰਨ ਹੋਣ। ਵੱਡੇ ਹਾਦਸਿਆਂ ਦੇ ਸਾਰੇ ਕੇਸਾਂ ਨੂੰ ਜੀਐਮਸੀਐਚ ਸੈਕਟਰ 32 ਜ਼ਾ ਪੀਜੀਆਈ ਚੰਡੀਗੜ੍ਹ ਹੀ ਰੈਫਰ ਕਰ ਦਿੱਤਾ ਜਾਂਦਾ ਹੈ ਜਾਂ ਲੋਕਾਂ ਨੂੰ ਮੋਟੀਆਂ ਫੀਸਾਂ ਦੇ ਕੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਕਰਵਾਉਣਾ ਪੈਂਦਾ ਹੈ। ਹਾਲਾਂਕਿ ਲੋਕਸਭਾ ਚੋਣਾਂ ਤੋਂ ਪਹਿਲਾਂ ਸਿਹਤ ਮੰਤਰੀ ਡਾ: ਬਲਬੀਰ ਸਿੰਘ ਨੇ ਕਾਰਨਾਂ ਦਾ ਪਤਾ ਲਗਾ ਕੇ ਆਯੂਸ਼ ਹਸਪਤਾਲ ਦਾ ਕੰਮ ਜਲਦੀ ਸ਼ੁਰੂ ਕਰਵਾਉਣ ਦਾ ਭਰੋਸਾ ਦਿੱਤਾ ਸੀ।

## ਅਕਾਲੀ ਦਲ ਨੇ ਹਮੇਸ਼ਾ ਪੰਜਾਬ ਦੇ ਹੱਕਾਂ ਤੇ ਕਿਸਾਨੀ ਦੀ ਗੱਲ ਕੀਤੀ: ਠੰਡਲ



ਦਸੂਹਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਇਥੇ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸੋਹਣ ਸਿੰਘ ਠੰਡਲ ਨੇ ਸਥਾਨਕ ਮਿਆਣੀ ਰੋਡ ’ਤੇ ਸ਼ਹਿਰੀ ਪ੍ਰਧਾਨ ਜਸਵਿੰਦਰ ਸਿੰਘ ਕਾਲੜਾ ਦੀ ਅਗਵਾਈ ਹੇਠ ਜਨ ਸਭਾ ਨੂੰ ਸੰਬੋਧਨ ਕੀਤਾ। ਉਨ੍ਹਾਂ ਆਖਿਆ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਠੱਗਿਆ ਮਹਿਸੂਸ ਕਰ ਰਹੇ ਹਨ, ਕਿਉਂਕਿ ਵਾਅਦਿਆਂ ਮੁਤਾਬਕ ਨਾ ਵਿਕਾਸ ਹੋਇਆ ਅਤੇ ਨਾ ਹੀ ਨਸ਼ਾ ਖ਼ਤਮ ਹੋਇਆ ਹੈ। ਸ੍ਰੀ ਠੰਡਲ ਨੇ ਕਿਹਾ ਕਿ ‘ਆਪ’ ਨੇ ਸਿੱਖਿਆ ਤੇ ਮੈਡੀਕਲ ਖੇਤਰ ਵਿੱਚ ਕ੍ਰਾਂਤੀ ਲਿਆਉਣ ਅਤੇ 16 ਮੈਡੀਕਲ ਕਾਲਜ ਖੋਲ੍ਹਣ ਦਾ ਵਾਅਦਾ ਕੀਤਾ ਸੀ ਪਰ ਇਸ ਮੁਹਾਜ਼ ’ਤੇ ਅਜੇ ਤੱਕ ਕੁਝ ਵੀ ਨਹੀਂ ਕੀਤਾ ਗਿਆ ਜਦਕਿ ਆਮ ਆਦਮੀ ਕਲੀਨਿਕਾਂ ਦੇ ਨਾਂਅ ’ਤੇ ਪੇਂਡੂ ਡਿਸਪੈਂਸਰੀਆਂ ਤਬਾਹ ਹੋਣ ਦੇ ਕੰਢੇ ਹਨ। ਉਨ੍ਹਾਂ ਕਿਹਾ ਕਿ ਹਮੇਸ਼ਾ ਪੰਜਾਬ ਦੇ ਅਤੇ ਕਿਸਾਨਾਂ ਦੇ ਹੱਕਾਂ ਦੀ ਗੱਲ ਕਰਨ ਵਾਲਾ ਅਕਾਲੀ ਦਲ ਹੀ ਪੰਜਾਬ ਲਈ ਯੋਗ ਨੁਮਾਇੰਦਗੀ ਕਰ ਸਕਦਾ ਹੈ ਜਦੋਂ ਕਿ ਵਿਰੋਧੀਆਂ ਕੋਲ ਪੰਜਾਬ ਲਈ ਕੋਈ ਏਜੰਡਾ ਨਹੀਂ ਹੈ। ਉਨ੍ਹਾਂ ਭਾਜਪਾ ’ਤੇ ਨਿਸ਼ਾਨਾ ਸਾਧਦਿਆਂ ਆਖਿਆ ਕਿ ਭਾਜਪਾ ਲੋਕਤੰਤਰ ਅਤੇ ਕਿਸਾਨੀ ਲਈ ਵੱਡਾ ਖਤਰਾ ਹੈ, ਜਿਸ ਪ੍ਰਤੀ ਸੁਚੇਤ ਹੋਣ ਦੀ ਲੋੜ ਹੈ। ਇਸ ਮੌਕੇ ਪੀਏਸੀ ਮੈਂਬਰ ਗੁਰਪ੍ਰੀਤ ਸਿੰਘ ਬਿੱਕਾ ਚੀਮਾ, ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਕੈਰੇ, ਭੁਪਿੰਦਰ ਸਿੰਘ ਨੀਲੂ ਤੇ ਲਖਵਿੰਦਰ ਸਿੰਘ ਲੱਖੀ ਨੇ ਵੀ ਸੰਬੋਧਨ ਕੀਤਾ।

ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸੀਨੀਅਰ ਉਪ ਪ੍ਰਧਾਨ ਜਤਿੰਦਰ ਸਿੰਘ ਲਾਲੀ ਬਾਜਵਾ ਨੇ ਅੱਜ ਪਾਰਟੀ ਉਮੀਦਵਾਰ ਸੋਹਣ ਸਿੰਘ ਠੰਡਲ ਦੇ ਹੱਕ ’ਚ ਪਿੰਡ ਪੁਰਹੀਰਾਂ ਵਿੱਚ ਚੋਣ ਮੀਟਿੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਲਾਲੀ ਬਾਜਵਾ ਨੇ ਕਿਹਾ ਕਿ ਵਿਰੋਧੀਆਂ ਵਲੋਂ ਪਿਛਲੇ ਸਮੇਂ ਦੌਰਾਨ ਕੀਤਾ ਗਿਆ ਕੂੜ ਪ੍ਰਚਾਰ ਹੁਣ ਬੇਅਸਰ ਹੋਣਾ ਸ਼ੁਰੂ ਹੋ ਗਿਆ ਹੈ ਕਿਉਂਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ, ਕਾਂਗਰਸ ਤੇ ਭਾਜਪਾ ਦੀਆਂ ਚਾਲਾਂ ਨੂੰ ਸਮਝ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅਕਾਲੀ ਦਲ ਦਾ ਪੰਜਾਬ ਪ੍ਰਤੀ ਸਟੈਂਡ ਸਪੱਸ਼ਟ ਕਰ ਦਿੱਤਾ ਹੈ ਜਿਸ ਮੁਤਾਬਕ ਪੰਜਾਬ ਦੇ ਮੁੱਦਿਆਂ ’ਤੇ ਕਿਸੇ ਧਿਰ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਇਸ ਮੌਕੇ ਹਰਦੀਪ ਸਿੰਘ, ਰਾਜਿੰਦਰ ਸਿੰਘ, ਜਪਿੰਦਰ ਅਟਵਾਲ, ਸੰਜੀਵ ਤਲਵਾੜ, ਰਣਧੀਰ ਸਿੰਘ ਭਾਰਜ, ਸ਼ਮਸ਼ੇਰ ਸਿੰਘ ਭਾਰਦਵਾਜ, ਵਰਿੰਦਰ ਕੁਮਾਰ, ਗੁਰਪ੍ਰੀਤ ਸਿੰਘ ਕੋਹਲੀ,ਆਦਿ ਸ਼ਾਮਲ ਸਨ।

## ਲੁਧਿਆਣਾ ਨਗਰ ਨਿਗਮ ਦਾ ਕਲਰਕ ਜਨਮ ਸਰਟੀਫਿਕੇਟ ਵਿੱਚ ਦਰੁਸਤੀ ਬਦਲੇ 11500 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ

ਚੰਡੀਗੜ੍ਹ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸੋਮਵਾਰ ਨੂੰ ਨਗਰ ਨਿਗਮ ਜ਼ੋਨ-ਏ, ਲੁਧਿਆਣਾ ਵਿੱਚ ਕਲਰਕ ਵਜੋਂ ਤਾਇਨਾਤ ਰਾਹੁਲ ਮਹਾਜਨ, ਜੋ ਕਿ ਗੁਰੂ ਨਾਨਕ ਨਗਰ, ਸਿਵਲ ਲਾਈਨਜ਼, ਲੁਧਿਆਣਾ ਦਾ ਰਹਿਣ ਵਾਲਾ ਹੈ, ਨੂੰ 11500 ਰੁਪਏ ਰਿਸ਼ਵਤ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਮਾਮਲਾ ਰਜਿੰਦਰ ਪਾਲ ਸ਼ਰਮਾ ਵਾਸੀ ਫਰੀਦ ਨਗਰ, ਰਾਮਪੁਰਾ ਫੂਲ, ਬਠਿੰਡਾ ਜਿਲ੍ਹਾ ਬਠਿੰਡਾ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਦਰਜ ਕੀਤਾ ਗਿਆ ਹੈ।

ਉਸਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਸਨੇ ਆਪਣੇ ਪੁੱਤਰ ਦੇ ਜਨਮ ਸਰਟੀਫਿਕੇਟ ਵਿੱਚ ਪਿਤਾ ਦਾ ਨਾਮ ਅਤੇ ਜਨਮ ਸਥਾਨ ਦੀ ਦਰੁਸਤੀ ਲਈ ਨਗਰ ਨਿਗਮ ਲੁਧਿਆਣਾ ਦੇ ਰਜਿਸਟਰਾਰ, ਜਨਮ ਅਤੇ ਮੌਤ ਦੇ ਦਫ਼ਤਰ ਨੂੰ ਦਰਖਾਸਤ ਦਿੱਤੀ ਸੀ। ਉਸ ਨੇ ਅੱਗੇ ਦੋਸ਼ ਲਾਇਆ ਕਿ ਨਗਰ ਨਿਗਮ ਦਫ਼ਤਰ ਵਿੱਚ ਤਾਇਨਾਤ ਮੋਹਿਤ ਮਹਾਜਨ ਨਾਮਕ ਕਲਰਕ ਨੇ ਇਹ ਦਰੁਸਤੀ ਕਰਨ ਬਦਲੇ 30000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਕਲਰਕ ਪਹਿਲਾਂ ਹੀ 9000 ਨਕਦ ਅਤੇ ਗੂਗਲ ਪੇਅ ਰਾਹੀਂ 2500 ਰੁਪਏ ਲੈ ਚੁੱਕਾ ਹੈ ਅਤੇ ਹੁਣ ਬਕਾਇਆ ਰਿਸ਼ਵਤ ਦੀ ਰਕਮ ਮੰਗ ਕਰ ਰਿਹਾ ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਉਕਤ ਤੱਥ ਸਹੀ ਪਾਏ ਗਏ ਕਿ ਮੁਲਜ਼ਮ ਨੇ ਸ਼ਿਕਾਇਤਕਰਤਾ ਪਾਸੋਂ 11500 ਰੁਪਏ ਹਾਸਿਲ ਕੀਤੇ ਗਏ ਸਨ। ਇਸ ਅਨੁਸਾਰ ਉਕਤ ਮੁਲਜ਼ਮ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕਰਕੇ ਉਕਤ ਕਲਰਕ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਨਗਰ ਨਿਗਮ ਦੇ ਸਬੰਧਤ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

## ਆਪ ਵਰਕਰਾਂ ਨੇ ਦੇਵ ਮਾਨ ਦੀ ਅਗਵਾਈ ਹੇਠ ਉਮੀਦਵਾਰ ਡਾ. ਬਲਬੀਰ ਸਿੰਘ ਦੇ ਹੱਕ ਵਿੱਚ ਕੱਢੀ ਮੋਟਰਸਾਈਕਲ ਰੈਲੀ



ਨਾਭਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਆਗੂਆਂ ਵੱਲੋਂ ਨਾਭਾ ਆਪ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਲੋਕ ਸਭਾ ਪਟਿਆਲਾ ਉਮੀਦਵਾਰ ਡਾਕਟਰ ਬਲਬੀਰ ਸਿੰਘ ਦੀ ਚੋਣ ਮੁਹਿੰਮ ਨੂੰ ਤੇਜ਼ ਕਰਦਿਆਂ ਮੋਟਰਸਾਈਕਲ ਰੈਲੀ ਕੱਢੀ ਗਈ।

ਇਸ ਮੌਕੇ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕ ਇੱਕ ਵਾਰ ਫਿਰ ’ਝਾੜੂ’ ਦਾ ਬਟਨ ਦਬਾਉਣ ਲਈ ਤਿਆਰ ਬੈਠੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਹਿਯੋਗ ਲਈ ਉਹ ਧੰਨਵਾਦੀ ਹਨ, ਕਿਉਂਕਿ ਇਹ ਪਿਆਰ ਹੀ ਉਨ੍ਹਾਂ ਨੂੰ ਅਣਥੱਕ ਮਿਹਨਤ ਕਰਨ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ 2022 ਵਿੱਚ ਪੰਜਾਬ ਦੇ ਲੋਕਾਂ ਨੇ ਉਨ੍ਹਾਂ ’ਤੇ ਭਰੋਸਾ ਕਰਕੇ ਵੱਡੀ ਜ਼ਿੰਮੇਵਾਰੀ ਸੌਂਪੀ ਹੈ।

ਹੁਣ 2024 ਵਿੱਚ ਮਾਨ ਸਰਕਾਰ 43,000 ਸਰਕਾਰੀ ਨੌਕਰੀਆਂ ਦੇਣ ਤੋਂ ਬਾਅਦ ਲੋਕਾਂ ਵਿੱਚ ਖੜੀ ਹੈ, 90% ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਉਹਨਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਆਪਣਾ ਇੱਕ ਇੱਕ ਵੋਟ ਆਪ ਪਾਰਟੀ ਦੇ ਉਮੀਦਵਾਰ ਨੂੰ ਪਾ ਕੇ ਕਾਮਯਾਬ ਕਰੋ ਅਤੇ ਉਹਨਾਂ ਨੂੰ ਪਾਰਲੀਮੈਂਟ ਭੇਜੋ।

ਇਸ ਮੌਕੇ ਤੇ ਇਮਪਰੂਵਮੈਂਟ ਟਰੱਸਟ ਨਾਭਾ ਚੇਅਰਮੈਨ ਸੁਰਿੰਦਰ ਪਾਲ ਸ਼ਰਮਾ, ਦੀਪਾ ਰਾਮਗੜ੍ਹ ਚੇਅਰਮੈਨ, ਦੀਪਕ ਨਾਗਪਾਲ, ਤੇਜਿੰਦਰ ਖਹਿਰਾ, ਸੰਜੇ ਮੱਗੋ, ਕਪਿਲ ਮਾਨ, ਪੰਕਜ ਪੱਪੂ, ਸੁਖਦੇਵ ਮਾਨ, ਸਾਬਕਾ ਪ੍ਰਧਾਨ ਗੌਤਮ ਬਾਤਿਸ਼, ਹਰਸਿਮਰਨ ਸਿੰਘ ਸਾਹਨੀ, ਮਾਨਟੂ ਪਾਹੂਜਾ, ਅਮਨ ਗਰਗ, ਕਸ਼ਮੀਰ ਸਿੰਘ ਲਾਲਕਾ, ਗੋਨਾ ਗਰਗ, ਸੁਖਦੀਪ ਸਿੰਘ ਖਹਿਰਾ , ਰਵੀ ਨਾਭਾ, ਤਰਨ ਖਨੋੜਾ ,ਲਾਡੀ ਕਲਿਹਾਣਾ, ਸੁੱਖਾ ਬੂਹੀ , ਗੁਰਚਰਨ ਸਿੰਘ ਲੁਹਾਰ ਮਾਜਰਾ , ਧਰਮਿੰਦਰ ਸਿੰਘ ਸੁੱਖੇਵਾਲ, ਭੁਪਿੰਦਰ ਸਿੰਘ ਕਲਰ ਮਾਜਰੀ, ਜਸਵੀਰ ਸਿੰਘ ਛਿੰਦਾ, ਸਨੀ ਤੁਲੀ, ਹਰੀਸ਼ ਸ਼ਰਮਾ, ਕ੍ਰਿਸ਼ਨ ਕੁਮਾਰ, ਰਣਜੀਤ, ਮਨਪ੍ਰੀਤ ਸਿੰਘ ਵੱਡੀ ਗਿਣਤੀ ਵਿੱਚ ਆਹੁਦੇਦਾਰ ਅਤੇ ਵਲੰਟੀਅਰ ਮੌਜੂਦ ਸਨ।

## ਸਕੂਲ ਆਫ਼ ਐਮੀਨੈਂਸ ਮਾਲ ਰੋਡ ਵਿਖੇ ਵੋਟਰ ਜਾਗਰੂਕਤਾ ਸਮਾਗਮ



ਅੰਮ੍ਰਿਤਸਰ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ-ਕਮ-ਜਿਲ੍ਹਾ ਚੋਣ ਅਫ਼ਸਰ ਸ੍ਰੀ ਘਨਸ਼ਾਮ ਥੋਰੀ ਦੀ ਯੋਗ ਅਗੁਵਾਈ ਅਤੇ ਅੰਮ੍ਰਿਤਸਰ ਉੱਤਰੀ ਵਿਧਾਨਸਭਾ ਹਲਕੇ ਤੋਂ ਸਹਾਇਕ ਰਿਟਰਨਿੰਗ ਅਫ਼ਸਰ-ਕਮ-ਵਧੀਕ ਮੁੱਖ ਪ੍ਰਸ਼ਾਸਨ, ਅੰਮ੍ਰਿਤਸਰ ਵਿਕਾਸ ਅਥਾਰਟੀ ਸ਼੍ਰੀ ਰਜਤ ਉਬਰਾਏ ਦੇ ਦਿਸ਼ਾ ਨਿਰਦੇਸ਼ਾਂ ਤੇ ਅਗਾਮੀ ਲੋਕਸਭਾ ਚੋਣਾਂ-2024 ਵਿੱਚ ਆਮ ਲੋਕਾਂ ਨੂੰ ਵੋਟ ਪਾਉਣ ਲਈ ਉਤਸ਼ਾਹਿਤ ਕਰਨ ਲਈ ਸਕੂਲ ਆਫ਼ ਐਮੀਨੈਂਸ ਮਾਲ ਰੋਡ ਵਿਖੇ ਵੋਟਰ ਜਾਗਰੂਕਤਾ ਸਮਾਗਮ ਕਰਵਾਇਆ ਗਿਆ।ਸਵੇਰ ਦੀ ਸਭਾ ਮੌਕੇ ਕਰਵਾਏ ਗਏ ਇਸ ਸਮਾਗਮ ਵਿੱਚ ਵਿਦਿਆਰਥੀਆਂ ਨੂੰ ਸੰਬੋਧਤ ਕਰਦੇ ਹੋਏ ਅੰਮ੍ਰਿਤਸਰ ਉੱਤਰੀ ਵਿਧਾਨਸਭਾ ਹਲਕੇ ਦੇ ਵੋਟਰ ਜਾਗਰੂਕਤਾ ਮੁਹਿੰਮ ਦੇ ਨੋਡਲ ਅਫ਼ਸਰ ਸ਼੍ਰੀ ਰਾਜਕੁਮਾਰ ਨੇ ਕਿਹਾ ਕਿ ਦੇਸ਼ ਵਿੱਚ ਇਸ ਵੇਲੇ ਚੋਣਾਂ ਦਾ ਪਰਵ ਮਨਾਇਆ ਜਾ ਰਿਹਾ ਹੈ ਅਤੇ ਲੋਕਤੰਤਰ ਦੀ ਮਜ਼ਬੂਤੀ ਇਸ ਗੱਲ ਤੇ ਨਿਰਭਰ ਕਰਦੀ ਹੈ ਕਿ ਕਿੰਨੇ ਲੋਕ ਲੋਕਤੰਤਰ ਵਿੱਚ ਆਸਥਾ ਪ੍ਰਗਟ ਕਰਦੇ ਹੋਏ ਵੋਟਿੰਗ ਪ੍ਰਕਿਰਿਆ ਵਿੱਚ ਹਿੱਸਾ ਲੈਂਦੇ ਹਨ।ਉਹਨਾਂ ਕਿਹਾ ਕਿ ਚੋਣ ਕਮਿਸ਼ਨ ਵਲੋਂ ਇਸ ਵਾਰ ਸੱਤਰ ਪ੍ਰਤੀਸ਼ਤ ਵੋਟਿੰਗ ਤੋਂ ਵੱਧ ਦਾ ਟੀਚਾ ਮਿੱਥਿਆ ਗਿਆ ਹੈ,ਜਿਸਨੂੰ ਹਾਸਿਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਲਗਾਤਾਰ ਵੋਟਰ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਬੋਲਦੇ ਹੋਏ ਜ਼ਿਲ੍ਹਾ ਸਵੀਪ ਟੀਮ ਮੈਂਬਰ ਮੈਡਮ ਆਦਰਸ਼ ਸ਼ਰਮਾ ਨੇ ਕਿਹਾ ਕਿ ਸਕੂਲਾਂ ਅਤੇ ਕਾਲਜ਼ਾਂ ਵਿੱਚ ਸਥਾਪਿਤ ਕੀਤੇ ਹਏ ਚੋਣ ਸਾਖ਼ਰਤਾ ਕੱਲਬਾਂ ਵਲੋਂ ਇਸ ਵਾਰ ਬਹੁਤ ਵਧੀਆ ਕੰਮ ਕੀਤਾ ਜਾ ਰਿਹਾ ਹੈ ਅਤੇ ਿਵਿਦਆਰਥੀਆਂ ਵਲੋਂ ਸਮਾਜ ਵਿੱਚ ਵੋਟਰ ਜਾਗਰੂਕਤਾ ਦਾ ਸੁਨੇਹਾ ਬਹੁਤ ਹੀ ਸੁਚੱਜੇ ਤਰੀਕੇ ਨਾਲ ਪਹੁੰਚਾਇਆ ਜਾ ਰਿਹਾ ਹੈ।ਉਹਨਾਂ ਕਿਹਾ ਕਿ ਭਾਵੇਂ ਗਰਮੀ ਦਾ ਮੌਸਮ ਪੂਰੇ ਸਿਖ਼ਰਾਂ ਤੇ ਹੈ,ਪਰ ਫ਼ਿਰ ਵੀ ਸਾਡੀ ਰੋਜ਼ਾਨਾ ਜਿੰਦਗੀ ਨਿਰਵਿਘਨ ਚੱਲ ਰਹੀ ਹੈ।ਇਸ ਲਈ ਵੋਟ ਪਾਉਣ ਨੂੰ ਵੀ ਇੱਕ ਅਤਿ ਜ਼ਰੂਰੀ ਫ਼ਰਜ਼ ਸਮਝਦੇ ਹੋਏ ਸਾਨੂੰ ਆਪਣੇ ਵੋਟ ਪਾਉਣ ਦੇ ਹੱਕ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।ਵਿਦਿਆਰਥੀਆਂ ਨਾਲ ਰੂ-ਬ-ਰੂ ਹੁੰਦੇ ਹੋਏ ਜ਼ਿਲ੍ਹਾ ਆਈਕਾਨ ਆਰ.ਜੇ.ਦੀਪ ਨੇ ਕਿਹਾ ਕਿ ਹਾਲੇ ਵੀ ਸਾਡੇ ਕੋਲ ਵਕਤ ਹੈ ਜਿਸ ਵਿੱਚ ਅਸੀਂ ਜ਼ਿਆਦਾ ਤੋਂ ਜ਼ਿਆਦਾ ਵੋਟਰਾਂ ਤੱਕ ਪਹੁੰਚ ਕਰਕੇ ਉਹਨਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰ ਸਕਦੇ ਹਾਂ।ਉਹਨਾਂ ਕਿਹਾ ਕਿ ਜ਼ਿਲ੍ਹੇ ਵਿੱਚ 50000 ਦੇ ਲੱਗਭਗ ਨਵੇਂ ਵੋਟਰ ਹਨ ਅਤੇ ਇਹਨਾਂ ਵੋਟਰਾਂ ਨੂੰ ਪਹਿਲੀ ਵਾਰ ਵੋਟ ਪਾਉਣ ਦਾ ਮੌਕਾ ਮਿਲ ਰਿਹਾ ਹੈ,ਇਸ ਲਈ ਇਹਨਾਂ ਨਵੇਂ ਵੋਟਰਾਂ ਨੂੰ ਹਰ ਹਾਲ ਵਿੱਚ ਆਪਣੇ ਮਤਦਾਨ ਦਾ ਪ੍ਰਯੋਗ ਕਰਨਾ ਚਾਹੀਦਾ ਹੈ।ਉਹਨਾਂ ਚੰਗੇ ਉਮੀਦਵਾਰ ਦੀ ਚੋਣ ਕਰਨ ਕਰਨ ਦਾ ਵੀ ਸੁਨੇਹਾ ਦਿੱਤਾ।ਉਹਨਾਂ ਕਿਹਾ ਕਿ ਸਕੂਲ ਵਿੱਚ ਪੜ੍ਹਨ ਵਾਲੇ ਵਿਦਆਰਥੀਆਂ ਨੂੰ ਆਪਣੇ ਘਰ ਦੇ ਸਾਰੇ ਮੈਂਬਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਵੋਟ ਪਾਉਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਨੂੰ ਸਮਾਜ ਵਿੱਚ ਵੋਟਰ ਜਾਗਰੂਕਤਾ ਫ਼ੈਲਾਉਣ ਦੀ ਸੰਹੁ ਵੀ ਚੁਕਾਈ ਗਈ।

ਇਸ ਮੌਕੇ ਲੈਕਚਰਾਰ ਸ਼੍ਰੀਮਤੀ ਮਨਦੀਪ ਬੱਲ, ਸ਼੍ਰੀਮਤੀ ਨੀਨਾ, ਪ੍ਰੀਤਇੰਦਰ, ਰਮਨ ਕਾਲੀਆ ਅਤੇ ਮਨਿੰਦਰ ਕੌਰ ਵੀ ਹਾਜ਼ਰ ਸਨ।

## ਡਾਕਟਰ ਬਲਬੀਰ ਦੀ ਜਿੱਤ ਲਈ ਬਲਾਕ ਪ੍ਰਧਾਨ ਜਗਤਾਰ ਜੱਗੀ ਅਤੇ ਯੂਥ ਪ੍ਰਧਾਨ ਪਟਿਆਲਾ ਹਰਮਨ ਸੰਧੂ ਵਲੋ ਮੀਟਿੰਗਾਂ ਦਾ ਲਗਾਤਾਰ ਕੀਤਾ ਦੌਰ ਸ਼ੁਰ



ਪਟਿਆਲਾ, 24 ਮਈ
--ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਡਾਕਟਰ ਬਲਬੀਰ ਜੀ ਦੀ ਚੋਣ ਮੁਹਿੰਮ ਲਈ ਸਮੂਹ ਆਮ ਆਦਮੀ ਪਾਰਟੀ ਦੇ ਮੈਬਰ ਲਗਾਤਾਰ ਚੋਣ ਪ੍ਰਚਾਰ ਕਰ ਰਹੇ ਹਨ। ਇਸੇ ਲੜੀ ਤਹਿਤ ਯੂਥ ਪ੍ਰਧਾਨ ਪਟਿਆਲਾ ਹਲਕਾ ਹਰਮਨ ਸੰਧੂ ਵਲੋ ਆਪਣੇ ਇਲਾਕੇ ਵਿਖੇ ਡਾਕਟਰ ਬਲਬੀਰ ਦੀ ਵਿਸ਼ਾਲ ਰੈਲੀ ਕਰਵਾਈ ਗਈ। ਇਸ ਮੌਕੇ ਲੋਕਾ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਇਸ ਮੌਕੇ ਹਲਕਾ ਪਟਿਆਲਾ ਦੇ ਐਮ ਐਲ ਏ ਅਜੀਤ ਪਾਲ ਸਿੰਘ ਕੋਹਲੀ ਵਲੋ ਇਸ ਮੌਕੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ। ਉਨ੍ਹਾਂ ਪਟਿਆਲੇ ਦੇ ਲੋਕਾ ਨੂੰ ਇਮਾਨਦਾਰ ਸਖਸ਼ੀਅਤ ਡਾਕਟਰ ਬਲਬੀਰ ਨੂੰ ਵੋਟਾ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਡਾਕਟਰ ਬਲਬੀਰ ਵਲੋ ਬੋਲਦਿਆਂ ਦਸਿਆ ਗਿਆ ਕਿ ਪਟਿਆਲੇ ਚ ਪਿਛਲੀਆ ਸਰਕਾਰਾਂ ਨੇ ਵਿਕਾਸ ਦੇ ਨਾਮ ਤੇ ਲੋਕਾ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਜਦੋਂ ਦੀ ਆਪ ਦੀ ਸਰਕਾਰ ਆਈ ਹੈ ਲੋਕਾ ਦੇ ਬਿੱਜਲੀ ਦੇ ਬਿੱਲ ਜੀਰੋ ਆਏ ਨੇ, ਮੁਹੱਲਾ ਕਲੀਨਿਕ ਲੋਕਾ ਲਈ ਬਹੁਤ ਲਾਭਕਾਰੀ ਸਿੱਧ ਹੋ ਰਹੇ ਹਨ। ਲੋਕ ਆਮ ਆਦਮੀ ਪਾਰਟੀ ਨੂੰ ਆਪਣੀ ਪਾਰਟੀ ਸਮਝਦੇ ਹਨ। ਇਸ ਮੌਕੇ ਸੀਨੀਅਰ ਆਗੂ ਬਲਾਕ ਪ੍ਰਧਾਨ ਜਗਤਾਰ ਜੱਗੀ ਨੇ ਲੋਕਾ ਨੂੰ ਆਪ ਦੇ ਉਮੀਦਵਾਰ ਡਾਕਟਰ ਬਲਬੀਰ ਸਿੰਘ ਜੀ ਨੂੰ ਵੋਟਾ ਪਾਉਣ ਲਈ ਅਪੀਲ ਕੀਤੀ। ਇਸ ਮੌਕੇ ਹਰਮਨ ਸੰਧੂ ਵਲੋ ਲੋਕਾ ਦਾ ਧੰਨਵਾਦ ਕੀਤਾ ਗਿਆ, ਉਨ੍ਹਾਂ ਵਲੋ ਐਮ ਐਲ ਏ ਅਜੀਤ ਪਾਲ ਸਿੰਘ ਕੋਹਲੀ ਜੀ ਦਾ ਧੰਨਵਾਦ ਕਰਦਿਆ ਦਸਿਆ ਗਿਆ ਕਿ ਉਨਾ ਵਲੋ ਵਾਰਡ 50 ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸ ਮੌਕੇ ਸੁਰਜੀਤ ਅਬਲੋਵਾਲ, ਬਲਵਿੰਦਰ ਸਿੱਧੂ,ਮਲੂਕ ਸਿੰਘ ਖਿੰਡਾ, ਰਵੀ ਸੋਹਲ ਸ਼ਿਵ ਮੰਦਰ ਲਹਿਲ, ਮੰਡੋਰਾ ਪਰਿਵਾਰ, ਗੋਡ ਪਰਿਵਾਰ, ਕਰਨੈਲ ਸਿੰਘ ,ਹਰਦੀਪ ਸਿੰਘ ਅਤੇ ਮੁਹੱਲਾ ਨਿਵਾਸੀਆ ਵਲੋ ਸ਼ਿਰਕਤ ਕੀਤੀ ਗਈ

# ਸਨਅਤਕਾਰ ਪੰਜਾਬ ਛੱਡ ਰਹੇ ਨੇ, ਨਸ਼ਾਖੋਰੀ ਵਧੀ ਤੇ ਸੂਬਾ ਸਰਕਾਰ ਕਰਜ਼ੇ 'ਤੇ ਚੱਲ ਰਹੀ ਹੈ: ਮੋਦੀ

## ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਲਈ ਬਹੁਤ ਕੁੱਝ ਕੀਤਾ : ਪਰਨੀਤ ਕੌਰ

**ਪਟਿਆਲਾ, 24 ਮਈ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਪਟਿਆਲਾ 'ਚ ਭਾਜਪਾ ਦੀ ਲੋਕ ਸਭਾ ਉਮੀਦਵਾਰ ਪ੍ਰਨੀਤ ਕੌਰ ਦੇ ਹੱਕ ਚੋਣ ਰੈਲੀ ਕਰਨ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੁੱਜ ਗਏ। ਸ੍ਰੀ ਮੋਦੀ ਨੇ ਇਥੇ ਪੋਲੋ ਗਰਾਊਂਡ ਵਿੱਚ ਆਪਣੀ ਪਹਿਲੀ ਰੈਲੀ ਕਰਕੇ ਸੂਬੇ ਵਿੱਚ ਪਾਰਟੀ ਦੀ ਲੋਕ ਸਭਾ ਚੋਣ ਮੁਹਿੰਮ ਦੀ ਸ਼ੁਰੂਆਤ ਕਰ ਦਿੱਤੀ। ਸ੍ਰੀ ਮੋਦੀ ਨੇ ਰੈਲੀ ਦੌਰਾਨ ਕਿਹਾ ਕਿ ਸਨਅਤਕਾਰ ਪੰਜਾਬ ਛੱਡ ਕੇ ਜਾ ਰਹੇ ਹਨ, ਨਸ਼ਾਖੋਰੀ ਵਧ ਰਹੀ ਹੈ ਅਤੇ ਸੂਬਾ ਸਰਕਾਰ ਕਰਜ਼ੇ 'ਤੇ ਚੱਲ ਰਹੀ ਹੈ। ਵਿਰੋਧੀ ਇੰਡੀਆ ਗੱਠਜੋੜ ਬਾਰੇ ਕਿਹਾ ਕਿ ਉਨ੍ਹਾਂ ਕੋਲ ਨਾ ਤਾਂ ਕੋਈ ਨੇਤਾ ਹੈ ਅਤੇ ਨਾ ਹੀ ਇਰਾਦਾ। ਇੱਕ ਪਾਸੇ ਭਾਜਪਾ ਅਤੇ ਐਨਡੀਏ ਹੈ, ਜਦਕਿ ਦੂਜੇ ਪਾਸੇ ਭ੍ਰਿਸ਼ਟ ਲੋਕਾਂ ਦਾ 'ਇੰਡੀਆ' ਗਠਜੋੜ। ਇਸ ਮੌਕੇ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਤੋਂ ਇਲਾਵਾ ਮਨਪ੍ਰੀਤ ਬਾਦਲ ਤੇ ਭਾਜਪਾ ਦੇ ਰਾਜ ਵਿਚਲੇ ਲੋਕ ਸਭਾ ਉਮੀਦਵਾਰ ਹਾਜ਼ਰ ਹਨ।ਉਨ੍ਹਾਂ ਨੇ ਰੈਲੀ ਨੂੰ ਸੰਬੋਧਿਤ ਕੀਤਾ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪੰਜਾਬੀ ਚੰਗੀ ਤਰ੍ਹਾਂ ਜਾਣਦਾ ਹੈ ਕਿ ਆਪਣਾ ਵੋਟ ਬੇਕਾਰ ਨਹੀਂ ਕਰਨਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵੋਟ ਉਸ ਨੂੰ ਪਾਓ ਜੋ ਵਿਕਸਿਤ ਭਾਰਤ ਬਣਾਉਣ ਦਾ ਸੰਕਲਪ ਲਵੇ। ਇਸ ਲਈ ਜ਼ਰੂਰੀ ਹੈ- ਫਿਰ ਇਕ ਵਾਰ ਮੋਦੀ ਦੀ ਸਰਕਾਰ। ਉਨ੍ਹਾਂ ਕਿਹਾ ਕਿ ਜਨਤਾ ਨੇ ਮੋਹਰ ਲਾ ਦਿੱਤੀ ਹੈ, ਫਿਰ ਇਕ ਵਾਰ ਮੋਦੀ ਸਰਕਾਰ।

ਆਪਣੇ ਭਾਸ਼ਣ ਦੀ ਸ਼ੁਰੂਆਤ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਮੈਂ ਬਹੁਤ ਖੁਸ਼ਕਿਸਮਤ ਹਾਂ ਕਿ ਸ੍ਰੀ ਗੁਰੂ





ਤੇਗ ਬਹਾਦਰ ਜੀ ਦੇ ਪਾਵਨ ਛੋਹ ਅਤੇ ਕਾਲੀ ਮਾਤਾ ਜੀ ਦੇ ਪਾਵਨ ਸਥਾਨ ਪਟਿਆਲਾ ਆਉਣ ਦਾ ਮੌਕਾ ਮਿਲਿਆ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪੰਜਾਬੀ ਚੰਗੀ ਤਰ੍ਹਾਂ ਜਾਣਦਾ ਹੈ ਕਿ ਆਪਣਾ ਵੋਟ ਬੇਕਾਰ ਨਹੀਂ ਕਰਨਾ ਹੈ। ਉਨ੍ਹਾਂ ਕਿਹਾ ਕਿ ਵੋਟ ਉਸ ਨੂੰ ਪਾਓ ਜੋ ਵਿਕਸਿਤ ਭਾਰਤ ਬਣਾਉਣ ਦਾ ਸੰਕਲਪ ਲਵੇ। ਇਸ ਲਈ ਜ਼ਰੂਰੀ ਹੈ- ਫਿਰ ਇਕ ਵਾਰ ਮੋਦੀ ਦੀ ਸਰਕਾਰ। ਉਨ੍ਹਾਂ ਕਿਹਾ ਕਿ ਜਨਤਾ ਨੇ ਮੋਹਰ ਲਾ ਦਿੱਤੀ ਹੈ, ਫਿਰ ਇਕ ਵਾਰ ਮੋਦੀ ਸਰਕਾਰ।

ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ 2024 ਦੀਆਂ ਚੋਣਾਂ ਦੇਸ਼ ਨੂੰ ਮਜ਼ਬੂਤ ਬਣਾਉਣ ਦੀਆਂ ਚੋਣਾਂ ਹਨ। ਇਕ ਪਾਸੇ ਭਾਜਪਾ ਅਤੇ ©41 ਹੈ। ਦੂਜੇ ਪਾਸੇ ਭ੍ਰਿਸ਼ਟਾਚਾਰੀਆਂ ਦਾ 'ਇੰਡੀਆ' ਗਠਜੋੜ ਹੈ। ਇਕ ਪਾਸੇ ਮੋਦੀ ਹੈ, ਜੋ ਲੜਾਕੂ ਜਹਾਜ਼ ਤੋਂ ਲੈ ਕੇ ਏਅਰਕ੍ਰਾਫਟ ਭਾਰਤ ਵਿਚ ਬਣਾ ਰਿਹਾ ਹੈ। ਦੂਜੇ ਪਾਸੇ ਇੰਡੀਆ ਗਠਜੋੜ ਹੈ, ਜਿਸ ਕੋਲ ਨਾ ਨੇਤਾ ਹੈ ਅਤੇ ਨਾ ਹੀ ਨੀਤੀ। ਇੰਡੀਆ ਗਠਜੋੜ ਕਹਿੰਦਾ ਹੈ ਕਿ ਸਾਡੇ ਪਰਮਾਣੂ ਹਥਿਆਰਾਂ ਨੂੰ ਖਤਮ ਕਰ ਦੇਣਾ ਚਾਹੀਦਾ ਹੈ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਇਕ ਪਾਸੇ ਮੋਦੀ ਸਰਕਾਰ ਹੈ, ਜਿਸ ਵਿਚ ਅੱਤਵਾਦੀਆਂ ਨੂੰ ਘਰ 'ਚ ਦਾਖ਼ਲ ਹੋ ਕੇ ਮਾਰਨ ਦਾ ਸਾਹਸ ਹੈ, ਦੂਜੇ ਪਾਸੇ ਇੰਡੀਆ ਗਠਜੋੜ ਵਾਲੇ ਹਨ ਜੋ ਅੱਤਵਾਦੀਆਂ ਦੇ ਐਨਕਾਊਂਟ 'ਤੇ ਹੰਝੂ ਵਹਾਉਂਦੇ ਹਨ। ਇਕ ਪਾਸੇ ਮੋਦੀ ਸਰਕਾਰ ਹੈ, ਜਿਸ ਨੇ 10 ਸਾਲ ਵਿਚ 25 ਕਰੋੜ ਲੋਕਾਂ ਨੂੰ ਗਰੀਬੀ ਵਿਚੋਂ ਬਾਹਰ ਕੱਢਿਆ ਹੈ। ਦੂਜੇ ਪਾਸੇ ਇੰਡੀਆ ਗਠਜੋੜ ਹੈ, ਜੋ ਤੁਹਾਡੀ ਕਮਾਈ ਅਤੇ ਖੇਤ ਦਾ ਅੱਧਾ ਹਿੱਸਾ ਖੋਹ ਲਵੇਗਾ।

ਪ੍ਰਧਾਨ ਮੰਤਰੀ ਮੋਦੀ ਨੇ ਅੱਗੇ ਕਿਹਾ ਕਿ ਜਿੰਨੀ ਸੇਵਾ ਮੈਂ ਕਰ ਸਕਿਆ, ਮੈਂ ਕੀਤੀ। ਅੱਜ ਕਰਤਾਰਪੁਰ ਸਾਹਿਬ ਸਾਡੇ ਸਾਹਮਣੇ ਹੈ। ਸਾਡੀ ਸਰਕਾਰ ਨੇ ਲੰਗਰ ਨੂੰ ਟੈਕਸ ਮੁਕਤ ਕੀਤਾ। ਪਹਿਲਾਂ ਦੀਆਂ ਸਰਕਾਰਾਂ ਵੀ ਇਹ ਕਰ ਸਕਦੀਆਂ ਸਨ। ਇਹ ਮੋਦੀ ਸਰਕਾਰ ਹੈ, ਜਿਸ ਨੇ ਸਾਹਿਬਜ਼ਾਦਿਆਂ ਲਈ ਵੀਰ ਬਾਲ ਦਿਵਸ ਐਲਾਨ ਕੀਤਾ ਪਰ ਕੁਝ ਲੋਕਾਂ ਨੂੰ ਸਮਝ ਨਹੀਂ ਆ ਰਿਹਾ ਹੈ ਕਿ ਵੀਰ ਬਾਲ ਦਿਵਸ ਐਲਾਨ ਕਰਨ ਦਾ ਮਤਲਬ ਕੀ ਹੈ। ਹੈਰਾਨ ਹਾਂ ਕਿ ਕੁਝ ਲੋਕਾਂ ਨੂੰ ਇਹ ਸਮਝ ਨਹੀਂ ਆ ਰਿਹਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਉਹ ਕਾਂਗਰਸ ਵਾਲੇ ਹਨ, ਜਿਨ੍ਹਾਂ ਨੇ ਸੱਤਾ ਲਈ ਭਾਰਤ ਦੀ ਵੰਡ ਕੀਤੀ। ਆਜ਼ਾਦੀ ਮਗਰੋਂ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੂਰਬੀਨ ਨਾਲ ਕਰਦੇ ਸੀ। 1971 ਦੀ ਲੜਾਈ ਵਿਚ ਸਾਡੇ ਹੱਥ ਵਿਚ 90 ਹਜ਼ਾਰ ਫ਼ੌਜੀ ਸਨ। ਹੁਕਮ ਦਾ ਪੱਤਾ ਸਾਡੇ ਹੱਥ ਵਿਚ ਸੀ। ਸਾਥੀਓਂ, ਮੈਂ ਵਿਸ਼ਵਾਸ ਨਾਲ ਕਹਿੰਦਾ ਹਾਂ ਕਿ ਜੇਕਰ ਉਸ ਸਮੇਂ ਮੋਦੀ ਹੁੰਦਾ ਤਾਂ ਮੈਂ ਇਨ੍ਹਾਂ ਤੋਂ ਕਰਤਾਰਪੁਰ ਸਾਹਿਬ ਲੈ ਕੇ ਰਹਿੰਦਾ, ਤਾਂ ਜਾ ਕੇ ਉਨ੍ਹਾਂ ਜਵਾਨਾਂ ਨੂੰ ਛੱਡਦਾ।

**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਵਿਸ਼ਾਲ ਫਤਿਹ ਰੈਲੀ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਪਟਿਆਲਾ ਤੋਂ ਉਮੀਦਵਾਰ ਪਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਪੂਰੇ ਦੇਸ਼ ਲਈ ਬਹੁਤ ਕੁੱਝ ਕੀਤਾ ਹੈ। ਉਨ੍ਹਾਂ ਨੇ ਪ੍ਰਧਾਨ ਮੰਤਰੀ ਮੋਦੀ ਦੀਆਂ ਪ੍ਰਾਪਤੀਆਂ ਗਿਣਵਾਉਂਦਿਆਂ ਕਿਹਾ ਕਿ ਸਿਰਫ



ਪਟਿਆਲਾ ਦੇ ਹੀ 12 ਲੱਖ, 86 ਹਜ਼ਾਰ ਲੋਕਾਂ ਨੂੰ ਮੁਫ਼ਤ ਰਾਸ਼ਨ ਦਿੱਤਾ ਗਿਆ। 7 ਲੱਖ, 8 ਹਜ਼ਾਰ ਆਯੂਸ਼ਮਾਨ ਕਾਰਡ ਬਣਾਏ ਗਏ। ਐੱਲ. ਪੀ. ਜੀ. ਗੈਸ ਸਿਲੰਡਰ 1 ਲੱਖ, 25 ਹਜ਼ਾਰ ਔਰਤਾਂ ਨੂੰ ਮਿਲਿਆ।

ਪਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੇ ਰਾਜ 'ਚ 2 ਲੱਖ ਕਿਸਾਨਾਂ ਦਾ ਸਨਮਾਨ ਹੋਇਆ ਅਤੇ ਇਹ ਸਿਰਫ ਪਟਿਆਲਾ ਲੋਕ ਸਭਾ ਹਲਕੇ ਦੇ ਅੰਕੜੇ ਹਨ। ਇਸ ਤੋਂ ਇਲਾਵਾ ਪੱਕੇ ਘਰ ਬਣਾਏ ਗਏ।

ਪਰਨੀਤ ਕੌਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਰਾਮ ਲੱਲਾ ਨੂੰ ਅਯੁੱਧਿਆ ਲਿਆਏ ਹਨ ਅਤੇ ਮੈਂ ਖ਼ੁਦ ਬਹੁਤ ਭਾਗਸ਼ਾਲੀ ਮੰਨਦੀ ਹਾਂ ਕਿ ਅਯੁੱਧਿਆ ਵਿਖੇ ਮੱਥਾ ਟੇਕਣ ਦਾ ਮੌਕਾ ਮਿਲਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਦਕਾ ਹੀ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੁੱਲ੍ਹਿਆ ਹੈ ਅਤੇ ਸੰਗਤ ਦਰਸ਼ਨ ਕਰ ਸਕਦੀ ਹੈ। ਉਨ੍ਹਾਂ ਨੇ ਇਸ ਮੌਕੇ ਲੋਕਾਂ ਨੂੰ ਭਾਜਪਾ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ।

# ਹਰਿਆਣਾ 'ਚ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਮਹਿੰਗਾਈ ਲਈ ਭਾਜਪਾ ਜ਼ਿੰਮੇਦਾਰ: ਪ੍ਰਿਅੰਕਾ ਗਾਂਧੀ

**ਸਿਰਸਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਨੇਤਾ ਪ੍ਰਿਅੰਕਾ ਗਾਂਧੀ ਵਾਡਰਾ ਨੇ ਵੀਰਵਾਰ ਨੂੰ ਹਰਿਆਣਾ ਦੀ ਭਾਰਤੀ ਜਨਤਾ ਪਾਰਟੀ ਵੱਲੋਂ ਕੀਤੀ ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਅਤੇ ਮਹਿੰਗਾਈ ਲਈ ਆਲੋਚਨਾ ਕੀਤੀ। ਕਾਂਗਰਸ ਨੇਤਾ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ ਪਾ ਕੇ ਕਿਹਾ ਕਿ ਸਭ ਤੋਂ ਜ਼ਿਆਦਾ ਮਹਿੰਗਾਈ ਹਰਿਆਣਾ 'ਚ ਹੈ, ਜਿਸ ਦੀ ਕੀਮਤ ਇੱਥੋਂ ਦੇ ਨੌਜਵਾਨਾਂ ਨੂੰ ਚੁੱਕਾਉਣੀ ਪੈ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਜਨਤਾ ਮਹਿੰਗਾਈ, ਭ੍ਰਿਸ਼ਟਾਚਾਰ ਅਤੇ ਬੇਰੁਜ਼ਗਾਰੀ ਤੋਂ ਤੰਗ ਆ ਚੁੱਕੀ ਹੈ। ਪ੍ਰਿਅੰਕਾ ਨੇ ਕਿਹਾ, ਸੂਬੇ 'ਚ ਕਾਂਗਰਸ ਪਾਰਟੀ ਦੀ ਜ਼ਬਰਦਸਤ ਲਹਿਰ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਸੂਬੇ ਦੀਆਂ ਸਾਰੀਆਂ ਸੀਟਾਂ ਵੱਡੇ ਫਰਕ ਨਾਲ ਜਿੱਤੇਗੀ।

ਦੱਸ ਦਈਏ ਕਿ ਪ੍ਰਿਅੰਕਾ ਨੇ 25 ਮਈ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਲਈ ਪਾਰਟੀ ਉਮੀਦਵਾਰ ਕੁਮਾਰੀ ਸ਼ੈਲਜਾ ਦੇ ਹੱਕ 'ਚ ਹਰਿਆਣਾ ਵਿਚ ਰੋਡ ਸ਼ੋਅ ਦੀ ਅਗਵਾਈ ਕੀਤੀ। ਇਹ ਸ਼ੋਅ ਕਰੀਬ ਇੱਕ ਘੰਟਾ ਚੱਲਿਆ, ਜਿਸ ਦੌਰਾਨ



ਪ੍ਰਿਅੰਕਾ ,ਸ਼ੈਲਜਾ ਅਤੇ ਹਰਿਆਣਾ ਦੀ ਸਾਬਕਾ ਮੰਤਰੀ ਕਿਰਨ ਚੌਧਰੀ ਦੇ ਨਾਲ ਇੱਕ ਖੁੱਲ੍ਹੀ ਗੱਡੀ 'ਚ ਖੜ੍ਹੀ ਹੋਈ ਅਤੇ ਲੋਕਾਂ ਨੂੰ ਹੱਥ ਹਿਲਾਉਂਦੀ ਰਹੀ। ਇਹ ਪ੍ਰਿਅੰਕਾ ਦਾ ਹਰਿਆਣਾ ਵਿੱਚ ਪਹਿਲਾ ਰੋਡ ਸ਼ੋਅ ਸੀ। ਰੋਡ ਸ਼ੋਅ ਦੌਰਾਨ ਕਾਂਗਰਸੀ ਵਰਕਰਾਂ ਨੇ ਹੱਥਾਂ ਵਿੱਚ ਪਾਰਟੀ ਦਾ ਝੰਡਾ ਫੜ ਕੇ 'ਕਾਂਗਰਸ ਪਾਰਟੀ ਜ਼ਿੰਦਾਬਾਦ' ਦੇ ਨਾਅਰੇ ਲਾਏ। ਉਸ 'ਤੇ ਫੁੱਲਾਂ ਦੀ ਵਰਖਾ ਵੀ ਕੀਤੀ। ਕੁਮਾਰੀ ਸ਼ੈਲਜਾ ਹਰਿਆਣਾ ਵਿਚ ਕਾਂਗਰਸ ਦਾ ਮੁੱਖ ਦਲਿਤ ਚਿਹਰਾ ਹੈ ਅਤੇ ਭਾਜਪਾ ਦੇ ਅਸ਼ੋਕ ਤੰਵਰ ਨਾਲ ਮੁਕਾਬਲਾ ਹੈ। ਤੰਵਰ ਪਹਿਲਾਂ ਕਾਂਗਰਸ ਵਿੱਚ ਸਨ ਅਤੇ ਹਰਿਆਣਾ ਕਾਂਗਰਸ ਦੇ ਪ੍ਰਧਾਨ ਰਹਿ ਚੁੱਕੇ ਹਨ। ਸੂਬੇ ਦੀਆਂ ਸਾਰੀਆਂ 10 ਲੋਕ ਸਭਾ ਸੀਟਾਂ 'ਤੇ 25 ਮਈ ਨੂੰ ਵੋਟਾਂ ਪੈਣਗੀਆਂ।

# 10000 ਰੁਪਏ ਦੀ ਰਿਸ਼ਵਤ ਲੈਂਦਾ ਐਸਡੀਐਮ ਦਾ ਸਟੈਨੋ ਵਿਜੀਲੈਂਸ ਵੱਲੋਂ ਕਾਬੂ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੀਰਵਾਰ ਨੂੰ ਐਸ.ਡੀ.ਐਮ ਫਿਰੋਜ਼ਪੁਰ ਨਾਲ ਤਾਇਨਾਤ ਸਟੈਨੋ ਗੁਰਮੀਤ ਸਿੰਘ ਵਾਸਿ ਪਿੰਡ ਹਸਨ ਢੱਟ, ਜ਼ਿਲ੍ਹਾ ਫਿਰੋਜ਼ਪੁਰ ਨੂੰ 10000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਮੋਗਾ ਜ਼ਿਲ੍ਹੇ ਦੇ ਕਸਬਾ ਬਾਘਾ ਪੁਰਾਣਾ ਦੇ ਵਸਨੀਕ ਹਰਪ੍ਰੀਤ ਸਿੰਘ ਕੰਬੋ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਲੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ



ਨੂੰ ਸੰਪਰਕ ਕਰਕੇ ਦੱਸਿਆ ਕਿ ਉਕਤ ਮੁਲਜ਼ਮ ਨੇ ਰਿਹਾਇਸ਼ੀ ਮਕਾਨ ਵਿੱਚੋਂ ਉਸ ਦੀ ਭੈਣ ਦੇ ਨਾਮ ਹਿੱਸਾ ਕਰਵਾਉਣ ਲਈ ਉਸ ਦੀ ਮੱਦਦ ਕਰਨ ਬਦਲੇ 25000 ਰੁਪਏ ਦੀ ਮੰਗ ਕੀਤੀ ਹੈ ਕਿਉਂਕਿ ਇਸ ਸਬੰਧੀ ਐਸਡੀਐਮ ਦਫ਼ਤਰ ਵਿੱਚ ਅਰਜ਼ੀ ਲੰਬਿਤ ਪਈ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਕੇ ਉਕਤ ਸਟੈਨੋ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10,000 ਰੁਪਏ ਰਿਸ਼ਵਤ ਦੀ ਪਹਿਲੀ ਕਿਸ਼ਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਉਨਾਂ ਦੱਸਿਆ ਕਿ ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਆਰਥਿਕ ਅਪਰਾਧ ਸ਼ਾਖਾ ਲੁਧਿਆਣਾ ਯੂਨਿਟ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਸਬੰਧੀ ਅਗਲੇਰੀ ਕਾਰਵਾਈ ਜਾਰੀ ਹੈ।

## ਲੋਕ ਸਭਾ ਆਮ ਚੋਣ ਅੱਜ ਰਵਾਨਾ ਹੋਣਗੀਆਂ ਚੋਣ ਪਾਰਟੀਆਂ

# ਚੋਣਾਵੀ ਡਿਊਟੀ ਵਿਚ ਰੁਕਾਵਟ ਉਤਪਨ ਕਰਨ ਵਾਲਿਆਂ ਵਿਰੁੱਧ ਨਿਯਮ ਅਨੁਸਾਰ ਹੋਵੇਗੀ ਸਖਤ ਕਾਰਵਾਈ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਅਨੁਰਾਗ ਅਗਰਵਾਲ ਨੇ ਕਿਹਾ ਕਿ ਸੂਬੇ ਵਿਚ ਹੋ ਰਹੇ ਲੋਕਸਭਾ ਆਮ ਚੋਣ-2024 ਲਈ ਚੋਣ ਪਾਰਟੀਆਂ ਅੱਜ 24 ਨੂੰ ਚੋਣ ਕੇਂਦਰਾਂ ਦੇ ਲਈ ਰਵਾਨਾ ਹੋਣਗੀਆਂ। ਚੋਣ ਡਿਊਟੀ 'ਤੇ ਜਾ ਰਹੀ ਚੋਣ ਪਾਰਟੀ ਦੇ ਕੰਮ ਵਿਚ ਜੇਕਰ ਕੋਈ ਅਸਮਾਜਿਕ ਤੱਤ ਜਾਂ ਰਾਜਨੀਤਿਕ ਪਾਰਟੀਆਂ ਆਪਣੇ ਪ੍ਰਭਾਵ ਦੇ ਚਲਦੇ ਉਨ੍ਹਾਂ ਦੀ ਡਿਊਟੀ ਵਿਚ ਕਿਸੇ ਤਰ੍ਹਾ ਦੀ ਰੁਕਾਵਟ ਉਤਪਨ ਕਰਦੇ ਹਨ ਤਾਂ ਉਨ੍ਹਾਂ ਦੇ ਵਿਰੁੱਧ ਨਿਯਮ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ।

ਸ੍ਰੀ ਅਗਰਵਾਲ ਨੇ ਦਸਿਆ ਕਿ ਪੋਲਿੰਗ ਪਾਰਟੀਆਂ ਦੀ ਪਹਿਲੀ ਰੇਂਡਵਾਈਜੇਸ਼ਨ ਦੀ ਪ੍ਰਕ੍ਰਿਆ 24 ਅਪ੍ਰੈਲ ਨੂੰ ਅਤੇ ਸਿਖਲਾਈ ਦਾ ਕੰਮ ਅਤੇ 6 ਮਈ, 2024 ਨੂੰ ਕੀਤਾ ਜਾ ਚੁੱਕਾ ਹੈ। ਦੂਜੀ ਰੇਂਡਮਾਈਜੇਸ਼ਨ 10 ਮਈ ਅਤੇ ਸਿਖਲਾਈ 19 ਮਈ ਨੂੰ ਪੂਰੀ ਕੀਤੀ ਜਾ ਚੁੱਕੀ ਹੈ। ਹੁਣ 24 ਮਈ ਨੂੰ ਇਹ ਸਾਰੀ ਪੋਲਿੰਗ ਪਾਰਟੀਆਂ ਆਪਣੇ-ਆਪਣੇ ਚੋਣ ਕੇਂਦਰ ਲਈ ਰਵਾਨਾ ਹੋਣਗੀਆਂ। ਉਨ੍ਹਾਂ ਨੇ ਦਸਿਆ ਕਿ ਹਰਿਆਣਾ ਵਿਚ ਲੋਕਸਭਾ ਆਮ ਚੋਣ-2024 ਅਤੇ ਕਰਨਾਲ ਵਿਧਾਨਸਭਾ ਜਿਮਨੀ ਚੋਣ ਤਹਿਤ 25 ਮਈ ਨੂੰ ਚੋਣ ਹੋਵੇਗਾ। ਇਸ ਦੀ ਸਾਰੀ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਉਨ੍ਹਾਂ ਨੇ ਦਸਿਆ ਕਿ ਚੋਣ ਕੇਂਦਰ ਦੇ ਅੰਦਰ ਜੇਕਰ ਕਿਸੀ ਵਿਅਕਤੀ ਦਾ ਆਂਚਰਣ ਸਹੀ ਨਹੀਂ ਹੈ ਜਾਂ ਪ੍ਰੀਸਾਈਡਿੰਗ ਅਧਿਕਾਰੀ ਦੇ ਆਦੇਸ਼ਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਨੂੰ ਡਿਊਟੀ 'ਤੇ ਤੈਨਾਤ ਪੁਲਿਸ ਕਰਮਚਾਰੀ ਵੱਲੋਂ ਚੋਣ ਕੇਂਦਰ ਤੋਂ ਬਾਹਰ ਕੱਢ ਦਿੱਤਾ ਜਾਵੇਗਾ। ਉਸ ਦੇ ਬਾਅਦ ਵੀ ਜੇਕਰ ਉਹ ਵਿਅਕਤੀ ਪ੍ਰੀਸਾਈਡਿੰਗ ਅਧਿਕਾਰੀ ਦੀ ਮੰਜ਼ੂਰੀ ਦੇ ਬਿਨ੍ਹਾਂ ਚੋਣ ਕੇਂਦਰ ਵਿਚ ਮੁੜ ਦਾਖਲ ਹੁੰਦਾ ਹੈ ਤਾਂ ਉਸ ਨੂੰ ਗਿਰਫਤਾਰ ਕਰ ਲਿਆ ਜਾਵੇਗਾ। ਲੋਕ ਪ੍ਰਤੀਨਿਧੀਤਵ ਐਕਟ, 1951 ਦੀ ਧਾਰਾ 132 ਦੇ ਤਹਿਤ ਉਸ 'ਤੇ ਨਿਯਮ ਅਨੁਸਾਰ ਕਾਰਵਾਈ ਕੀਤੀ ਜਾਵੇਗੀ ਅਤੇ 3 ਮਹੀਨੇ ਦੀ ਜੇਲ ਜਾਂ ਜ਼ੁਰਮਾਨਾ ਜਾਂ ਦੋਵਾਂ ਸਜਾਵਾਂ ਦਿੱਤੀਆਂ ਜਾ ਸਕਦੀਆਂ ਹਨ।

ਉਨ੍ਹਾਂ ਨੇ ਦਸਿਆ ਕਿ ਰਿਟਰਨਿੰਗ ਅਧਿਕਾਰੀ, ਪ੍ਰਿਜਾਈਡਿੰਗ ਅਧਿਕਾਰੀ, ਪੁਲਿਸ ਆਫਿਸਰ ਜਾਂ ਕੋਈ ਹੋਰ ਵਿਅਕਤੀ ਜਿਸ ਨੂੰ ਚੋਣ ਕੇਂਦਰ ਦੇ ਅੰਦਰ ਸ਼ਾਂਤੀ ਅਤੇ ਵਿਵਸਥਾ ਕਾਇਮ ਰੱਖਣ ਤਹਿਤ ਡਿਊਟੀ 'ਤੇ ਤੈਨਾਤ ਕੀਤਾ ਗਿਆ ਹੋਵੇ, ਉਨ੍ਹਾਂ ਨੂੰ ਛੱਡ ਕੇ ਜੇਕਰ ਕੋਈ ਵਿਅਕਤੀ ਹਥਿਆਰ ਦੇ ਨਾਲ ਚੋਣ ਕੇਂਦਰ ਵਿਚ ਆਉਂਦਾ ਹੈ ਤਾਂ ਉਸ ਨੂੰ ਇਕ ਅਪਰਾਧ ਮੰਨਿਆ ਜਾਵੇਗਾ। ਇਸ ਦੇ ਲਈ ਲੋਕ ਪ੍ਰਤੀਨਿਧੀਤਵ ਐਕਟ, 1951 ਦੀ ਧਾਰਾ 134 ਬੀ ਦੇ ਤਹਿਤ 2 ਸਾਲ ਦੀ ਕੈਦ ਜਾਂ ਜ਼ੁਰਮਾਨਾ ਜਾਂ ਦੋਵਾਂ ਸਜਾਵਾਂ ਹੋ ਸਕਦੀ ਹੈ।

ਮੁੱਖ ਚੋਣ ਅਧਿਕਾਰੀ ਨੇ ਦਸਿਆ ਕਿ ਜੇਕਰ ਪ੍ਰਿਸਾਈਡਿੰਗ ਆਫਿਸਰ ਨੂੰ ਕਿਸੇ ਕਾਰਨਵਜੋ ਲਗਦਾ ਹੈ ਕਿ ਕਿਸੇ ਵਿਅਕਤੀ ਨੇ ਬੈਲੇਟ ਪੇਪਰ ਜਾਂ ਈਵੀਐਮ ਨੂੰ ਚੋਣ ਕੇਂਦਰ ਤੋਂ ਬਾਹਰ ਹੀ ਕੱਢਿਆ ਹੈ ਤਾਂ ਉਹ ਉਸ ਵਿਅਕਤੀ ਨੂੰ ਗਿਰਫਤਾਰ ਕਰ ਸਕਦਾ ਹੈ ਜਾਂ ਪੁਲਿਸ ਅਧਿਕਾਰੀ ਨੂੰ ਗਿਰਫਤਾਰ ਕਰਨ ਦੇ ਨਿਰਦੇਸ਼ ਦੇ ਸਕਦਾ ਹੈ ਜਾਂ ਉਸ ਨੂੰ ਲੱਪਣ ਦੇ ਨਿਰਦੇਸ਼ ਦੇ ਸਕਦਾ ਹੈ। ਲੋਕ ਪ੍ਰਤੀਨਿਧੀਤਵ ਐਕਟ, 1951 ਦੀ ਧਾਰਾ 135 ਤਹਿਤ ਉਸ ਵਿਅਕਤੀ ਨੂੰ ਇਕ ਸਾਲ ਦੀ ਕੈਦ ਜਾਂ ਜ਼ੁਰਮਾਨਾ ਜਾਂ ਦੋਵਾਂ ਸਜਾਵਾਂ ਹੋ ਸਕਦੀ ਹੈ।

ਉਨ੍ਹਾਂ ਨੇ ਦਸਿਆ ਕਿ ਲੋਕ ਪ੍ਰਤੀਨਿਧੀਤਵ ਐਕਟ, 1951 ਦੀ ਧਾਰਾ 136 ਦੇ ਤਹਿਤ ਚੋਣ ਪ੍ਰਤੀਬੱਧਤਾ ਦੀ ਦ੍ਰਿਸ਼ਟੀ ਨਾਲ ਅਪਰਾਧ ਕਰਨ ਤਹਿਤ ਜੇਕਰ ਕੋਈ ਵਿਅਕਤੀ ਕਿਸੇ ਵੋਟ ਪੱਤਰ ਜਾਂ ਈਵੀਐਮ ਜਾਂ ਕਿਸੇ ਵੋਟ ਪੱਤਰ ਜਾਂ ਈਵੀਐਮ 'ਤੇ ਲੱਗੇ ਅਥੋਰਾਇਜਡ ਚਿੰਨ੍ਹ ਨੂੰ ਧੋਖਾਧੜੀ ਨਾਲ ਵਿਗਾੜਦਾ ਜਾਂ ਨਸ਼ਟ ਕਰ ਦਿੰਦਾ ਹੈ ਜਾਂ ਕਿਸੇ ਵੋਟਪੇਟੀ ਵਿਚ ਵੋਟ ਪੱਤਰ ਤੋਂ ਇਲਾਵਾ ਕੁੱਝ ਵੀ ਪਾ ਦਿੰਦਾ ਹੈ, ਜਾਂ ਪ੍ਰਤੀਕ/ਨਾਂਅ/'ਤੇ ਕੋਈ ਕਾਗਜ, ਟੇਪ ਆਦਿ ਚਿਪਕਾ ਦਿੰਦਾ ਹੈ। ਇਸ ਸਥਿਤੀ ਵਿਚ ਜੇਕਰ ਇਹ ਅਪਰਾਧ ਚੋਣ ਡਿਊਟੀ 'ਤੇ ਤੈਨਾਤ ਕਿਸੇ ਅਧਿਕਾਰੀ ਜਾਂ ਕਲਰਕ ਵੱਲੋਂ ਕੀਤਾ ਜਾਂਦਾ ਹੈ ਤਾਂ 2 ਸਾਲ ਦੀ ਕੈਦ ਜਾਂ ਜ਼ੁਰਮਾਨਾ ਜਾਂ ਦੋਵਾਂ ਸਜਾਵਾਂ ਹੋ ਸਕਦੀ ਹੈ। ਜੇਕਰ ਇਹ ਅਪਰਾਧ ਕਿਸੇ ਹੋਰ ਵਿਅਕਤੀ ਵੱਲੋਂ ਕੀਤਾ ਜਾਂਦਾ ਹੈ ਤਾਂ ਉਸ ਨੂੰ 6 ਮਹੀਨੇ ਦੀ ਕੈਦ ਜਾਂ ਜ਼ੁਰਮਾਨਾ ਜਾਂ ਦੋਵਾਂ ਸਜਾਵਾਂ ਹੋ ਸਕਦੀ ਹੈ।

# ਕੇਜਰੀਵਾਲ ਨੇ ਬੀ.ਜ਼ੇ.ਪੀ. 'ਤੇ ਕੱਢੀ ਭੜਾਸ, ਕਿਹਾ- ਮੇਰੇ ਮਾਪਿਆਂ ਨੂੰ ਤੰਗ-ਪਰੇਸ਼ਾਨ ਕਰਨਾ ਬੰਦ ਕਰ ਦਿਓ



**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ ਲਈ ਦਿੱਲੀ 'ਚ 25 ਮਈ ਨੂੰ ਵੋਟਿੰਗ ਹੈ। 6ਵੇਂ ਪੜਾਅ ਦੀ ਵੋਟਿੰਗ ਤੋਂ ਦੋ ਦਿਨ ਪਹਿਲਾਂ ਅਰਵਿੰਦ ਕੇਜਰੀਵਾਲ ਦੇ ਪਰਿਵਾਰ ਦੀ ਤਸਵੀਰ ਸਾਹਮਣੇ ਆਈ ਹੈ। ਦਰਅਸਲ ਸਵਾਤੀ ਮਾਲੀਵਾਲ ਕੇਸ ਵਿਚ ਅਰਵਿੰਦ ਕੇਜਰੀਵਾਲ ਦੇ ਮਾਤਾ-ਪਿਤਾ ਤੋਂ ਦਿੱਲੀ ਪੁਲਸ ਵਲੋਂ ਪੁੱਛਗਿੱਛ ਕੀਤੀ ਜਾਵੇਗੀ। ਇਸ ਨੂੰ ਲੈ ਕੇ ਕੇਜਰੀਵਾਲ ਨੇ ਪ੍ਰੈੱਸ ਕਾਨਫਰੰਸ ਕਰ ਕੇ ਭਾਜਪਾ 'ਤੇ ਭੜਾਸ ਕੱਢੀ। ਕੇਜਰੀਵਾਲ ਨੇ ਕਿਹਾ ਕਿ ਮੋਦੀ ਜੀ ਨੇ ਮੈਨੂੰ ਝੁਕਾਉਣ ਅਤੇ ਤੋੜਨ ਦੀਆਂ ਬਹੁਤ ਕੋਸ਼ਿਸ਼ਾਂ ਕੀਤੀਆਂ ਪਰ ਮੈਂ ਨਹੀਂ ਟੁੱਟਿਆ। ਤੁਸੀਂ ਮੇਰੇ ਮੰਤਰੀਆਂ ਨੂੰ ਗ੍ਰਿਫ਼ਤਾਰ ਕੀਤਾ ਪਰ ਤੁਸੀਂ ਮੈਨੂੰ ਨਹੀਂ ਝੁਕਾ ਸਕੇ। ਫਿਰ ਤੁਸੀਂ ਮੈਨੂੰ ਗ੍ਰਿਫ਼ਤਾਰ ਕਰ ਲਿਆ ਪਰ ਮੈਂ ਫਿਰ ਵੀ ਨਹੀਂ ਟੁੱਟਿਆ। ਕੇਜਰੀਵਾਲ ਨੇ ਅੱਗੇ ਕਿਹਾ ਕਿ ਹੁਣ ਤੁਸੀਂ ਮੈਨੂੰ ਤੋੜਨ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ। ਤੁਸੀਂ ਮੈਨੂੰ ਤੋੜਨ ਲਈ ਮੇਰੇ ਬੁੱਢੇ ਅਤੇ ਬੀਮਾਰ ਮਾਪਿਆਂ ਨੂੰ ਨਿਸ਼ਾਨਾ ਬਣਾਇਆ। ਮੇਰੀ ਮਾਂ ਬਹੁਤ ਬੀਮਾਰ ਰਹਿੰਦੀ ਹੈ, ਉਹ ਕਈ ਬੀਮਾਰੀਆਂ ਦੀ ਸ਼ਿਕਾਰ ਹੈ। ਉਨ੍ਹਾਂ ਕਿਹਾ ਕਿ ਮੋਦੀ ਜੀ 21 ਮਾਰਚ ਨੂੰ ਜਦੋਂ ਮੈਨੂੰ ਗ੍ਰਿਫ਼ਤਾਰ ਕੀਤਾ ਸੀ, ਉਸ ਦਿਨ ਉਹ ਹਸਪਤਾਲ ਤੋਂ ਕੁਝ ਦਿਨ ਮਗਰੋਂ ਘਰ ਪਰਤੀ ਸੀ। ਮੇਰੇ ਪਿਤਾ ਜੀ 85 ਸਾਲ ਦੇ ਹਨ, ਉਨ੍ਹਾਂ ਨੂੰ ਠੀਕ ਢੰਗ ਨਾਲ ਸੁਣਾਈ ਵੀ ਨਹੀਂ ਦਿੰਦਾ। ਕੇਜਰੀਵਾਲ ਨੇ ਕਿਹਾ ਕਿ ਕੀ ਮੇਰੇ ਮਾਤਾ-ਪਿਤਾ ਗੁਨਾਹਗਾਰ ਹਨ? ਤੁਸੀਂ ਉਨ੍ਹਾਂ ਤੋਂ ਪੁਲਸ ਪੁੱਛਗਿੱਛ ਕਿਉਂ ਕਰਵਾ ਰਹੇ ਹੋ? ਮੇਰੇ ਬੁੱਢੇ ਅਤੇ ਬੀਮਾਰ ਮਾਪਿਆਂ ਨੂੰ ਕਿਉਂ ਪਰੇਸ਼ਾਨ ਕਰ ਰਹੇ ਹੋ। ਤੁਹਾਡੀ ਲੜਾਈ ਮੇਰੇ ਨਾਲ ਹੈ, ਮੇਰੇ ਮਾਪਿਆਂ ਨੂੰ ਤੰਗ-ਪਰੇਸ਼ਾਨ ਕਰਨਾ ਬੰਦ ਕਰ ਦਿਓ।

# ਸ਼ੰਭੂ ਤੋਂ ਪਟਿਆਲਾ ਆ ਰਹੇ ਕਿਸਾਨਾਂ ਨੂੰ ਧਰੇੜੀ ਜੱਟਾਂ ਟੌਲ ਪਲਾਜ਼ੇ 'ਤੇ ਰੋਕਿਆ, ਆਵਾਜਾਈ ਠੱਪ



**ਪਟਿਆਲਾ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

101 ਦਿਨਾਂ ਤੋਂ ਸ਼ੰਭੂ ਬਾਰਡਰ 'ਤੇ ਜਾਰੀ ਕਿਸਾਨ ਮੋਰਚੇ ਵਿੱਚ ਸ਼ਾਮਲ ਵੱਡੀ ਗਿਣਤੀ ਕਿਸਾਨ ਅੱਜ ਇਸ ਸ਼ਹਿਰ 'ਚ ਪ੍ਰਧਾਨ ਮੰਤਰੀ ਨਰਿੰਦਰ ਸਿੰਘ ਮੋਦੀ ਖ਼ਿਲਾਫ਼ ਪ੍ਰਦਰਸ਼ਨ ਕਰਨ ਲਈ ਆ ਰਹੇ ਸਨ ਪਰ ਪੁਲੀਸ ਨੇ ਪਹਿਲਾਂ ਤੋਂ ਕੀਤੇ ਇੰਤਜ਼ਾਮ ਤਹਿਤ ਉਨ੍ਹਾਂ ਨੂੰ ਪਟਿਆਲਾ ਤੋਂ ਕੁਝ ਕਿਲੋਮੀਟਰ ਦੇ ਫਾਸਲੇ 'ਤੇ ਸਥਿਤ ਧਰੇੜੀ ਜੱਟਾਂ ਟੌਲ ਪਲਾਜ਼ੇ 'ਤੇ ਰੋਕ ਲਿਆ। ਇੱਕ ਪਾਸੇ ਪੁਲੀਸ ਤੇ ਦੂਜੇ ਪਾਸੇ ਕਿਸਾਨ ਮੌਜੂਦ ਹਨ। ਇਸ ਕਾਰਨ ਸੜਕ 'ਤੇ ਆਵਾਜਾਈ ਵੀ ਠੱਪ ਹੋ ਗਈ। ਇਸ ਦੌਰਾਨ ਧਰੇੜੀ ਜੱਟਾਂ ਟੌਲ ਪਲਾਜ਼ੇ 'ਤੇ ਧਰਨੇ ਦੌਰਾਨ ਕਿਸਾਨ ਨੇਤਾ ਸਰਵਣ ਸਿੰਘ ਪੰਧੇਰ ਤੇ ਹੋਰਾਂ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਦੀ ਰੈਲੀ 'ਚ ਕੋਈ ਵਿਘਨ ਨਹੀਂ ਪਾਉਣਾ ਚਾਹੁੰਦੇ ਉਨ੍ਹਾਂ ਦਾ ਮਕਸਦ ਸਿਰਫ਼ ਸ੍ਰੀ ਮੋਦੀ ਨਾਲ ਸਵਾਲ ਜਵਾਬ ਕਰਨਾ ਹੈ।

# ਚੋਣ ਕਮਿਸ਼ਨ ਨੇ ਜੰਗ-ਏ-ਆਜ਼ਾਦੀ ਕੇਸ 'ਚ ਵਿਜੀਲੈਂਸ ਬਿਊਰੋ ਵੱਲੋਂ ਦਰਜ ਮਾਮਲੇ 'ਚ ਮੁੱਖ ਸਕੱਤਰ ਤੋਂ ਰਿਪੋਰਟ ਮੰਗੀ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਚੋਣਾਂ 2024 ਲਈ ਭਾਰਤੀ ਚੋਣ ਕਮਿਸ਼ਨ ਦੇ ਪੰਜਾਬ ਸੂਬੇ ਲਈ ਨਿਯੁਕਤ ਵਿਸ਼ੇਸ਼ ਆਬਜ਼ਰਵਰ ਨੇ ਇਕਸਮੀਖਿਆ ਮੀਟਿੰਗ ਦੌਰਾਨ ਜੰਗ-ਏ-ਅਜ਼ਾਦੀ ਕੇਸ ਬਾਬਤ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਨੂੰ ਮੁੱਖ ਸਕੱਤਰ, ਪੰਜਾਬ ਤੋਂ ਰਿਪੋਰਟ ਮੰਗਣ ਲਈ ਕਿਹਾ ਹੈ। ਇਹ ਰਿਪੋਰਟ ਵਿਜੀਲੈਂਸ ਬਿਊਰੋ ਵੱਲੋਂ ਕਰਤਾਰਪੁਰ (ਜਲੰਧਰ) ਵਿਖੇ ਜੰਗ-ਏ-ਆਜ਼ਾਦੀ ਯਾਦਗਾਰ ਦੀ ਉਸਾਰੀ ਸਬੰਧੀ ਕੇਸ ਦਰਜ ਕਰਨ 'ਤੇ 24 ਮਈ, 2024 ਨੂੰ ਵੱਖ-ਵੱਖ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਖ਼ਬਰਾਂ ਦੇ ਸਬੰਧ ਵਿੱਚ ਮੰਗੀ ਗਈ ਹੈ।

ਮੁੱਖ ਸਕੱਤਰ ਪੰਜਾਬ ਨੂੰ 23-05-2024 ਸ਼ਾਮ ਤੱਕ ਤੱਥ ਆਧਾਰਿਤ ਰਿਪੋਰਟ ਪੇਸ਼ ਕਰਨ ਲਈ ਕਿਹਾ ਗਿਆ ਹੈ ਤਾਂ ਜੋ ਕਮਿਸ਼ਨ ਨੂੰ ਇਸ ਮਾਮਲੇ ਸਬੰਧੀ ਜਾਣੂ ਕਰਵਾਇਆ ਜਾ ਸਕੇ।

# ਦਿੱਲੀ ਸਮੇਤ 5 ਸੂਬਿਆਂ 'ਚ 26 ਮਈ ਤੱਕ ਜਾਰੀ ਰਹੇਗੀ ਤੇਜ਼ ਗਰਮੀ, ਦੱਖਣ 'ਚ ਭਾਰੀ ਮੀਂਹ ਦੀ ਚਿਤਾਵਨੀ

**ਨਵੀਂ ਦਿੱਲੀ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਮੌਸਮ ਵਿਭਾਗ (ਆਈਐਮਡੀ) ਨੇ ਕਿਹਾ ਕਿ ਦਿੱਲੀ, ਰਾਜਸਥਾਨ, ਉੱਤਰ ਪ੍ਰਦੇਸ਼, ਪੰਜਾਬ, ਹਰਿਆਣਾ ਅਤੇ ਮੱਧ ਪ੍ਰਦੇਸ਼ ਵਿੱਚ 26 ਮਈ ਤੱਕ ਭਿਆਨਕ ਗਰਮੀ ਜਾਰੀ ਰਹੇਗੀ, ਘੱਟੋ ਘੱਟ ਅਗਲੇ ਚਾਰ ਦਿਨਾਂ ਤੱਕ ਭਿਆਨਕ ਗਰਮੀ ਤੋਂ ਕੋਈ ਰਾਹਤ ਨਹੀਂ ਮਿਲੇਗੀ। ਬੀਤੇ ਬੁੱਧਵਾਰ ਨੂੰ ਕੜਾਕੇ ਦੀ ਗਰਮੀ ਨੇ ਦੇਸ਼ ਦੇ ਵੱਡੇ ਹਿੱਸੇ ਨੂੰ ਝੁਲਸਾ ਦਿੱਤਾ, ਜਦਕਿ ਰਾਜਸਥਾਨ ਦੇ ਬਾੜਮੇਰ 'ਚ ਪਾਰਾ 48 ਡਿਗਰੀ ਸੈਲਸੀਅਸ ਤੱਕ ਪਹੁੰਚ ਗਿਆ, ਜੋ ਇਸ ਸਾਲ ਹੁਣ ਤੱਕ ਦਾ ਸਭ ਤੋਂ ਵੱਧ ਤਾਪਮਾਨ ਹੈ।

ਅੱਜ ਜਾਰੀ ਕੀਤੇ ਗਏ ਆਈਐਮਡੀ ਦੇ ਤਾਜ਼ਾ ਮੌਸਮ ਬੁਲੇਟਿਨ ਅਨੁਸਾਰ, ਵੀਰਵਾਰ ਤੋਂ 26 ਅਪ੍ਰੈਲ ਤੱਕ ਪੂਰਬੀ ਅਤੇ ਪੱਛਮੀ ਰਾਜਸਥਾਨ, ਪੰਜਾਬ, ਹਰਿਆਣਾ ਅਤੇ ਪੱਛਮੀ ਉੱਤਰ ਪ੍ਰਦੇਸ਼ ਦੇ ਕੁਝ ਹਿੱਸਿਆਂ ਵਿੱਚ ਲੂ ਤੋਂ ਲੈ ਕੇ ਗੰਭੀਰ ਗਰਮੀ ਲੂ ਦੀ ਲਹਿਰ ਚਲਣ ਦੀ ਸੰਭਾਵਨਾ ਹੈ।

ਇਸ ਦੌਰਾਨ ਸ਼ੁੱਕਰਵਾਰ ਤੋਂ 26 ਅਪ੍ਰੈਲ ਤੱਕ ਦਿੱਲੀ ਅਤੇ ਮੱਧ ਪ੍ਰਦੇਸ਼ 'ਚ ਸਖ਼ਤ ਗਰਮੀ ਰਹੇਗੀ। ਵੀਰਵਾਰ ਨੂੰ ਦਿੱਲੀ ਵਿੱਚ ਵੱਧ ਤੋਂ ਵੱਧ ਤਾਪਮਾਨ 43.4 ਡਿਗਰੀ ਸੈਲਸੀਅਸ ਤੱਕ ਪਹੁੰਚਣ ਦੀ ਸੰਭਾਵਨਾ ਹੈ, ਜੋ ਔਸਤ ਨਾਲੋਂ ਤਿੰਨ ਡਿਗਰੀ ਵੱਧ ਹੈ, ਜਦੋਂ ਕਿ ਘੱਟੋ-ਘੱਟ ਤਾਪਮਾਨ 30.9 ਡਿਗਰੀ, ਆਮ ਨਾਲੋਂ ਚਾਰ ਡਿਗਰੀ ਵੱਧ ਰਹਿਣ ਦੀ ਸੰਭਾਵਨਾ ਹੈ। ਲਗਾਤਾਰ ਪੈ ਰਹੀ ਗਰਮੀ ਦੇ ਨਤੀਜੇ ਵਜੋਂ ਬੁੱਧਵਾਰ ਨੂੰ ਦਿੱਲੀ, ਪੰਜਾਬ, ਹਰਿਆਣਾ, ਰਾਜਸਥਾਨ, ਉੱਤਰ ਪ੍ਰਦੇਸ਼, ਗੁਜਰਾਤ ਅਤੇ ਮੱਧ ਪ੍ਰਦੇਸ਼ ਵਿੱਚ ਘੱਟੋ-ਘੱਟ 24 ਥਾਵਾਂ 'ਤੇ ਵੱਧ ਤੋਂ ਵੱਧ ਤਾਪਮਾਨ 45 ਡਿਗਰੀ ਸੈਲਸੀਅਸ ਜਾਂ ਇਸ ਤੋਂ ਵੱਧ ਦਰਜ ਕੀਤਾ ਗਿਆ।

ਸਭ ਤੋਂ ਵੱਧ ਤਾਪਮਾਨ ਰਾਜਸਥਾਨ ਦੇ ਬਾੜਮੇਰ ਵਿੱਚ 48 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦਕਿ ਹਰਿਆਣਾ ਦਾ ਸਿਰਸਾ 47.7 ਡਿਗਰੀ, ਪੰਜਾਬ ਦਾ ਬਠਿੰਡਾ 46.6 ਡਿਗਰੀ ਨਾਲ ਦੂਜੇ ਨੰਬਰ 'ਤੇ ਰਿਹਾ।



ਕਾਂਡਲਾ, ਗੁਜਰਾਤ ਵਿੱਚ 46.1 ਡਿਗਰੀ; ਮੱਧ ਪ੍ਰਦੇਸ਼ ਦੇ ਰਤਲਾਮ ਅਤੇ ਉੱਤਰ ਪ੍ਰਦੇਸ਼ ਦੇ ਝਾਂਸੀ ਵਿੱਚ ਤਾਪਮਾਨ 45 ਡਿਗਰੀ; ਅਤੇ ਅਕੋਲਾ, ਮਹਾਰਾਸ਼ਟਰ ਵਿੱਚ 44.8 ਡਿਗਰੀ ਤਾਪਮਾਨ ਦਰਜ ਕੀਤਾ ਗਿਆ।

ਮੌਸਮ ਵਿਭਾਗ ਨੇ ਰਾਜਸਥਾਨ, ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਪੱਛਮੀ ਉੱਤਰ ਪ੍ਰਦੇਸ਼ ਲਈ ਰੈੱਡ ਅਲਰਟ ਜਾਰੀ ਕੀਤਾ ਹੈ, ਜਿਸ ਵਿੱਚ ਹਰ ਉਮਰ ਦੇ ਲੋਕਾਂ ਵਿੱਚ ਗਰਮੀ ਨਾਲ ਸਬੰਧਤ ਬਿਮਾਰੀਆਂ ਅਤੇ ਹੀਟਸਟ੍ਰੋਕ ਦੀ 'ਬਹੁਤ ਉੱਚ ਸੰਭਾਵਨਾ' 'ਤੇ ਜ਼ੋਰ ਦਿੱਤਾ ਗਿਆ ਹੈ।

# ਸ਼ੰਭੂ ਕਿਸਾਨ ਮੋਰਚੇ ਤੋਂ ਪਰਤਦਿਆਂ ਫੱਤੂਵਾਲ ਕੋਲ ਬੱਸ ਪਲਟਣ ਕਾਰਨ 32 ਕਿਸਾਨ-ਮਜ਼ਦੂਰ ਜ਼ਖ਼ਮੀ

**ਰਈਆ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨ ਮੋਰਚੇ ਤੋਂ ਵਾਪਸ ਅੰਮ੍ਰਿਤਸਰ ਨੂੰ ਆਉਂਦੇ ਰਈਆ ਨਜ਼ਦੀਕ ਫੱਤੂਵਾਲ ਕੋਲ ਬੱਸ ਪਲਟਣ ਕਾਰਨ 32 ?ਕਿਸਾਨ-ਮਜ਼ਦੂਰ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿਚ ਇਕ ਔਰਤ ਵੀ ਸ਼ਾਮਲ ਹੈ। ਹਾਦਸੇ ਕਾਰਨ 9 ਕਿਸਾਨਾਂ ਦੀ ਹਾਲਤ ਗੰਭੀਰ ਹੈ। ਜ਼ਖ਼ਮੀਆਂ ਨੂੰ ਗੁਰੂ ਰਾਮਦਾਸ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਸ਼ੰਭੂ ਬਾਰਡਰ ਮੋਰਚੇ ਵਿੱਚ ਸ਼ਾਮਲ ਹੋਣ ਤੋਂ ਬਾਅਦ ਬੀਤੀ ਰਾਤ ਪਰਤਦੇ ਸਮੇਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਤਲਵੰਡੀ ਦੋਸੰਧਾ ਸਿੰਘ ਪਿੰਡ ਦੇ ਕਿਸਾਨਾਂ ਮਜ਼ਦੂਰਾਂ ਅਤੇ ਔਰਤਾਂ ਨਾਲ ਭਰੀ ਬੱਸ ਦੇਰ ਰਾਤ ਕਸਬਾ ਰਈਆ ਕੋਲ ਪਿੰਡ ਫੱਤੂਵਾਲ ਵਿਖੇ ਪਲਟ ਗਈ, ਜਿਸ ਕਾਰਨ 32 ਕਿਸਾਨ ਮਜ਼ਦੂਰ ਜ਼ਖ਼ਮੀ ਹੋ ਗਏ। ਸੂਬਾ ਆਗੂ ਸਰਵਣ ਸਿੰਘ ਪੰਧੇਰ, ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਅਤੇ ਜ਼ਿਲ੍ਹਾ ਸਕੱਤਰ ਗੁਰਲਾਲ ਸਿੰਘ ਮਾਨ ਨੇ ਦੱਸਿਆ ਕਿ 9 ਕਿਸਾਨ ਮਜ਼ਦੂਰ ਗੰਭੀਰ ਹਨ। ਜ਼ਖ਼ਮੀਆਂ ਵਿੱਚ ਇਕ ਔਰਤ ਵੀ ਸ਼ਾਮਲ ਹੈ। ਗੰਭੀਰ ਜ਼ਖ਼ਮੀਆਂ ਵਿਚ ਪਿੰਡ ਤਲਵੰਡੀ ਦੋਸੰਧਾ ਦੇ ਬਲਵਿੰਦਰ ਸਿੰਘ, ਰਣਜੋਧ ਸਿੰਘ, ਹਰਭਜਨ ਸਿੰਘ, ਤਰਸੇਮ ਸਿੰਘ, ਨਿਰਵੈਰ ਸਿੰਘ, ਗੁਰਮੁਖ ਸਿੰਘ, ਤਰਲੋਚਨ ਸਿੰਘ, ਸਮੀਰ ਸਿੰਘ, ਗੁਰਵਿੰਦਰ ਸਿੰਘ ਸ਼ਾਮਲ ਹਨ।

ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਜ਼ਖ਼ਮੀਆਂ ਦੇ ਪੂਰੇ ਇਲਾਜ ਦਾ ਸਾਰਾ ਖਰਚਾ ਪੰਜਾਬ ਅਤੇ ਭਾਰਤ ਸਰਕਾਰ ਚੁੱਕੇ। ਗੰਭੀਰ ਜ਼ਖ਼ਮੀਆਂ ਨੂੰ 3-3 ਲੱਖ ਅਤੇ ਸਾਧਾਰਨ ਰੂਪ ਚ ਜ਼ਖ਼ਮੀਆਂ ਨੂੰ 1-1 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ।

# ਚੋਣ ਕਮਿਸ਼ਨ ਵੱਲੋਂ ਚਰਨਜੀਤ ਸਿੰਘ ਚੰਨੀ ਨੂੰ ਚਿਤਾਵਨੀ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਚੋਣ ਕਮਿਸ਼ਨ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਚੋਣਾਂ 2024 ਲਈ ਜਲੰਧਰ ਹਲਕੇ ਤੋਂ ਉਮੀਦਵਾਰ ਚਰਨਜੀਤ ਸਿੰਘ ਚੰਨੀ ਨੂੰ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਲਈ ਚਿਤਾਵਨੀ ਦਿੱਤੀ ਹੈ।

ਜ਼ਿਕਰਯੋਗ ਹੈ ਕਿ 5 ਮਈ, 2024 ਨੂੰ ਪ੍ਰੈਸ ਕਾਨਫਰੰਸ ਦੌਰਾਨ ਸ੍ਰੀ ਚੰਨੀ ਨੇ ਟਿੱਪਣੀ ਕੀਤੀ ਸੀ ਕਿ ਪੁੰਛ ਵਿੱਚ 4 ਮਈ ਨੂੰ ਭਾਰਤੀ ਹਥਿਆਰਬੰਦ ਬਲਾਂ ਦੇ ਕਾਫਲੇ 'ਤੇ ਹੋਇਆ ਦਹਿਸ਼ਤੀ ਹਮਲਾ ਇੱਕ ਸੋਚਿਆ-ਸਮਝਿਆ 'ਸਟੰਟ' ਸੀ।

ਦਫ਼ਤਰ, ਮੁੱਖ ਚੋਣ ਅਫ਼ਸਰ ਪੰਜਾਬ ਦੇ ਬੁਲਾਰੇ ਨੇ ਦੱਸਿਆ ਕਿ ਚੰਨੀ ਨੂੰ ਜਲੰਧਰ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵੱਲੋਂ ਇਸ ਟਿੱਪਣੀ ਸਬੰਧੀ ਸਪੱਸ਼ਟੀਕਰਨ ਦੇਣ ਲਈ ਕਿਹਾ ਗਿਆ ਸੀ।

ਚੋਣ ਕਮਿਸ਼ਨ ਨੇ ਚੰਨੀ ਵੱਲੋਂ ਕੀਤੀ ਗਈ ਟਿੱਪਣੀ 'ਤੇ ਇਤਰਾਜ਼ ਜਤਾਉਂਦਿਆਂ ਇਸ ਨੂੰ ਆਦਰਸ਼ ਚੋਣ ਜ਼ਾਬਤੇ ਦੇ ਮੈਨੂਅਲ ਦੇ ਅਨੁਬੰਧ-1 ਦੀ ਧਾਰਾ 2 (ਜਨਰਲ ਕੰਡਕਟ) ਦੀ ਉਲੰਘਣਾ ਮੰਨਿਆ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਵਿਰੋਧੀ ਪਾਰਟੀਆਂ ਦੀ ਆਲੋਚਨਾ ਪਾਰਟੀ ਦੀਆਂ ਨੀਤੀਆਂ, ਪ੍ਰੋਗਰਾਮਾਂ, ਇਸਦੇ ਪਿਛਲੇ ਰਿਕਾਰਡ ਅਤੇ ਕੰਮਾਂ ਤੱਕ ਹੀ ਸੀਮਤ ਹੋਣੀ ਚਾਹੀਦੀ ਹੈ। ਪਾਰਟੀਆਂ ਅਤੇ ਉਮੀਦਵਾਰਾਂ ਨੂੰ ਨਿੱਜੀ ਜੀਵਨ ਨਾਲ ਜੁੜੇ ਪਹਿਲੂਆਂ, ਜਿਸਦਾ ਵਿਰੋਧੀ ਪਾਰਟੀਆਂ ਦੇ ਆਗੂਆਂ ਜਾਂ ਵਰਕਰਾਂ ਦੀਆਂ ਜਨਤਕ ਗਤੀਵਿਧੀਆਂ ਨਾਲ ਕੋਈ ਸਬੰਧੀ ਨਹੀਂ ਹੈ, ਦੀ ਆਲੋਚਨਾ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਨਿਰਆਧਾਰ ਤੇ ਬੇਬੁਨਿਦ ਦੋਸ਼ਾਂ ਜਾਂ ਤੋੜ-ਮਰੋੜ ਕੇ ਪੇਸ਼ ਕੀਤੇ ਬਿਆਨਾਂ ਦੇ ਆਧਾਰ 'ਤੇ ਵਿਰੋਧੀ ਪਾਰਟੀਆਂ ਜਾਂ ਉਨ੍ਹਾਂ ਦੇ ਵਰਕਰਾਂ ਦੀ ਆਲੋਚਨਾ ਤੋਂ ਗੁਰੇਜ਼ ਕੀਤਾ ਜਾਵੇ। ਵੋਟਰਾਂ ਨੂੰ ਗੁੰਮਰਾਹ ਕਰਨ ਲਈ ਰਾਜਨੀਤਿਕ ਪਾਰਟੀਆਂ ਅਤੇ ਇਨ੍ਹਾਂ ਦੇ ਆਗੂਆਂ ਨੂੰ ਬੇਬੁਨਿਆਦ ਅਤੇ ਝੂਠੇ ਬਿਆਨ ਦੇਣ ਤੋਂ ਬਚਣਾ ਚਾਹੀਦਾ ਹੈ।

ਚੋਣ ਕਮਿਸ਼ਨ ਨੇ ਚੰਨੀ ਨੂੰ ਭਵਿੱਖ ਵਿੱਚ ਅਜਿਹੀਆਂ ਉਲੰਘਣਾਵਾਂ ਤੋਂ ਬਚਣ ਦੀ ਸਲਾਹ ਅਤੇ ਚਿਤਾਵਨੀ ਦਿੰਦਿਆਂ ਚੋਣ ਜ਼ਾਬਤੇ ਦੀ ਸਹੀ ਅਰਥਾਂ ਵਿੱਚ ਪਾਲਣਾ ਨੂੰ ਯਕੀਨੀ ਬਣਾਉਣ ਲਈ ਕਿਹਾ ਹੈ।

# ਜਨ ਹਿੱਤ ਸੰਮਤੀ ਵਲੋਂ ਲੋੜਵੰਦ ਮਰੀਜ਼ਾਂ ਲਈ ਸਟ੍ਰੈਚਰ ਅਤੇ ਵੀਲ੍ਹਚੇਅਰ ਦੇਣੀਆਂ ਸ਼ਲਾਘਾਯੋਗ

**ਚੰਡੀਗੜ੍ਹ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨ ਹਿੱਤ ਸੰਮਤੀ ਵਲੋਂ ਪ੍ਰਧਾਨ ਐਸ ਕੇ ਗੋਤਮ ਅਤੇ ਜਰਨਲ ਸਕੱਤਰ ਵਿਨੋਦ ਸ਼ਰਮਾ ਜੀ ਦੀ ਅਗਵਾਈ ਹੇਠ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਲੋੜਵੰਦ ਮਰੀਜ਼ਾਂ ਲਈ ਸੈਟਚਰ ਅਤੇ ਵੀਲਚੇਅਰ ਵੰਡਣ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ , ਜਿਸ ਵਿਚ ਮੁੱਖ ਮਹਿਮਾਨ ਡਾ ਐਚ ਐਸ ਰੇਖੀ ਮੈਡੀਕਲ ਸੁਪਰਡੈਂਟ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਜੀ ਨੇ ਸ਼ਿਰਕਤ ਕੀਤੀ, ਪ੍ਰੋਗਰਾਮ ਦੀ ਪ੍ਰਧਾਨਗੀ ਬਲਜਿੰਦਰ ਸ਼ਰਮਾ ਪੰਜੋਲਾ ਕੋਆਰਡੀਨੇਟਰ ਜੱਗ ਬਾਣੀ ਪੰਜਾਬ ਕੇਸਰੀ ਪਟਿਆਲਾ ਨੇ ਕੀਤੀ, ,,ਵਿਸ਼ੇਸ਼ ਤੌਰ ਤੇ ਡਾ ਵਿਨੋਦ ਡਗਵਾਲ, ਅਮਰਜੀਤ ਕੌਰ ਸਾਈਵਾਲ,ਮੀਤ ਪ੍ਰਧਾਨ ਸੁਰਵਿੰਦਰ ਸਿੰਘ ਛਾਬੜਾ,ਮੀਤ ਪ੍ਰਧਾਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ,, ਉਘੇ ਸਮਾਜ ਸੇਵੀ ਗੋਰਵ ਸੰਧੂ,ਚਮਨ ਲਾਲ ਗਰਗ, ਪ੍ਰੈਸ ਸਕੱਤਰ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੂਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਐਸ ਪੀ ਪਰਾਸਰ, ਜਸਬੀਰ ਸਿੰਘ, ਸਤੀਸ਼ ਜੋਸ਼ੀ, ਰੁਦਰਪ੍ਰਤਾਪ ਸਿੰਘ, ,ਲੱਕੀ ਹਰਦਾਸਪੁਰ, ਸੁਰਿੰਦਰ ਸਿੰਘ,ਅਨਿਲ ਚੋਪੜਾ,ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਡਾ ਐਚ ਐਸ ਰੇਖੀ ਮੈਡੀਕਲ ਸੁਪਰਡੈਂਟ ਸਰਕਾਰੀ ਰਾਜਿੰਦਰਾ ਹਸਪਤਾਲ ਨੇ ਕਿਹਾ ਕਿ ਜਨ ਹਿੱਤ ਸੰਮਤੀ ਵਲੋਂ ਲੋੜਵੰਦ ਮਰੀਜ਼ਾਂ ਨੂੰ ਸੈਟਚਰ ਅਤੇ ਵੀਲਚੇਅਰ ਦੇਣੀਆਂ ਬਹੁਤ ਹੀ ਵਧੀਆ ਉਪਰਾਲਾ ਹੈ ਅਤੇ ਇਸ ਤੋਂ ਇਲਾਵਾ ਸੰਸਥਾ ਵਲੋਂ ਲੋੜਵੰਦਾਂ ਦੀ ਮਦਦ ਕਰਨਾ ਸਭ ਤੋਂ ਉੱਤਮ ਸਮਾਜ ਸੇਵਾ ਹੈ ਉਹਨਾਂ ਕਿਹਾ ਕਿ ਜਨ ਹਿੱਤ ਸੰਮਤੀ ਵਲੋਂ ਪ੍ਰਧਾਨ ਐਸ ਕੇ ਗੋਤਮ ਅਤੇ ਜਰਨਲ ਸਕੱਤਰ ਵਿਨੋਦ ਸ਼ਰਮਾ ਜੀ ਦੀ ਅਗਵਾਈ ਹੇਠ ਪਟਿਆਲਾ ਸ਼ਹਿਰ ਦੇ ਪਾਰਕਾ ਦੀ ਸਾਭ ਸੰਭਾਲ ਕਰਨੀ।

# ਆਮ ਆਦਮੀ ਪਾਰਟੀ ਵੱਲੋਂ ਵਾਰਡ ਨੰਬਰ 8 ਵਿੱਚ ਕੀਤਾ ਘਰੋਂ-ਘਰੀ ਚੋਣ ਪ੍ਰਚਾਰ

**ਸ੍ਰੀ ਅਨੰਦਪੁਰ ਸਾਹਿਬ, 24 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਉਂ ਜਿਉਂ ਚੋਣਾਂ ਨੇੜੇ ਆ ਰਹੀਆਂ ਹਨ ਤਿਉਂ ਤਿਉਂ ਸਿਆਸੀ ਪਾਰਟੀਆਂ ਵੱਲੋਂ ਚੋਣ ਪ੍ਰਚਾਰ ਵਿੱਚ ਤੇਜ਼ੀ ਲਿਆਂਦੀ ਜਾ ਰਹੀ ਹੈ। ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਲਵਿੰਦਰ ਸਿੰਘ ਕੰਗ ਦੀ ਚੋਣ ਮੁਹਿਮ ਨੂੰ ਅੱਜ ਉਸ ਵੇਲੇ ਭਰਵਾ ਹੁੰਗਾਰਾ ਮਿਲਿਆ ਆਮ ਆਦਮੀ ਪਾਰਟੀ ਦੇ ਵਰਕਰ, ਅਹੁਦੇਦਾਰ ਅਤੇ ਸਮੂਹ ਕੌਂਸਲਰਾਂ ਨੇ ਰਲ ਕੇ ਵਾਰਡ ਨੰਬਰ 8 ਵਿਖੇ ਭਰਵੀ ਮੀਟਿੰਗ ਕੀਤੀ ਅਤੇ ਘਰੋਂ ਘਰੀ ਪ੍ਰਚਾਰ ਕਰਦਿਆਂ ਆਮ ਆਦਮੀ ਪਾਰਟੀ ਨੂੰ ਵੋਟਾਂ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਅਨੰਦਪੁਰ ਸਾਹਿਬ ਨੇ ਕਿਹਾ ਕਿ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਦਾਖਲੇ ਮੋਕੇ ਬਣੇ ਪੰਜ ਪਿਆਰਾ ਪਾਰਕ ਨੇ ਬੀਤੇ ਸਮੇਂ ਦੌਰਾਨ ਖੰਡਰ ਦਾ ਰੂਪ ਧਾਰਨ ਕਰ ਲਿਆ ਸੀ ਪ੍ਰੰਤੂ ਕੈਬਨਿਟ ਮੰਤਰੀ ਹਰਜੋਤ ਸਿੰਘ



ਬੈਂਸ ਦੀ ਨਿੱਜੀ ਰੁਚੀ ਕਾਰਨ ਅੱਜ ਪੰਜ ਪਿਆਰਾ ਪਾਰਕ ਸ਼ਹਿਰ ਦੀ ਸੁੰਦਰਤਾ ਨੂੰ ਚਾਰ ਚੰਨ ਲਗਾ ਰਿਹਾ ਹੈ ਤੇ ਉਕਤ ਪਾਰਕ ਦਾ 3 ਕਰੋੜ ਰੁਪਏ ਦੀ ਲਾਗਤ ਨਾਲ ਸੁੰਦਰੀਕਰਨ ਕੀਤਾ ਗਿਆ ਹੈ।ਉਨਾਂ ਕਿਹਾ ਕਿ ਯਾਤਰੀ ਸੂਚਨਾ ਕੇਂਦਰ,ਕੁਦਰਤੀ ਪਾਰਕ,ਭਾਈ ਜੈਤਾ ਜੀ ਯਾਦਗਾਰ ਵਰਗੇ ਕਰੋੜਾਂ ਰੁਪਏ ਦੇ ਪ੍ਰੋਜੈਕਟ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਦਿਨ ਰਾਤ ਮਿਹਨਤ ਕਰਕੇ ਉਕਤ ਪ੍ਰੋਜੈਕਟ ਪੂਰੇ ਕਰਵਾਏ ਗਏ ਉਹਨਾਂ ਨੇ ਕਿਹਾ ਨੇ ਕਿਹਾ ਕ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ ਕਿ ਹਰ ਘਰ ਨੂੰ 600 ਯੂਨਿਟ ਬਿਜਲੀ ਮੁਫਤ ਦਿੱਤੀ ਜਾਵੇਗੀ ਤੇ ਅੱਜ ਇਹ ਸਹੂਲਤ ਪੰਜਾਬ ਵਿੱਚ ਵੱਸਦੇ ਹਰ ਪੰਜਾਬੀ ਨੂੰ ਦਿੱਤੀ ਜਾ ਰਹੀ ਹੈ ਤੇ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ ਅਤੇ ਸ਼ਹਿਰ ਵਿੱਚ ਜੋ ਪਾਣੀ ਦੇ ਬਿੱਲਾਂ ਦਾ ਮਸਲਾ ਸੀ ਉਹ ਵੀ ਮਾਨਯੋਗ ਮੁੱਖ ਮੰਤਰੀ ਸਾਹਿਬ ਵੱਲੋਂ ਵਿਸ਼ਵਾਸ ਦਵਾਇਆ ਗਿਆ ਹੈ ਕਿ ਸ਼ਹਿਰ ਵਿੱਚ ਪਾਣੀ ਦੇ ਬਿੱਲ ਸਬੰਧੀ ਜੋ ਸਮੱਸਿਆ ਹੈ ਉਸਦਾ ਜਲਦੀ ਹੱਲ ਕਰ ਦਿੱਤਾ ਜਾਵੇਗਾ ਮੁਹੱਲਾ ਕਲੀਨਿਕ,ਸਰਕਾਰੀ ਹਸਪਤਾਲਾਂ ਚ' ਮੁਫਤ ਮਿਲ ਰਹੀਆਂ ਦਵਾਈਆਂ,ਸਿੱਖਿਆ ਦੇ ਖੇਤਰ ਵਿੱਚ ਆਏ ਵੱਡੇ ਸੁਧਾਰਾਂ ਦੀ ਗੱਲ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਸਭਾ ਚੋਣਾਂ ਵਿੱਚ ਮਲਵਿੰਦਰ ਸਿੰਘ ਕੰਗ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਇਆ ਜਾਵੇ ਤਾਂ ਜੋ ਉਹ ਲੋਕ ਸਭਾ ਵਿੱਚ ਜਾ ਕੇ ਸਾਡੇ ਇਲਾਕੇ ਦੀ ਗੱਲ ਕਰ ਸਕਣ ਇਸ ਮੌਕੇ ਇੰਦਰਜੀਤ ਅਰੋੜਾ ਪ੍ਰਧਾਨ ਵਪਾਰ ਮੰਡਲ, ਕੌਂਸਲਰ ਬਲਵੀਰ ਕੌਰ, ਕੌਂਸਲਰ ਪ੍ਰਵੀਨ ਕੌਸ਼ਲ, ਕੌਂਸਲਰ ਗੁਰਪ੍ਰੀਤ ਕੌਰ ਕੌਂਸਲਰ ਬਿਕਰਮਜੀਤ ਸਿੰਘ ਸੰਧੂ, ਕੌਂਸਲਰ ਦਿਲਜੀਤ ਸਿੰਘ ਕੈਂਥ, ਕੌਂਸਲਰ ਜਸਬੀਰ ਕੌਰ ਗਰਚਾ , ਸੁਨੀਲ ਅਡਵਾਲ ਪ੍ਰਧਾਨ ਰੇੜ੍ਹੀ ਯੂਨੀਅਨ , ਸ਼ਮੀ ਬਰਾਰੀ ਯੂਥ ਆਗੂ , ਬਲਾਕ ਪ੍ਰਧਾਨ ਠੇਕੇਦਾਰ ਜਗਜੀਤ ਸਿੰਘ ਜੱਗੀ ਅਤੇ ਦਵਿੰਦਰ ਸਿੰਘ ਛਿੰਦੂ ਵਾਲਮੀਕ ਸਭਾ ਪ੍ਰਧਾਨ ਰਵੀ ਹੰਸ,ਮਾਸਟਰ ਕੁਲਦੀਪ ਸਿੰਘ, ਗੁਰਸ਼ੇਰ ਸਿੰਘ ਲੋਧੀਪੁਰ, ਕੈਪਟਨ ਅਨੂਪ ਸਿੰਘ ਆਪ ਆਦਿ ਹਾਜ਼ਰ ਸਨ।

# ਮਕਬੂਜ਼ਾ ਕਸ਼ਮੀਰ ਲੈ ਕੇ ਹਟਾਂਗੇ: ਅਮਿਤ ਸ਼ਾਹ

ਕਰਨਾਲ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਇੱਥੇ ਕਿਹਾ ਕਿ ਕਾਂਗਰਸ ਨੇ ਤੁਸ਼ਟੀਕਰਨ ਦੀ ਰਾਜਨੀਤੀ ਕਾਰਨ ਜੰਮੂ ਕਸ਼ਮੀਰ 'ਚੋਂ ਧਾਰਾ 370 ਨਹੀਂ ਹਟਾਈ। ਇੱਥੇ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਸ਼ਾਹ ਨੇ ਦੁਹਰਾਇਆ ਕਿ ਮਕਬੂਜ਼ਾ ਕਸ਼ਮੀਰ (ਪੀਓਕੇ) ਭਾਰਤ ਦਾ ਹੈ ਅਤੇ 'ਅਸੀਂ ਇਸ ਨੂੰ ਵਾਪਸ ਲੈ ਲਵਾਂਗੇ।' ਭਾਜਪਾ ਦੇ ਸੀਨੀਅਰ ਆਗੂ ਨੇ ਰਾਮ ਮੰਦਰ ਦੇ ਮੁੱਦੇ 'ਤੇ ਵੀ ਕਾਂਗਰਸ ਨੂੰ ਘੇਰਿਆ। ਉਨ੍ਹਾਂ ਕਿਹਾ ਕਿ ਮਲਿਕਾਰਜੁਨ ਖੜਗੇ, ਰਾਹੁਲ ਗਾਂਧੀ ਅਤੇ ਸੋਨੀਆ ਗਾਂਧੀ ਵਰਗੇ ਕਾਂਗਰਸੀ ਆਗੂਆਂ ਨੇ ਆਪਣੇ ਘੱਟ ਗਿਣਤੀ ਵੋਟ ਬੈਂਕ ਨੂੰ ਖ਼ੁਸ਼ ਕਰਨ ਲਈ ਰਾਮ ਮੰਦਰ ਦੇ ਪ੍ਰਾਣ ਪ੍ਰਤਿਸ਼ਠਾ ਸਮਗਾਮ ਵਿੱਚ ਸ਼ਿਰਕਤ ਨਹੀਂ ਕੀਤੀ। ਸ਼ਾਹ ਨੇ ਕਿਹਾ ਕਿ ਖਿੱਤੇ ਵਿੱਚ ਅਤਿਵਾਦ ਵਧਣ ਦੇ ਬਾਵਜੂਦ ਕਾਂਗਰਸ ਨੇ ਧਾਰਾ 370 ਰੱਦ ਨਹੀਂ ਕੀਤੀ। ਉਨ੍ਹਾਂ ਕਿਹਾ, "ਤੁਸੀਂ ਸਾਰਿਆਂ ਨੇ ਨਰਿੰਦਰ ਮੋਦੀ ਨੂੰ ਦੂਜੀ ਵਾਰ ਪ੍ਰਧਾਨ ਮੰਤਰੀ ਬਣਾਇਆ ਅਤੇ 5 ਅਗਸਤ 2019 ਨੂੰ ਧਾਰਾ 370 ਖਤਮ ਕਰ ਦਿੱਤੀ ਗਈ। ਹੁਣ ਕਸ਼ਮੀਰ 'ਚ ਸਾਡਾ ਤਿਰੰਗਾ ਲਹਿਰਾ ਰਿਹਾ ਹੈ।" ਕਰਨਾਲ ਵਿਧਾਨ ਸਭਾ ਸੀਟ ਤੋਂ ਜ਼ਿਮਨੀ ਚੋਣ ਲੜ ਰਹੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਕਰਨਾਲ ਲੋਕ ਸਭਾ ਸੀਟ ਤੋਂ ਚੋਣ ਲੜ ਰਹੇ ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਵੀ ਰੈਲੀ ਵਿੱਚ ਮੌਜੂਦ ਸਨ। ਸ਼ਾਹ ਨੇ ਕਿਹਾ, "ਮੈਨੂੰ ਦੱਸੋ, ਕਸ਼ਮੀਰ ਸਾਡਾ ਹੈ ਜਾਂ ਨਹੀਂ? ਉੱਚੀ ਬੋਲੋ ਤਾਂ ਕਿ ਤੁਹਾਡੀ ਆਵਾਜ਼ ਖੜਗੇ ਤੱਕ ਪਹੁੰਚ ਜਾਵੇ। ਖੜਗੇ ਸਾਹਬ, ਤੁਸੀਂ 80 ਸਾਲ ਦੇ ਹੋ ਗਏ ਹੋ ਪਰ ਤੁਹਾਨੂੰ ਦੇਸ਼ ਦੀ ਸਮਝ ਨਹੀਂ ਹੈ। ਹਰਿਆਣਾ ਦੇ ਨੌਜਵਾਨ ਕਸ਼ਮੀਰ ਲਈ ਆਪਣੀ ਜਾਨ ਦੇ ਸਕਦੇ ਹਨ।" ਸ਼ਾਹ ਕਾਂਗਰਸ ਪ੍ਰਧਾਨ ਦੀ ਉਸ ਟਿੱਪਣੀ ਦਾ ਹਵਾਲਾ ਦੇ ਰਹੇ ਸਨ ਜਿਸ 'ਚ ਉਨ੍ਹਾਂ ਪ੍ਰਧਾਨ ਮੰਤਰੀ 'ਤੇ ਰਾਜਸਥਾਨ ਰੈਲੀ ਦੌਰਾਨ ਸੂਬੇ ਦੀਆਂ ਸਮੱਸਿਆਵਾਂ ਦੀ ਜਗ੍ਹਾ ਧਾਰਾ 370 ਹਟਾਉਣ ਦੀ ਗੱਲ ਕਰਨ ਦਾ ਦੋਸ਼ ਲਾਇਆ ਸੀ। - ਪੀਟੀਆਈਹਿਸਾਰ/ਝੱਜਰ: ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਚਾਰ ਜੂਨ ਤੋਂ ਬਾਅਦ ਰਾਹੁਲ ਗਾਂਧੀ ਨੂੰ 'ਕਾਂਗਰਸ ਢੂੰਡੋ ਯਾਤਰਾ' ਕਰਨੀ ਪਵੇਗੀ ਕਿਉਂਕਿ ਲੋਕ ਸਭਾ ਚੋਣਾਂ ਵਿੱਚ ਸਭ ਤੋਂ ਪੁਰਾਣੀ ਪਾਰਟੀ ਨੂੰ 40 ਸੀਟਾਂ ਵੀ ਨਹੀਂ ਮਿਲਣਗੀਆਂ। ਹਿਸਾਰ ਵਿੱਚ ਰੈਲੀ ਦੌਰਾਨ ਸ਼ਾਹ ਨੇ ਕਿਹਾ ਕਿ ਚਾਰ ਗੇੜਾਂ ਦੀਆਂ ਚੋਣਾਂ ਮਗਰੋਂ ਭਾਜਪਾ ਪਹਿਲਾਂ ਹੀ 270 ਸੀਟਾਂ ਜਿੱਤ ਤੇ ਬਹੁਮਤ ਹਾਸਲ ਕਰ ਚੁੱਕੀ ਹੈ। ਬਾਕੀ ਤਿੰਨ ਗੇੜਾਂ ਮਗਰੋਂ ਭਾਜਪਾ ਦੀਆਂ ਸੀਟਾਂ ਦੀ ਗਿਣਤੀ 400 ਤੋਂ ਟੱਪ ਜਾਵੇਗੀ। ਉਨ੍ਹਾਂ ਦਾਅਵਾ ਕੀਤਾ ਕਿ 'ਸ਼ਹਿਜ਼ਾਦੋਂ', ਦਾਮਾਦੋਂ'' ਵਾਲੀ ਕਾਂਗਰਸ 40 ਸੀਟਾਂ ਵੀ ਨਹੀਂ ਜਿੱਤੇਗੀ। ਇਸੇ ਤਰ੍ਹਾਂ ਝੱਜਰ ਵਿੱਚ ਰੈਲੀ ਦੌਰਾਨ ਸ਼ਾਹ ਨੇ ਦੋਸ਼ ਲਾਇਆ ਕਿ ਕਾਂਗਰਸ ਦੇ ਸੀਨੀਅਰ ਆਗੂ ਭੁਪਿੰਦਰ ਸਿੰਘ ਹੁੱਡਾ ਦਾ ਧਿਆਨ ਹਰਿਆਣੇ ਦੇ ਵਿਕਾਸ 'ਤੇ ਘੱਟ ਅਤੇ ਆਪਣੇ ਪੁੱਤਰ ਨੂੰ ਮੁੱਖ ਮੰਤਰੀ ਬਣਾਉਣ ਵੱਲ ਵੱਧ ਹੈ।

# ਮਹੀਨੇ ਮਗਰੋਂ ਕਿਸਾਨਾਂ ਨੇ ਸ਼ੰਭੂ ਰੇਲਵੇ ਟਰੈਕ ਤੋਂ ਧਰਨਾ ਚੁੱਕਿਆ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਹਰਿਆਣਾ ਪੁਲੀਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਤਿੰਨ ਕਿਸਾਨਾਂ ਦੀ ਰਿਹਾਈ ਲਈ ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਅਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ 17 ਅਪਰੈਲ ਤੋਂ ਸ਼ੰਭੂ ਰੇਲਵੇ ਸਟੇਸ਼ਨ ਕੋਲ ਰੇਲਵੇ ਟਰੈਕ 'ਤੇ ਲਾਇਆ ਪੱਕਾ ਧਰਨਾ ਅੱਜ ਸਮਾਪਤ ਕਰ ਦਿੱਤਾ ਗਿਆ ਪਰ ਕਿਸਾਨਾਂ ਦਾ ਕਹਿਣਾ ਹੈ ਕਿ ਢਾਬੀ ਗੁੱਜਰਾਂ ਤੇ ਸ਼ੰਭੂ ਬਾਰਡਰ 'ਤੇ 98 ਦਿਨਾਂ ਤੋਂ ਜਾਰੀ ਧਰਨੇ ਮੰਗਾਂ ਦੀ ਪੂਰਤੀ ਤੱਕ ਚੱਲਦੇ ਰਹਿਣਗੇ।

ਕਿਸਾਨ ਮੋਰਚਾ ਤਿੰਨੋਂ ਕਿਸਾਨਾਂ ਦੀ ਰਿਹਾਈ ਤੱਕ ਰੇਲਵੇ ਟਰੈਕ ਖਾਲੀ ਨਾ ਕਰਨ ਲਈ ਬਜ਼ਿੱਦ ਸੀ ਪਰ ਵਪਾਰੀਆਂ, ਕਿਸਾਨਾਂ ਅਤੇ ਆਮ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਮੁੱਖ ਰੱਖਦਿਆਂ ਹੀ ਕਿਸਾਨਾਂ ਨੇ ਅੱਜ ਖੁਦ ਹੀ ਇਹ ਧਰਨਾ ਚੁੱਕ ਲਿਆ। ਕਿਸਾਨ ਆਗੂਆਂ ਨਾਲ ਹੋਈ ਗੱਲਬਾਤ ਮੁਤਾਬਿਕ ਰੇਲਵੇ ਟਰੈਕ ਖਾਲੀ ਕਰਨ ਦੇ ਕਈ ਕਾਰਨ ਦੱਸੇ ਜਾ ਰਹੇ ਹਨ। ਇੱਕ ਤਾਂ ਪਿਛਲੇ ਦਿਨੀਂ ਪੰਜਾਬ ਤੇ ਹਰਿਆਣਾ ਦੇ ਵਪਾਰੀ ਵਰਗ ਵੱਲੋਂ ਇਹ ਧਰਨਾ ਚੁਕਵਾਉਣ ਲਈ ਕਿਸਾਨ ਆਗੂਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ ਸਨ। ਇਸ ਤੋਂ ਇਲਾਵਾ ਝੋਨੇ ਦੇ ਸੀਜ਼ਨ ਦੌਰਾਨ ਖਾਦ ਅਤੇ ਬਾਹਰੋਂ ਆਉਣ ਵਾਲੀ ਲੇਬਰ ਅਤੇ ਬਿਜਲੀ ਥਰਮਲਾਂ ਲਈ ਲੋੜੀਂਦੇ ਕੋਲੇ ਦੀ ਸਪਲਾਈ ਆਦਿ ਸਬੰਧੀ ਸਮੱਸਿਆਵਾਂ ਕਾਰਨ ਵੀ ਕਿਸਾਨਾਂ ਨੇ ਇਹ ਧਰਨਾ ਚੁੱਕਣ ਦਾ ਫੈਸਲਾ ਲਿਆ ਹੈ।

ਇਕ ਕਿਸਾਨ ਜਥੇਬੰਦੀ ਦੇ ਆਗੂ ਸੁਖਜੀਤ ਬਘੌਰਾ ਦੀ ਵੀ ਧਰਨਾ ਸਮਾਪਤ ਕਰਵਾਉਣ 'ਚ ਭੂਮਿਕਾ ਰਹੀ ਹੈ। ਉਨ੍ਹਾਂ ਗੁਰਧਾਮਾਂ 'ਤੇ ਜਾਣ ਵਾਲੀ ਸੰਗਤ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਕਿਸਾਨ ਆਗੂਆਂ ਅਤੇ ਅਧਿਕਾਰੀਆਂ ਦਰਮਿਆਨ ਗੱਲਬਾਤ ਚਲਾਈ ਸੀ। ਦੂਜੇ ਪਾਸੇ ਕਿਸਾਨਾਂ ਨੇ ਅੱਜ ਸ਼ਾਮੀਂ ਰੇਲਵੇ ਟਰੈਕ ਖਾਲੀ ਕਰ ਦਿੱਤਾ। ਇਸ ਮੌਕੇ ਕਿਸਾਨ ਆਗੂ ਜਗਜੀਤ ਡੱਲੇਵਾਲ, ਸੁਰਜੀਤ ਫੂਲ, ਸਰਵਣ ਪੰਧੇਰ, ਮਨਜੀਤ ਘੁਮਾਣਾ, ਜਸਵਿੰਦਰ ਲੌਂਗੋਵਾਲ, ਮਲਕੀਤ ਗੁਲਾਮੀਵਾਲ, ਕਾਕਾ ਸਿੰਘ ਕੋਟਲਾ, ਅੰਗਰੇਜ਼ ਰੰਧਾਵਾ, ਗੁਰਵਿੰਦਰ ਭੰਗੂ ਤੇ ਬਲਕਾਰ ਬੈਂਸ ਸਮੇਤ ਕਈ ਹੋਰ ਕਿਸਾਨ ਆਗੂ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਹੀ ਟਰੈਕ ਖਾਲੀ ਹੋਣ ਨਾਲ ਪੁਲੀਸ ਪ੍ਰਸ਼ਾਸਨ ਨੇ ਵੀ ਸੁੱਖ ਦਾ ਸਾਹ ਲਿਆ ਹੈ।

ਪਟਿਆਲਾ ਜ਼ਿਲ੍ਹੇ ਵਿਚਲੇ ਢਾਬੀ ਗੁੱਜਰਾਂ ਅਤੇ ਸ਼ੰਭੂ ਬਾਰਡਰਾਂ 'ਤੇ ਪੱਕੇ ਮੋਰਚੇ ਲਾ ਕੇ ਬੈਠੇ ਕਿਸਾਨਾਂ ਨੂੰ ਅੱਜ 98 ਦਿਨ ਹੋ ਗਏ ਹਨ। ਇਸ ਮੋਰਚੇ ਦੇ ਸੌ ਦਿਨ ਪੂਰੇ ਹੋਣ 'ਤੇ 24 ਮਈ ਨੂੰ ਸ਼ੰਭੂ, ਢਾਬੀ ਗੁੱਜਰਾਂ, ਡੱਬਵਾਲੀ ਅਤੇ ਰਤਨਪੁਰਾ ਬਾਰਡਰ 'ਤੇ ਸਮਾਗਮ ਕੀਤੇ ਜਾ ਰਹੇ ਹਨ ਜਿਸ ਦੌਰਾਨ ਦੇਸ਼ ਭਰ ਵਿੱਚੋਂ ਵੱਡੀ ਗਿਣਤੀ ਕਿਸਾਨ ਪੁੱਜਣਗੇ। ਇਸ ਸਮਾਗਮ ਦੀਆਂ ਤਿਆਰੀਆਂ ਸਿਖਰਾਂ 'ਤੇ ਹਨ। ਇਸ ਸਬੰਧੀ ਸ਼ੰਭੂ ਬਾਰਡਰ 'ਤੇ ਪੱਕਾ ਸ਼ੈੱਡ ਬਣਾਇਆ ਜਾ ਰਿਹਾ ਹੈ। ਇਸ ਦੌਰਾਨ 24 ਮਈ ਦੇ ਸਮਾਗਮਾਂ ਸਬੰਧੀ ਕਿਸਾਨ ਆਗੂਆਂ ਵੱਲੋਂ ਜਾਇਜ਼ਾ ਮੀਟਿੰਗ ਵੀ ਕੀਤੀ ਗਈ ਜਿਸ ਦੌਰਾਨ ਹੀ 24 ਮਈ ਨੂੰ ਪਟਿਆਲਾ ਆਉਣ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੰਵਿਧਾਨਕ ਤੇ ਜਮਹੂਰੀ ਢੰਗ ਨਾਲ ਸਵਾਲ ਕਰਨ ਦਾ ਫੈਸਲਾ ਵੀ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਪੁੱਛਿਆ ਜਾਵੇਗਾ ਕਿ ਪਿਛਲੇ ਅੰਦੋਲਨ ਵਿੱਚ ਕਿਸਾਨਾਂ ਨਾਲ ਧੋਖਾ ਕਿਉਂ ਕੀਤਾ ਗਿਆ।

ਸ਼ੰਭੂ ਰੇਲਵੇ ਸਟੇਸ਼ਨ 'ਤੇ 17 ਅਪਰੈਲ ਤੋਂ ਸ਼ੁਰੂ ਹੋਇਆ ਕਿਸਾਨ ਅੰਦੋਲਨ ਅੱਜ ਸ਼ਾਮ 4 ਵਜੇ ਸਮਾਪਤ ਹੋਣ ਮਗਰੋਂ ਸਾਰੀਆਂ ਪ੍ਰਭਾਵਿਤ ਰੇਲ ਗੱਡੀਆਂ ਤੁਰੰਤ ਪ੍ਰਭਾਵ ਨਾਲ ਢੁਕਵੇਂ ਰੂਟਾਂ 'ਤੇ ਬਹਾਲ ਕਰ ਦਿੱਤੀਆਂ ਗਈਆਂ ਹਨ। ਰੇਲ ਸੇਵਾ ਮੁੜ ਸ਼ੁਰੂ ਹੋਣ ਤੋਂ ਬਾਅਦ ਪ੍ਰਭਾਵਿਤ ਰੂਟ 'ਤੇ ਪਹਿਲੀ ਰੇਲ ਗੱਡੀ ਅਕਾਲ-ਤਖ਼ਤ ਐਕਸਪ੍ਰੈੱਸ (ਟਰੇਨ ਨੰਬਰ 12317) ਚਲਾਈ ਗਈ। ਉੱਤਰੀ ਰੇਲਵੇ ਅੰਬਾਲਾ ਦੇ ਸੀਨੀਅਰ ਡੀਸੀਐੱਮ ਨਵੀਨ ਕੁਮਾਰ ਨੇ ਦੱਸਿਆ ਕਿ ਅੰਦੋਲਨ ਸਮਾਪਤ ਹੋਣ ਮਗਰੋਂ ਅੰਬਾਲਾ ਸਿਟੀ-ਸ਼ੰਭੂ ਅਤੇ ਸ਼ੰਭੂ-ਰਾਜਪੁਰਾ ਜੰਕਸ਼ਨ ਵਿਚਾਲੇ ਰੇਲਵੇ ਟਰੈਕ, ਸਿਗਨਲ ਅਤੇ ਓਵਰ-ਹੈੱਡ ਉਪਕਰਨਾਂ ਦੀ ਜਾਂਚ ਕੀਤੀ ਗਈ। 4:35 ਵਜੇ ਟਰੈਕ ਫਿੱਟ ਐਲਾਨੇ ਜਾਣ ਮਗਰੋਂ ਰੇਲ ਆਵਾਜਾਈ ਬਹਾਲ ਕਰ ਦਿੱਤੀ ਗਈ।

# ਮਤਦਾਨ ਮੌਕੇ ਬਜ਼ੁਰਗ ਵੋਟਰਾਂ ਲਈ ਵੱਖਰੀਆਂ ਕਤਾਰਾਂ ਲਾਉਣ ਦੀ ਮੰਗ

ਰਤੀਆ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਰਵ ਸਮਾਜ ਸਭਾ ਰਤੀਆ ਦੀ ਮਹੀਨਾਵਾਰ ਮੀਟਿੰਗ ਬਾਬਾ ਨਾਮਦੇਵ ਜੀ ਧਰਮਸ਼ਾਲਾ ਵਿਖੇ ਪ੍ਰਧਾਨ ਰਣਜੀਤ ਸਿੰਘ ਭਾਨੀਖੇੜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ ਗਈ। ਮੀਟਿੰਗ ਵਿੱਚ ਸਮੂਹ ਨਾਗਰਿਕਾਂ ਨੂੰ ਇਸ ਵਾਰ ਲੋਕ ਸਭਾ ਚੋਣਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਆਪਣੀ ਵੋਟ ਜ਼ਰੂਰ ਪਾਉਣ ਦੀ ਅਪੀਲ ਕੀਤੀ ਗਈ।

ਵੋਟਰਾਂ ਨੂੰ ਵੋਟ ਪਾਉਣ ਲਈ ਪ੍ਰੇਰਿਤ ਕਰਨ ਦਾ ਫ਼ੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਮੀਟਿੰਗ ਦੌਰਾਨ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਵੋਟਾਂ ਵਾਲੇ ਦਿਨ ਬਜ਼ੁਰਗਾਂ ਲਈ ਵੱਖਰੀਆਂ ਕਤਾਰਾਂ ਦਾ ਪ੍ਰਬੰਧ ਕੀਤਾ ਜਾਵੇ ਅਤੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਛਾਂ ਦਾ ਵੀ ਪ੍ਰਬੰਧ ਕੀਤਾ ਜਾਵੇ। ਇਸ ਤੋਂ ਇਲਾਵਾ ਮੀਟਿੰਗ ਵਿੱਚ ਸ਼ਹਿਰ ਦੇ ਸਰਕਾਰੀ ਹਸਪਤਾਲ ਵਿੱਚ ਦਵਾਈਆਂ ਦੀ ਘਾਟ ਸਬੰਧੀ ਉੱਚ ਅਧਿਕਾਰੀਆਂ ਨੂੰ ਮਿਲਣ ਦਾ ਫੈਸਲਾ ਕੀਤਾ ਗਿਆ।

ਇਸ ਤੋਂ ਇਲਾਵਾ ਮੀਟਿੰਗ 'ਚ ਇਲਾਕੇ 'ਚ ਵੱਧ ਰਹੇ ਨਸ਼ੇ 'ਤੇ ਵੀ ਚਿੰਤਾ ਪ੍ਰਗਟਾਈ ਗਈ ਅਤੇ ਨਸ਼ਿਆਂ ਦੀ ਹੋ ਰਹੀ ਬੇਚੈਨੀ 'ਤੇ ਪ੍ਰਸ਼ਾਸਨ ਮੂਕ ਦਰਸ਼ਕ ਬਣਿਆ ਹੋਇਆ ਹੈ। ਇਸ ਸਬੰਧੀ ਸਰਵ ਸਮਾਜ ਸਭਾ ਚੋਣਾਂ ਤੋਂ ਬਾਅਦ ਅਧਿਕਾਰੀਆਂ ਨਾਲ ਮੁਲਾਕਾਤ ਕਰੇਗੀ। ਇਸ ਮੌਕੇ ਕਾਮਰੇਡ ਅਜਮੇਰ ਸਿੰਘ, ਸਤਪਾਲ ਜਿੰਦਲ, ਰਣਧੀਰ ਸਿੰਘ ਮੋਲੀਆ, ਸ਼ੇਰ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਨੈਨ, ਕੈਪਟਨ ਜਗਜੀਤ ਸਿੰਘ, ਡਾ. ਨਾਇਬ ਸਿੰਘ ਮੰਡੇਰ, ਹੈਪੀ ਸਿੰਘ ਸੇਠੀ, ਮਹਾਂਵੀਰ ਗਰੋਵਰ, ਜਗਜੀਤ ਸਿੰਘ, ਸੁਨੀਲ ਇੰਦੌਰਾ, ਲਖਵਿੰਦਰ ਸਿੰਘ ਆਦਿ ਹਾਜ਼ਰ ਸਨ

# ਦਰਜਨ ਤੋਂ ਵੱਧ ਪਿੰਡਾਂ ਦੇ ਵਸਨੀਕਾਂ ਵੱਲੋਂ ਚੋਣਾਂ ਦੇ ਬਾਈਕਾਟ ਦਾ ਐਲਾਨ



ਯਮੁਨਾਨਗਰ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਦਰਜਨ ਤੋਂ ਵੱਧ ਪਿੰਡਾਂ ਦੇ ਲੋਕਾਂ ਨੇ ਅੱਜ ਇੱਥੇ ਮਿਨੀ ਸਕੱਤਰੇਤ ਵਿਖੇ ਪਿੰਡ ਘੋੜੋ ਪਿੱਪਲੀ ਵਿਚਕਾਰ ਯਮੁਨਾ ਨਦੀ ਦੇ ਬੀਪੁਰ ਘਾਟ 'ਤੇ ਟਾਪੂ ਮਾਜ਼ਰੀ ਵਿਚਕਾਰ ਪੁਲ ਬਣਾਉਣ ਦੀ ਮੰਗ ਨੂੰ ਲੈ ਕੇ ਧਰਨਾ ਦਿੱਤਾ ਅਤੇ ਹਰਿਆਣਾ ਦੇ ਰਾਜਪਾਲ ਦੇ ਨਾਂ ਜ਼ਿਲ੍ਹਾ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ। ਇਸ ਦੇ ਨਾਲ ਹੀ ਪਿੰਡ ਵਾਸੀਆਂ ਨੇ 25 ਮਈ ਨੂੰ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਦੇ ਬਾਈਕਾਟ ਦਾ ਐਲਾਨ ਵੀ ਕੀਤਾ ਗਿਆ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਲੋਕ ਨਿਰਮਾਣ ਵਿਭਾਗ ਦੇ ਦਸਤਾਵੇਜ਼ਾਂ ਤੋਂ ਪਤਾ ਲੱਗਦਾ ਹੈ ਕਿ ਡੇਢ ਸਾਲ ਪਹਿਲਾਂ 160 ਕਰੋੜ ਰੁਪਏ ਦੀ ਵਾਲੇ ਪੁਲ ਦੀ ਅਨੁਮਾਨਤ ਲਾਗਤ ਦਾ ਵੇਰਵਾ ਚੰਡੀਗੜ੍ਹ ਪ੍ਰਵਾਨਗੀ ਲਈ ਭੇਜਿਆ ਗਿਆ ਸੀ ਪਰ ਅਸਲੀਅਤ ਇਹ ਹੈ ਕਿ ਇਹ ਸਭ ਕੁਝ ਅਜੇ ਕਾਗਜ਼ਾਂ ਵਿੱਚ ਹੀ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਪੁਲ ਦਾ ਨਿਰਮਾਣ ਨਹੀਂ ਹੁੰਦਾ, ਉਦੋਂ ਤੱਕ ਇੱਥੋਂ ਦੇ 20 ਤੋਂ 25 ਹਜ਼ਾਰ ਵੋਟਰ ਆਪਣੀ ਵੋਟ ਨਹੀਂ ਪਾਉਣਗੇ ਅਤੇ ਲੋਕ ਸਭਾ ਦੇ ਨਾਲ-ਨਾਲ ਆਉਣ ਵਾਲੀਆਂ ਵਿਧਾਨ ਸਭਾ ਅਤੇ ਪੰਚਾਇਤ ਚੋਣਾਂ ਦਾ ਵੀ ਬਾਈਕਾਟ ਕਰਨਗੇ। ਜ਼ਿਕਰਯੋਗ ਹੈ ਕਿ ਇਸ ਪੁਲ ਨੂੰ ਬਣਾਉਣ ਦੀ ਪਿੰਡ ਵਾਸੀਆਂ ਦੀ ਮੰਗ 70 ਸਾਲਾਂ ਤੋਂ ਚੱਲ ਰਹੀ ਹੈ ਪਰ ਸਰਕਾਰ ਵੱਲੋਂ ਕਿਤੇ ਵੀ ਕੋਈ ਸੁਣਵਾਈ ਨਹੀਂ ਹੋਈ। ਪਿੰਡ ਸਾਬਾਪੁਰ, ਬਾਕਰਪੁਰ, ਬੀਪੁਰ, ਮਹਿਰਮਾਜਰਾ, ਕਨਾਲਸੀ, ਮਾਲੀਮਾਜਰਾ, ਟਾਪੂਮਾਜਰਾ, ਸੂਘ, ਅਮਾਦਲਪੁਰ ਅਤੇ ਘੋੜੋ ਪਿੱਪਲੀ ਆਦਿ ਪਿੰਡਾਂ ਦੇ ਲੋਕਾਂ ਦਾ ਕਹਿਣਾ ਹੈ ਕਿ ਯਮੁਨਾਨਗਰ ਸ਼ਹਿਰ ਤੱਕ ਪਹੁੰਚਣ ਲਈ ਉਨ੍ਹਾਂ ਨੂੰ ਸੱਤ ਕਿਲੋਮੀਟਰ ਸਫ਼ਰ ਦੀ ਥਾਂ 40 ਕਿਲੋਮੀਟਰ ਦਾ ਸਫ਼ਰ ਤੈਅ ਕਰਨਾ ਪੈਂਦਾ ਹੈ।

ਐਨਾ ਹੀ ਨਹੀਂ ਮਰੀਜ਼ਾਂ ਨੂੰ ਹਸਪਤਾਲ ਵਿੱਚ ਇਲਾਜ ਲਈ ਲਿਜਾਣ ਵਾਸਤੇ ਵੀ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਬਰਸਾਤ ਦੇ ਮੌਸਮ ਵਿੱਚ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਜਾਣ ਲਈ ਕਿਸ਼ਤੀ ਦਾ ਸਹਾਰਾ ਲੈਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਅਸੀਂ ਇੱਥੋਂ ਦੇ ਸੰਸਦ ਮੈਂਬਰ ਮਰਹੂਮ ਰਤਨ ਲਾਲ ਕਟਾਰੀਆ ਨੂੰ ਮੰਗ ਪੱਤਰ ਵੀ ਸੌਂਪਿਆ ਸੀ। ਉਦੋਂ ਉਨ੍ਹਾਂ ਨੇ ਪੁਲ ਬਣਾਉਣ ਦਾ ਵਾਅਦਾ ਕੀਤਾ ਸੀ ਪਰ ਪੂਰਾ ਨਹੀਂ ਕੀਤਾ। ਪਿੰਡ ਵਾਸੀਆਂ ਨੇ ਸਰਕਾਰ ਖਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਜਦੋਂ ਤੱਕ ਇਹ ਪੁਲ ਨਹੀਂ ਬਣ ਜਾਂਦਾ ਚੋਣਾਂ ਦਾ ਬਾਈਕਾਟ ਜਾਰੀ ਰਹੇਗਾ।

# ਭਾਜਪਾ ਨੇ ਗੁਰਦਾਸਪੁਰ ਹਲਕੇ ਨਾਲ ਹਮੇਸ਼ਾ ਭੇਦਭਾਵ ਕੀਤਾ: ਰੰਧਾਵਾ



ਗੁਰਦਾਸਪੁਰ,24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸ ਦੇ ਉਮੀਦਵਾਰ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਦੀਨਾਨਗਰ ਵਿਧਾਨਸਭਾ ਹਲਕੇ ਦੇ ਪਿੰਡ ਚਾਵਾ ਵਿੱਚ ਇੱਕ ਚੋਣ ਮੀਟਿੰਗ ਨੂੰ ਸੰਬੋਧਨ ਕੀਤਾ। ਇਹ ਮੀਟਿੰਗ ਹਲਕਾ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਰੁਣਾ ਚੌਧਰੀ ਅਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਚੌਧਰੀ ਵੱਲੋਂ ਕਰਵਾਈ ਗਈ। ਕਾਂਗਰਸੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਦੇਸ਼ ਵਿੱਚ ਲਗਾਤਾਰ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਖ਼ਰਾਬ ਕਾਨੂੰਨ ਵਿਵਸਥਾ ਕਾਰਨ ਆਮ ਨਾਗਰਿਕ ਦਾ ਜਿਊਣਾ ਮੁਸ਼ਕਿਲ ਹੋਇਆ ਪਿਆ ਹੈ। ਨਰਿੰਦਰ ਮੋਦੀ ਦੀ ਅਗਵਾਈ ਹੇਠ ਦਸ ਸਾਲ ਤੋਂ ਦੇਸ਼ ਵਿੱਚ ਰਾਜ ਕਰ ਰਹੀ ਭਾਜਪਾ ਸਰਕਾਰ ਨੇ ਹਮੇਸ਼ਾ ਲੋਕ ਸਭਾ ਹਲਕਾ ਗੁਰਦਾਸਪੁਰ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਉਨ੍ਹਾਂ ਕਿਹਾ ਕਿ ਸਹਿਕਾਰਤਾ ਵਿਭਾਗ ਦਾ ਕੈਬਨਿਟ ਮੰਤਰੀ ਪੰਜਾਬ ਹੋਣ ਦੇ ਨਾਤੇ ਗੰਨਾ ਕਿਸਾਨਾਂ ਦੀ ਸਹੂਲਤ ਲ ?ਈ ਗੁਰਦਾਸਪੁਰ ਅਤੇ ਬਟਾਲਾ ਦੀ ਖੰਡ ਮਿੱਲ ਦੀ ਸਮਰੱਥਾ ਦੁੱਗਣੀ ਕਰਕੇ ਗੰਨਾ ਉਤਪਾਦਕਾਂ ਨੂੰ ਭਾਰੀ ਰਾਹਤ ਪਹੁੰਚਾਈ ਸੀ।

ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸੀ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਨੇ ਇੱਥੇ ਕੋਰਟ ਕੰਪਲੈਕਸ ਵਿੱਚ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਨਾਲ ਮੀਟਿੰਗ ਕਰ ਕੇ ਉਨ੍ਹਾਂ ਤੋਂ ਸਮਰਥਨ ਮੰਗਿਆ। ਇਸ ਮੌਕੇ ਵਿਧਾਇਕ ਗੁਰਦਾਸਪੁਰ ਬਰਿੰਦਰਮੀਤ ਸਿੰਘ ਪਾਹੜਾ, ਪਠਾਨਕੋਟ ਦੇ ਸਾਬਕਾ ਵਿਧਾਇਕ ਅਮਿਤ ਵਿੱਜ, ਬਾਰ ਕੌਂਸਲ ਦੇ ਪ੍ਰਧਾਨ ਐਡਵੋਕੇਟ ਵਿਨੋਦ ਧੀਮਾਨ ਹਾਜ਼ਰ ਸਨ।

ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਲੋਕ ਸਭਾ ਹਲਕਾ ਗੁਰਦਾਸਪੁਰ ਤੋਂ ਕਾਂਗਰਸ ਦੇ ਉਮੀਦਵਾਰ ਸੁਖਜਿੰਦਰ ਸਿੰਘ ਰੰਧਾਵਾ ਦੇ ਹੱਕ ਵਿੱਚ ਪਿੰਡ ਕਾਹਲਵਾਂ ਵਿੱਚ ਕਾਂਗਰਸ ਵਰਕਰਾਂ ਅਤੇ ਸਮਰਥਕਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਨੇ ਗੈਂਗਸਟਰਵਾਦ ਅਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਪੰਜਾਬ ਸਰਕਾਰ ਨੂੰ ਨਿਸ਼ਾਨੇ 'ਤੇ ਲਿਆ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿਚ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ। ਕੇਂਦਰ ਵਿੱਚ ਇੰਡੀਆ ਗਠਬੰਧਨ ਸਰਕਾਰ ਬਣਾਵੇਗੀ।

# ਹੰਸ ਰਾਜ ਦੇ ਵਿਰੋਧ ਸਮੇਂ ਕਿਸਾਨਾਂ ਤੇ ਪੁਲੀਸ ਦਰਮਿਆਨ ਖਿੱਚ-ਧੂਹ

ਭਗਤਾ ਭਾਈ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਭਾਜਪਾ ਦੇ ਉਮੀਦਵਾਰ ਹੰਸ ਰਾਜ ਹੰਸ ਵੱਲੋਂ ਪਿੰਡ ਕੋਠਾ ਗੁਰੂ ਵਿੱਚ ਰੱਖੇ ਚੋਣ ਪ੍ਰੋਗਰਾਮ ਦੀ ਭਿਣਕ ਪੈਂਦਿਆਂ ਹੀ ਬੀਕੇਯੂ (ਉਗਰਾਹਾਂ), ਬੀਕੇਯੂ (ਕ੍ਰਾਂਤੀਕਾਰੀ) ਪੰਜਾਬ, ਬੀਕੇਯੂ (ਸਿੱਧੂਪੁਰ) ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀ ਅਗਵਾਈ ਹੇਠ ਕਿਸਾਨਾਂ ਨੇ ਵਿਰੋਧ ਕਰਦਿਆਂ ਉਨ੍ਹਾਂ ਨੂੰ ਕਾਲੀਆਂ ਝੰਡੀਆਂ ਦਿਖਾਈਆਂ। ਅੱਗੇ ਵਧ ਰਹੇ ਕਿਸਾਨਾਂ ਤੇ ਪੁਲੀਸ ਪ੍ਰਸ਼ਾਸਨ ਦਰਮਿਆਨ ਕੁਝ ਖਿੱਚਧੂਹ ਵੀ ਹੋਈ। ਇਸ ਸਮੇਂ ਵੱਡੀ ਗਿਣਤੀ ਵਿਚ ਪੁਲੀਸ ਤਾਇਨਾਤ ਕੀਤੀ ਗਈ ਸੀ। ਇਸ ਮੌਕੇ ਬੀਕੇਯੂ (ਕ੍ਰਾਂਤੀਕਾਰੀ) ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਪੁਰਸ਼ੋਤਮ ਮਹਿਰਾਜ ਨੇ ਦੱਸਿਆ ਕਿ ਬੀਤੇ ਦਿਨੀਂ ਹੰਸ ਰਾਜ ਹੰਸ ਨੇ ਕਿਸਾਨਾਂ ਵੱਲੋਂ ਭਾਜਪਾ ਉਮੀਦਵਾਰਾਂ ਦੇ ਕੀਤੇ ਜਾ ਰਹੇ ਵਿਰੋਧ ਪ੍ਰਤੀ ਕੁਝ ਵਿਵਾਦਤ ਗੱਲਾਂ ਕਹੀਆਂ ਸਨ, ਜਿਨ੍ਹਾਂ ਤੋਂ ਕਿਸਾਨਾਂ ਵਿੱਚ ਭਾਰੀ ਰੋਸ ਹੈ। ਬੀਕੇਯੂ (ਉਗਰਾਹਾਂ) ਬਲਾਕ ਭਗਤਾ ਦੇ ਪ੍ਰਧਾਨ ਜਸਪਾਲ ਸਿੰਘ ਪਾਲਾ, ਬੀਕੇਯੂ (ਸਿੱਧੂਪੁਰ) ਦੇ ਗੁਰਜੰਟ ਸਿੰਘ ਕੋਠਾਗੁਰੂ, ਔਰਤ ਆਗੂ ਮਾਲਣ ਕੌਰ ਅਤੇ ਮਜ਼ਦੂਰ ਆਗੂ ਤੀਰਥ ਸਿੰਘ ਨੇ ਮੁੜ ਦੁਹਰਾਇਆ ਕਿ ਜਿਸ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਵੱਲੋਂ ਲਏ ਫ਼ੈਸਲੇ ਤਹਿਤ ਪੰਜਾਬ ਭਰ ਵਿੱਚ ਭਾਜਪਾ ਉਮੀਦਵਾਰਾਂ ਦਾ ਲਗਾਤਾਰ ਵਿਰੋਧ ਜਾਰੀ ਰਹੇਗਾ।

ਡੇਰਾ ਭੋਰੇ ਵਾਲਾ ਸੁਖਾਨੰਦ ਵਿੱਚ ਪਹੁੰਚੇ ਭਾਜਪਾ ਉਮੀਦਵਾਰ ਹੰਸ ਰਾਜ ਦੀ ਕਿਸਾਨਾਂ ਨੂੰ ਭੈਣਕ ਪੈ ਗਈ। ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਜਥੇਬੰਦੀ ਦੇ ਆਗੂ ਹੰਸ ਰਾਜ ਦਾ ਵਿਰੋਧ ਕਰਨ ਲਈ ਡੇਰੇ ਦੇ ਗੇਟ ਅੱਗੇ ਪਹੁੰਚ ਗਏ। ਕਿਸਾਨਾਂ ਦੇ ਵਿਰੋਧ ਦੀ ਖ਼ਬਰ ਸੁਣਦਿਆਂ ਹੀ ਵੱਡੀ ਗਿਣਤੀ ਵਿੱਚ ਪੁਲੀਸ ਵੀ ਇੱਥੇ ਪਹੁੰਚ ਗਈ। ਪੁਲੀਸ ਨੇ ਕਿਸਾਨਾਂ ਨੂੰ ਬਾਹਰ ਹੀ ਰੋਕੀ ਰੱਖਿਆ। ਭਾਜਪਾ ਉਮੀਦਵਾਰ ਜਦੋਂ ਇੱਥੋਂ ਭਗਤਾ ਭਾਈ ਰੋਡ ਨੂੰ ਜਾਣ ਲਈ ਨਿਕਲਿਆ ਤਾਂ ਕਿਸਾਨਾਂ ਨੇ ਮੁਰਦਾਬਾਦ ਦੇ ਨਾਅਰੇ ਲਗਾ ਕੇ ਉਸ ਨੂੰ ਕਾਲੀਆਂ ਝੰਡੀਆਂ ਦਿਖਾਈਆਂ।ਲੋਕ ਸਭਾ ਹਲਕਾ ਫ਼ਰੀਦਕੋਟ ਤੋਂ ਭਾਜਪਾ ਦੇ ਉਮੀਦਵਾਰ ਹੰਸ ਰਾਜ ਹੰਸ ਵੱਲੋਂ ਅੱਜ ਭਗਤਾ ਭਾਈ ਦੇ ਬਾਜ਼ਾਰ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਦੀ ਹਾਜ਼ਰੀ 'ਚ ਚੋਣ ਦਫ਼ਤਰ ਦਾ ਉਦਘਾਟਨ ਕੀਤਾ ਗਿਆ। ਹੰਸ ਰਾਜ ਹੰਸ ਨੇ ਵੋਟਾਂ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਅੱਜ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਯੂਪੀ ਤੇ ਬਿਹਾਰ ਵਰਗੇ ਪਛੜੇ ਰਾਜ ਵੀ ਅੱਗੇ ਵਧ ਰਹੇ ਹਨ ਤਾਂ ਪੰਜਾਬ ਦੀ ਬਿਹਤਰੀ ਲਈ ਸਾਨੂੰ ਪਿੱਛੇ ਨਹੀਂ ਰਹਿਣਾ ਚਾਹੀਦਾ। ਉਨ੍ਹਾਂ ਕਿਹਾ ਕਿ ਭਾਜਪਾ ਤੀਜੀ ਵਾਰ ਸੱਤਾ 'ਤੇ ਕਾਬਜ਼ ਹੋਣ ਜਾ ਰਹੀ ਹੈ। ਅੱਜ ਲੋੜ ਹੈ ਕਿ ਅਸੀਂ ਪੰਜਾਬੀ ਵੀ ਭਾਜਪਾ ਨਾਲ ਮਿਲ ਕੇ ਸੂਬੇ ਦੀ ਤਰੱਕੀ ਦਾ ਰਾਹ ਪੱਧਰਾ ਕਰੀਏ। ਭਾਜਪਾ ਦੇ ਸੂਬਾ ਕਾਰਜਕਾਰਨੀ ਮੈਂਬਰ ਗੁਰਵਿੰਦਰ ਸਿੰਘ ਭਗਤਾ, ਹਲਕਾ ਰਾਮਪੁਰਾ ਫੂਲ ਦੇ ਕਨਵੀਨਰ ਡਾ. ਅਮਰਜੀਤ ਸ਼ਰਮਾ ਭਗਤਾ ਅਤੇ ਮੰਡਲ ਪ੍ਰਧਾਨ ਸਵਰਨ ਸਿੰਘ ਬੁਰਜ ਲੱਧਾ ਨੇ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ। ਇਸ ਉਪਰੰਤ ਹੰਸ ਰਾਜ ਹੰਸ ਨੇ ਪਿੰਡ ਬੁਰਜ ਲੱਧਾ, ਸੁਰਜੀਤ ਨਗਰ, ਕੋਠਾ ਗੁਰੂ, ਮਲੂਕਾ ਤੇ ਸਿਰੀਏਵਾਲਾ ਵਿੱਚ ਵੀ ਚੋਣ ਪ੍ਰਚਾਰ ਕੀਤਾ।

# 'ਇੰਡੀਆ' ਗੱਠਜੋੜ ਨੂੰ ਮਿਲੇਗਾ ਸਪੱਸ਼ਟ ਬਹੁਮਤ: ਜੈਰਾਮ ਰਮੇਸ਼



ਸਿਰਸਾ,24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਕਾਂਗਰਸ ਦੇ ਮੀਡੀਆ ਇੰਚਾਰਜ ਅਤੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ 20 ਸਾਲਾਂ ਬਾਅਦ ਕੇਂਦਰ ਵਿੱਚ ਇੰਡੀਆ ਗਠਜੋੜ ਦੀ ਸਰਕਾਰ ਬਣਨ ਜਾ ਰਹੀ ਹੈ। ਹਰਿਆਣਾ ਵਿੱਚ ਵੀ ਇੰਡੀਆ ਗੱਠਜੋੜ ਸਾਰੀਆਂ ਲੋਕ ਸਭਾ ਸੀਟਾਂ 'ਤੇ ਜਿੱਤ ਪ੍ਰਾਪਤ ਕਰੇਗਾ। ਇਸ ਦੌਰਾਨ ਉਨ੍ਹਾਂ ਨਾਲ ਕਾਂਗਰਸ ਦੇ ਕੌਮੀ ਸਕੱਤਰ ਡਾ. ਵਿਨੀਤ ਪੂਨੀਆ ਅਤੇ ਸਿਰਸਾ ਲੋਕ ਸਭਾ ਦੇ ਮੀਡੀਆ ਕੋਆਰਡੀਨੇਟਰ ਮੁਕੇਸ਼ ਸੈਣੀ ਵੀ ਮੌਜੂਦ ਸਨ।

ਕਾਂਗਰਸ ਆਗੂ ਜੈਰਾਮ ਰਮੇਸ਼ ਨੇ ਕਿਹਾ ਕਿ ਦੇਸ਼ ਦੀ ਜਨਤਾ ਜਾਣ ਚੁੱਕੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਝੂਠ ਫੈਲਾ ਰਹੇ ਹਨ। ਹਰ ਰੋਜ਼ ਪ੍ਰਧਾਨ ਮੰਤਰੀ ਮੋਦੀ ਆਪਣਾ ਪੁਰਾਣਾ ਬਿਆਨ ਬਦਲਦੇ ਰਹਿੰਦੇ ਹਨ। ਪ੍ਰਧਾਨ ਮੰਤਰੀ 'ਤੇ ਕੋਈ ਭਰੋਸਾ ਨਹੀਂ ਕਰ ਸਕਦਾ। ਕਾਂਗਰਸੀ ਆਗੂ ਨੇ ਕਿਹਾ ਕਿ ਯੂਪੀਏ ਨੇ 2004 ਵਿੱਚ ਐਨਡੀਏ ਨੂੰ ਹਰਾ ਕੇ ਸਰਕਾਰ ਬਣਾਈ ਸੀ। ਉਸ ਸਮੇਂ ਕਿਸੇ ਨੂੰ ਇਹ ਉਮੀਦ ਨਹੀਂ ਸੀ ਕਿ ਯੂਪੀਏ ਗੱਠਜੋੜ ਦੀ ਸਰਕਾਰ ਬਣਾਉਣ ਜਾ ਰਹੀ ਹੈ। ਅੱਜ 20 ਸਾਲਾਂ ਬਾਅਦ ਇਤਿਹਾਸ ਦੁਹਰਾਇਆ ਜਾ ਰਿਹਾ ਹੈ। ਪਿਛਲੇ ਚਾਰ ਗੇੜਾਂ ਅਤੇ ਅੱਜ ਦੇ ਪੰਜਵੇਂ ਪੜਾਅ ਦੀਆਂ ਕੁੱਲ 428 ਲੋਕ ਸਭਾ ਸੀਟਾਂ ਲਈ ਹੋਈਆਂ ਚੋਣਾਂ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ ਇਸ ਲੋਕ ਸਭਾ ਚੋਣ ਵਿੱਚ ਇੰਡੀਆ ਗਠਜੋੜ ਦੇ ਹੱਕ ਵਿੱਚ ਜ਼ੋਰਦਾਰ ਲਹਿਰ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਦੇਸ਼ ਦੇ ਸਾਰੇ ਵਰਗਾਂ ਵਿੱਚ ਭਾਰੀ ਰੋਸ ਹੈ।

ਸ੍ਰੀ ਰਮੇਸ਼ ਨੇ ਕਿਹਾ ਕਿ ਭਾਜਪਾ ਤੇ ਆਰਐੱਸਐੱਸ ਰਿਜ਼ਰਵੇਸ਼ਨ ਦੇ ਖ਼ਿਲਾਫ਼ ਹਨ। ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਦੇ ਇੱਕ ਪੁਰਾਣੇ ਲੇਖ ਤੋਂ ਪਤਾ ਲਗਦਾ ਹੈ ਕਿ ਉਹ ਰਾਖਵੇਂਕਰਨ ਦੇ ਵਿਰੁੱਧ ਹਨ। ਲੋਕ ਸਭਾ ਚੋਣਾਂ ਲਈ ਕਾਂਗਰਸ ਦੇ ਮੈਨੀਫੈਸਟੋ ਦੇ ਵਾਅਦਿਆਂ ਦੀ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਜੇ 4 ਜੂਨ ਨੂੰ ਕੇਂਦਰ ਵਿੱਚ ਗੱਠਜੋੜ ਦੀ ਸਰਕਾਰ ਬਣਦੀ ਹੈ ਤਾਂ ਕਿਸਾਨਾਂ ਦੇ ਕਰਜ਼ੇ ਮੁਆਫ਼ ਕੀਤੇ ਜਾਣਗੇ। ਐੱਮਐੱਸਪੀ ਦੀ ਕਾਨੂੰਨੀ ਗਾਰੰਟੀ ਦਿੱਤੀ ਜਾਵੇਗੀ, ਫ਼ਸਲ ਦੇ ਨੁਕਸਾਨ ਦੀ ਸਥਿਤੀ ਵਿੱਚ ਕਿਸਾਨਾਂ ਨੂੰ 30 ਦਿਨਾਂ ਦੇ ਅੰਦਰ ਅੰਦਰ ਮੁਆਵਜ਼ਾ ਯਕੀਨੀ ਬਣਾਇਆ ਜਾਵੇਗਾ, ਜਾਤੀ ਜਨਗਣਨਾ ਕਰਵਾਈ ਜਾਵੇਗੀ, ਗ਼ਰੀਬਾਂ ਨੂੰ ਪੰਜ ਦੀ ਥਾਂ ਦਸ ਕਿਲੋ ਅਨਾਜ ਦਿੱਤਾ ਜਾਵੇਗਾ, ਅਗਨੀਵੀਰ ਸਕੀਮ ਰੱਦ ਕਰ ਦਿੱਤੀ ਜਾਵੇਗੀ ਆਦਿ।

ਇਕ ਸੁਆਲ ਦੇ ਜੁਆਬ ਵਿੱਚ ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੀ ਚੋਣ ਸੰਸਦ ਮੈਂਬਰਾਂ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਨੇ ਚੋਣ ਕਮਿਸ਼ਨ 'ਤੇ ਸੁਆਲ ਚੁਕਦਿਆਂ ਕਿਹਾ ਕਿ ਚੋਣ ਕਮਿਸ਼ਨ ਦਾ ਭਰੋਸਾ ਲੋਕਾਂ 'ਚ ਖ਼ਤਮ ਹੁੰਦਾ ਜਾ ਰਿਹਾ ਹੈ, ਜਿਸ ਨੂੰ ਬਰਕਰਾਰ ਰੱਖਣ ਚੋਣ ਕਮਿਸ਼ਨ ਦੀ ਜ਼ਿੰਮੇਵਾਰੀ ਹੈ।

# ਔਰਤਾਂ ਦੀਆਂ ਵੋਟਾਂ ਖੋਹਣ ਦੀ ਸਾਜ਼ਿਸ਼ਾਂ ਰਚ ਰਹੀ ਹੈ ਕਾਂਗਰਸ: ਹਰਸਿਮਰਤ




ਮਾਨਸਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਬਠਿੰਡਾ ਲੋਕ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਹਰਸਿਮਰਤ ਕੌਰ ਬਾਦਲ ਨੇ ਅੱਜ ਮਹਿਲਾਵਾਂ ਨੂੰ ਕਿਹਾ ਕਿ ਉਹ ਕਾਂਗਰਸ ਵੱਲੋਂ ਉਨ੍ਹਾਂ ਦੇ ਵੋਟ ਦਾ ਅਧਿਕਾਰ ਖੋਹਣ ਦੀ ਰਚੀ ਜਾ ਰਹੀ ਸਾਜ਼ਿਸ਼ ਤੋਂ ਚੌਕਸ ਰਹਿਣ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਰ ਸਾਲ ਇੱਕ ਲੱਖ ਰੁਪਏ ਦੇਣ ਦੇ ਝੂਠੇ ਵਾਅਦੇ ਦੇ ਫਾਰਮ ਭਰਵਾ ਰਹੀ ਹੈ ਤਾਂ ਜੋ ਔਰਤਾਂ ਦੀਆਂ ਵੋਟਾਂ ਲਈਆਂ ਜਾ ਸਕਣ। ਉਹ ਅੱਜ ਮਾਨਸਾ ਵਿੱਚ ਵੱਖ-ਵੱਖ ਥਾਈਂ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰ ਰਹੇ ਸਨ।

ਉਨ੍ਹਾਂ ਕਿਹਾ ਕਿ 'ਆਪ' ਨੇ ਤੁਹ ਨੂੰ ਪਿਛਲੀਆਂ ਵਿਧਾਨ ਸਭਾ ਚੋਣਾਂ ਵੇਲੇ ਇੱਕ-ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਕੀਤਾ ਅਤੇ ਹੁਣ ਤੱਕ ਇਕ ਦੁੱਕੀ ਵੀ ਨਹੀਂ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਕਾਂਗਰਸ ਪਾਰਟੀ ਤੁਹਾਨੂੰ ਇੱਕ-ਇੱਕ ਲੱਖ ਰੁਪਏ ਹਰ ਸਾਲ ਦੇਣ ਦਾ ਵਾਅਦਾ ਕਰ ਰਹੀ ਹੈ ਅਤੇ 'ਆਪ' ਵਾਂਗੂ ਕਾਂਗਰਸ ਦਾ ਵੀ ਇਹ ਵਾਅਦਾ ਪੂਰਾ ਕਰਨ ਦਾ ਕੋਈ ਇਰਾਦਾ ਨਹੀਂ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸ ਪਾਰਟੀ ਵੱਲੋਂ ਪਹਿਲਾਂ ਕੀਤੇ ਵਾਅਦਿਆਂ ਦਾ ਹਸ਼ਰ ਚੇਤੇ ਕਰ ਲੈਣ। ਉਨ੍ਹਾਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਖੇਤੀ ਕਰਜ਼ੇ ਮੁਆਫ਼ ਕਰਨ ਦਾ ਵਾਅਦਾ ਕੀਤਾ ਸੀ ਅਤੇ ਨੌਜਵਾਨਾਂ ਨੂੰ ਵੀ ਪੱਚੀ-ਪੱਚੀ ਸੌ ਰੁਪਏ ਪ੍ਰਤੀ ਮਹੀਨਾ ਬੇਰੁਜ਼ਗਾਰੀ ਭੱਤਾ ਦੇਣ ਦਾ ਵਾਅਦਾ ਕੀਤਾ ਸੀ, ਦੋਵੇਂ ਵਾਅਦੇ ਕਾਗਜ਼ਾਂ ਤੱਕ ਸੀਮਤ ਰਹਿ ਗਏ ਹਨ।

ਹਰਸਿਮਰਤ ਬਾਦਲ ਨੇ 'ਆਪ' ਸਰਕਾਰ ਤੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਨੇ ਹੁਣ ਤੱਕ ਔਰਤਾਂ ਲਈ ਇੱਕ-ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਨਹੀਂ ਦਿੱਤੇ। ਉਨ੍ਹਾਂ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਜਦੋਂ 'ਆਪ' ਵਾਲੇ ਵੋਟਾਂ ਮੰਗਣ ਆਉਣ ਤਾਂ ਔਰਤਾਂ 26 ਮਹੀਨਿਆਂ ਦੇ 26-26 ਹਜ਼ਾਰ ਰੁਪਏ ਉਨ੍ਹਾਂ ਦੇ ਬੈਂਕ ਖ਼ਾਤਿਆਂ ਵਿਚ ਪਾਉਣ ਲਈ ਆਖਣ।ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸੂਬੇ ਵਿਚ ਜਦੋਂ ਵੀ ਵਿਕਾਸ ਹੋਇਆ ਹੈ, ਉਹ ਅਕਾਲੀ ਦਲ ਦੇ ਰਾਜ ਵਿਚ ਹੀ ਹੋਇਆ ਹੈ। ਕਾਂਗਰਸ ਨੇ ਲੰਬਾ ਸਮਾਂ ਰਾਜ ਕੀਤਾ, ਰਾਸ਼ਟਰਪਤੀ ਸ਼ਾਸਨ ਲਗਾਇਆ ਗਿਆ ਪਰ ਇਸ ਤੋਂ ਬਾਅਦ ਜਦੋਂ ਅਕਾਲੀ ਦਲ ਬਾਦਲ ਸੱਤਾ ਵਿਚ ਆਇਆ ਤਾਂ ਉਸ ਨੇ ਪੰਜਾਬ ਨੂੰ ਵਿਕਾਸ ਦੇ ਰਾਹ 'ਤੇ ਤੋਰਿਆ।

# ਆਮ ਆਦਮੀ ਪਾਰਟੀ ਦੇ ਉਮੀਦਵਾਰ ਮੀਤ ਹੇਅਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਸੰਗਰੂਰ ਤੋਂ ਪੰਜਾਬੀ ਫਿਲਮ ਇੰਡਸਟਰੀ ਦੇ ਮਸ਼ਹੂਰ ਕਲਾਕਾਰ ਪਹੁੰਚੇ

ਧੂਰੀ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਜਿਵੇਂ ਕਿ ਹਰ ਕੋਈ ਜਾਣਦਾ ਹੈ ਕਿ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ ਅਤੇ ਹਰ ਉਮੀਦਵਾਰ ਆਪਣੀ ਪੂਰੀ ਕੋਸ਼ਿਸ਼ ਕਰ ਰਿਹਾ ਹੈ ਜਿਸ ਵਿਚ ਉਹ ਕਿਸੇ ਮਸ਼ਹੂਰ ਹਸਤੀ ਨੂੰ ਆਪਣੇ ਵਿੰਗ ਹੇਠ ਲਿਆ ਰਿਹਾ ਹੈ।ਇਸੇ ਤਰ੍ਹਾਂ ਪੰਜਾਬੀ ਫਿਲਮ ਇੰਡਸਟਰੀ ਦੇ ਮਸ਼ਹੂਰ ਕਲਾਕਾਰ ਬੀਨੂੰ ਢਿੱਲੋਂ ਅਤੇ ਮਸ਼ਹੂਰ ਪੰਜਾਬੀ ਗਾਇਕ ਅਤੇ ਅਦਾਕਾਰ ਹਰਜੀਤ ਹਰਮਨ ਧੂਰੀ ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਉਮੀਦਵਾਰ ਮੀਤ ਹੇਅਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਪਹੁੰਚੇ ਅਤੇ ਉਨ੍ਹਾਂ ਨੇ ਪੂਰੇ ਸਦਰ ਬਾਜ਼ਾਰ ਵਿੱਚ ਮੀਤ ਹੇਅਰ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਅਤੇ ਲੋਕਾਂ ਨੂੰ ਮਿਲੇ ਅਤੇ ਆਮ ਆਦਮੀ ਦੇ ਕੰਮਾਂ ਬਾਰੇ ਦੱਸਿਆ ਅਤੇ ਅਜਿਹੀ ਸਰਕਾਰ ਬਾਰੇ ਦੱਸਿਆ ਜਿਸ ਨੂੰ ਕੋਈ ਲਾਲਚ ਨਹੀਂ ਹੈ ਅਤੇ ਜੋ ਬਿਨਾਂ ਪੈਸੇ ਦੇ ਕੰਮ ਕਰਦੀ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਨੂੰ ਢਿੱਲੋਂ ਨੇ ਕਿਹਾ ਕਿ ਉਹ ਇਸ ਸ਼ਹਿਰ ਦਾ ਵਸਨੀਕ ਹੈ ਅਤੇ ਮੈਂ ਭਗਵੰਤ ਮਾਨ ਨਾਲ ਬਹੁਤ ਕੰਮ ਕੀਤਾ ਹੈ, ਅਸਲ ਵਿੱਚ ਉਹ ਮੈਨੂੰ ਇਸ ਲਾਈਨ ਵਿੱਚ ਲੈ ਕੇ ਆਏ ਹਨ, ਉਹ ਬਹੁਤ ਹੀ ਨਰਮ ਦਿਲ ਅਤੇ ਲੋਕਾਂ ਬਾਰੇ ਸੋਚਣ ਵਾਲੇ ਵਿਅਕਤੀ ਹਨ। ਮੈਂ ਬਹੁਤ ਸੋਚਦਾ ਹਾਂ, ਮੈਂ ਦੇਖਿਆ ਹੈ ਕਿ ਉਨ੍ਹਾਂ ਦੀ ਸਰਕਾਰ ਬਣੀ ਨੂੰ ਸਿਰਫ 2 ਸਾਲ ਹੀ ਹੋਏ ਹਨ, ਉਨ੍ਹਾਂ ਨੇ ਪੰਜਾਬ ਦਾ ਕਿੰਨਾ ਵਿਕਾਸ ਕੀਤਾ ਹੈ ਅਤੇ ਅਜੇ ਵੀ 3 ਸਾਲ ਬਾਕੀ ਹਨ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦਾ ਸੁਪਨਾ ਪੂਰਾ ਹੋ ਜਾਵੇਗਾ। ਹਰਜੀਤ ਹਰਮਨ ਨੇ ਬੋਲਦਿਆਂ ਕਿਹਾ ਕਿ ਮੈਂ ਨਾਭੇ ਦਾ ਰਹਿਣ ਵਾਲਾ ਹਾਂ ਅਤੇ ਮੈਂ ਭਗਵੰਤ ਮਾਨ ਜੀ ਨੂੰ ਬਹੁਤ ਵਧੀਆ ਵਿਅਕਤੀ ਪਾਇਆ ਅਤੇ ਮੀਤ ਹੇਅਰ ਜੀ ਵੀ ਬਹੁਤ ਹੀ ਚੰਗੇ ਵਿਅਕਤੀ ਹਨ।

# ਉਮੀਦਵਾਰਾਂ ਨੇ ਝੋਕੀ ਤਾਕਤ

ਫਰੀਦਾਬਾਦ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਹਲਕਾ ਫਰੀਦਾਬਾਦ ਵਿੱਚ ਵੱਖ-ਵੱਖ ਸਿਆਸੀ ਧਿਰਾਂ ਦੀਆਂ ਪਾਰਟੀਆਂ ਦੇ ਉਮੀਦਵਾਰਾਂ ਨੇ ਆਖ਼ਰੀ ਚਾਰ ਦਿਨਾਂ ਦੇ ਚੋਣ ਪ੍ਰਚਾਰ ਦੌਰਾਨ ਆਪਣੀ ਪੂਰੀ ਤਾਕਤ ਝੋਕ ਦਿੱਤੀ ਹੈ। ਹੁਣ ਉਮੀਦਵਾਰਾਂ ਦੇ ਸਮਰਥਕਾਂ ਦੀਆਂ ਟੋਲੀਆਂ ਸ਼ਹਿਰ ਦੀਆਂ ਕਲੋਨੀਆਂ ਸੈਕਟਰਾਂ ਵਿੱਚ ਸ਼ਾਮ ਢਲਦੇ ਹੀ ਪੈਂਫਲੇਟ ਲੈ ਕੇ ਵੋਟਰਾਂ ਨਾਲ ਸੰਪਰਕ ਕਰਦੀਆਂ ਨਜ਼ਰ ਆ ਰਹੀਆਂ ਹਨ। ਉਮੀਦਵਾਰਾਂ ਵੱਲੋਂ ਆਪਣੀਆਂ ਪਾਰਟੀਆਂ ਦੀਆਂ ਨੀਤੀਆਂ ਦੇ ਪ੍ਰਚਾਰ ਲਈ ਵਾਹਨ ਵੀ ਲਾਊਡ ਸਪੀਕਰ ਲਾ ਕੇ ਚਲਾਏ ਜਾ ਰਹੇ ਹਨ।

ਹਾਲਾਂਕਿ ਚੋਣ ਕਮਿਸ਼ਨ ਵੱਲੋਂ ਸਖ਼ਤੀ ਕੀਤੇ ਜਾਣ ਕਰਕੇ ਪਿਛਲੀਆਂ ਚੋਣਾਂ ਦੇ ਮੁਕਾਬਲੇ ਸਪੀਕਰਾਂ ਵਾਲੇ ਵਾਹਨਾਂ ਦੀ ਗਿਣਤੀ ਘੱਟ ਹੈ। ਅਜਿਹੇ ਵਾਹਨਾਂ ਦੇ ਨੰਬਰ ਚੋਣ ਕਮਿਸ਼ਨ ਦੇ ਅਧਿਕਾਰੀਆਂ ਕੋਲ ਜਮ੍ਹਾਂ ਹੁੰਦੇ ਹਨ ਤਾਂ ਹੀ ਚੋਣ ਕਮਿਸ਼ਨ ਦੀ ਆਗਿਆ ਲੈ ਕੇ ਚੋਣ ਪ੍ਰਚਾਰ ਕੀਤਾ ਜਾ ਸਕਦਾ ਹੈ।

# ਨਗਰ ਨਿਗਮ ਦਾ ਕਲਰਕ ਜਨਮ ਸਰਟੀਫਿਕੇਟ ਵਿੱਚ ਦਰੁਸਤੀ ਬਦਲੇ 11500 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਵਿਜੀਲੈਂਸ ਵੱਲੋਂ ਗ੍ਰਿਫ਼ਤਾਰ

ਚੰਡੀਗੜ੍ਹ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸੋਮਵਾਰ ਨੂੰ ਨਗਰ ਨਿਗਮ ਜ਼ੋਨ-ਏ, ਲੁਧਿਆਣਾ ਵਿੱਚ ਕਲਰਕ ਵਜੋਂ ਤਾਇਨਾਤ ਰਾਹੁਲ ਮਹਾਜਨ, ਜੋ ਕਿ ਗੁਰੂ ਨਾਨਕ ਨਗਰ, ਸਿਵਲ ਲਾਈਨਜ਼, ਲੁਧਿਆਣਾ ਦਾ ਰਹਿਣ ਵਾਲਾ ਹੈ, ਨੂੰ 11500 ਰੁਪਏ ਰਿਸ਼ਵਤ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਹ ਮਾਮਲਾ ਰਜਿੰਦਰ ਪਾਲ ਸ਼ਰਮਾ ਵਾਸੀ ਫਰੀਦ ਨਗਰ, ਰਾਮਪੁਰਾ ਫੂਲ, ਬਠਿੰਡਾ ਜ਼ਿਲ੍ਹਾ ਬਠਿੰਡਾ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਹੈ।

ਉਸਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਹੈ ਕਿ ਉਸਨੇ ਆਪਣੇ ਪੁੱਤਰ ਦੇ ਜਨਮ ਸਰਟੀਫਿਕੇਟ ਵਿੱਚ ਪਿਤਾ ਦਾ ਨਾਮ ਅਤੇ ਜਨਮ ਸਥਾਨ ਦੀ ਦਰੁਸਤੀ ਲਈ ਨਗਰ ਨਿਗਮ ਲੁਧਿਆਣਾ ਦੇ ਰਜਿਸਟਰਾਰ, ਜਨਮ ਅਤੇ ਮੌਤ ਦੇ ਦਫ਼ਤਰ ਨੂੰ ਦਰਖਾਸਤ ਦਿੱਤੀ ਸੀ। ਉਸ ਨੇ ਅੱਗੇ ਦੋਸ਼ ਲਾਇਆ ਕਿ ਨਗਰ ਨਿਗਮ ਦਫ਼ਤਰ ਵਿੱਚ ਤਾਇਨਾਤ ਮੋਹਿਤ ਮਹਾਜਨ ਨਾਮਕ ਕਲਰਕ ਨੇ ਇਹ ਦਰੁਸਤੀ ਕਰਨ ਬਦਲੇ 30000 ਰੁਪਏ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਕਲਰਕ ਪਹਿਲਾਂ ਹੀ 9000 ਨਕਦ ਅਤੇ ਗੂਗਲ ਪੇਅ ਰਾਹੀਂ 2500 ਰੁਪਏ ਲੈ ਚੁੱਕਾ ਹੈ ਅਤੇ ਹੁਣ ਬਕਾਇਆ ਰਿਸ਼ਵਤ ਦੀ ਰਕਮ ਮੰਗ ਕਰ ਰਿਹਾ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਉਕਤ ਤੱਥ ਸਹੀ ਪਾਏ ਗਏ ਕਿ ਮੁਲਜ਼ਮ ਨੇ ਸ਼ਿਕਾਇਤਕਰਤਾ ਪਾਸੋਂ 11500 ਰੁਪਏ ਹਾਸਿਲ ਕੀਤੇ ਗਏ ਸਨ। ਇਸ ਅਨੁਸਾਰ ਉਕਤ ਮੁਲਜ਼ਮ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕਰਕੇ ਉਕਤ ਕਲਰਕ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਦੌਰਾਨ ਨਗਰ ਨਿਗਮ ਦੇ ਸਬੰਧਤ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।

# ਚੋਣ ਜ਼ਾਬਤੇ ਦੀ ਪਾਲਣਾ ਯਕੀਨੀ ਬਣਾਉਣ ਦੀ ਹਦਾਇਤ

ਸ਼ਾਹਬਾਦ ਮਾਰਕੰਡਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਤੇ ਜ਼ਿਲ੍ਹਾ ਚੋਣ ਅਧਿਕਾਰੀ ਸ਼ਾਂਤਨੂੰ ਸ਼ਰਮਾ ਨੇ ਲੋਕ ਸਭਾ ਚੋਣਾਂ ਦੌਰਾਨ ਸਾਰੇ ਉਮੀਦਵਾਰਾਂ ਨੂੰ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਸੁਤੰਤਰ, ਨਿਰਪੱਖ ਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸੰਕਲਪ ਹੈ। ਚੋਣਾਂ ਦੌਰਾਨ ਸਿਆਸੀ ਪਾਰਟੀਆਂ ਤੇ ਉਨ੍ਹਾਂ ਦੇ ਉਮੀਦਵਾਰਾਂ ਨੂੰ ਵੀ ਇਸ ਗੱਲ ਦਾ ਧਿਆਨ ਰੱਖਣਾ ਚਾਹੀਦਾ ਹੈ ਕਿ ਉਹ ਚੋਣ ਪ੍ਰਚਾਰ ਦੌਰਾਨ ਜਾਤ, ਧਰਮ ਜਾਂ ਸਮਾਜ ਨੂੰ ਵੰਡਣ ਦੀ ਕੋਸ਼ਿਸ਼ ਨਾ ਕਰਨ। ਕੋਈ ਵੀ ਉਮੀਦਵਾਰ ਧਾਰਮਿਕ ਗਤੀਵਿਧੀਆਂਦਾ ਸਹਾਰਾ ਲੈ ਕੇ ਆਪਣਾ ਪ੍ਰਚਾਰ ਨਾ ਕਰੇ। ਵੋਟਰਾਂ ਨੂੰ ਲੁਭਾਉਣ ਲਈ ਚੋਣਾਂ ਦੌਰਾਨ ਤੋਹਫੇ, ਨਕਦੀ ਜਾਂ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾ ਕੀਤੀ ਜਾਵੇ।

# ਜਨਤਾ ਦੀ ਨਜ਼ਰ 'ਚ ਲੋਕ ਸਭਾ ਹਲਕਾ ਪਟਿਆਲਾ




ਡਾ. ਧਰਮਵੀਰ ਗਾਂਧੀ ਚੋਣ ਨਿਸ਼ਾਨ ਹੱਥ ਪੰਜਾ | ਐਨ. ਕੇ. ਸ਼ਰਮਾ ਅਕਾਲੀ ਦਲ ਚੋਣ ਨਿਸ਼ਾਨ ਤੱਕੜੀ | ਡਾ. ਬਲਬੀਰ ਸਿੰਘ ਆਪ ਚੋਣ ਨਿਸ਼ਾਨ ਝਾੜੂ | ਮਹਾਰਾਣੀ ਪ੍ਰਨੀਤ ਕੌਰ ਬੀ.ਜੇ.ਪੀ. ਚੋਣ ਨਿਸ਼ਾਨ ਕਮਲ ਦਾ ਫੁੱਲ | ਜਨਵਾਦੀ ਜਨਵਾਦੀ ਪਾਰਟੀ ਨਿਸ਼ਾਨ ਡਾਇਮੰਡ | ਕ੍ਰਿਸ਼ਨ ਕੁਮਾਰ ਗਾਬਾ ਹਿੰਦੂਸਤਾਨ ਸ਼ਕਤੀ ਸੈਨਾ ਚੋਣ ਨਿਸ਼ਾਨ ਬੰਸਰੀ | ਨੀਰਜ ਕੁਮਾਰ ਚੋਣ ਨਿਸ਼ਾਨ ਸਿਲੰਡਰ | ਮਨੋਜ ਕੁਮਾਰ ਚੋਣ ਨਿਸ਼ਾਨ ਐਪਲ | ਅਮਰਜੀਤ ਸਿੰਘ ਚੋਣ ਨਿਸ਼ਾਨ ਆਰੀ



ਪਰਮਜੀਤ ਸਿੰਘ ਪੰਮਾ ਚੋਣ ਨਿਸ਼ਾਨ ਰੋਟੀ ਦੀ ਥਾਲੀ | ਡਿੰਪਲ ਬੰਦੇਸ਼ਾ ਚੋਣ ਨਿਸ਼ਾਨ ਵਿਕਟਾਂ | ਅਰਵਿੰਦ ਕਾਕਾ ਚੋਣ ਨਿਸ਼ਾਨ ਮਾਇਕ | ਚੋਣ ਨਿਸ਼ਾਨ ਬੈਟ

## ਕਾਂਗਰਸ ਦੀ ਅਗਵਾਈ ਹੇਠ ਇੰਡੀਆ ਗਠਜੋੜ ਦੇ ਸੱਤਾ 'ਚ ਆਉਣ ਮਗਰੋਂ ਕਿਸਾਨਾਂ ਮਜ਼ਦੂਰਾਂ ਦੇ ਕਰਜ਼ ਕਰਾਂਗੇ ਮਾਫ਼ : ਡਾ: ਗਾਂਧੀ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਹਲਕਾ ਪਟਿਆਲਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਡਾਕਟਰ ਧਰਮਵੀਰ ਗਾਂਧੀ ਵੱਲੋਂ ਅੱਜ ਵਿਧਾਨ ਸਭਾ ਹਲਕਾ ਰਾਜਪੁਰਾ ਵਿਖੇ ਪਿਲਖਣੀ, ਬਸੰਤਪੁਰਾ,ਬਲਸੂਆਂ, ਬਖਸ਼ੀਵਾਲਾ,ਸੁਰਲ ਕਲਾਂ, ਨਲਾਸ ਕਲਾਂ, ਮਾਣਕਪੁਰਾ, ਹੁਲਕਾ, ਬਨੂੜ ਆਦਿ 'ਚ ਹਲਕਾ ਇੰਚਾਰਜ ਹਰਦਿਆਲ ਸਿੰਘ ਕੰਬੋਜ ਦੀ ਪ੍ਰਬੰਧਕੀ ਹੇਠ ਵੱਖ-ਵੱਖ ਚੋਣ ਇਕੱਠਾਂ ਨੂੰ ਸੰਬੋਧਨ ਕੀਤਾ ਗਿਆ। ਇਹਨਾਂ ਪ੍ਰੋਗਰਾਮਾਂ ਦੌਰਾਨ ਵੱਡੀ ਗਿਣਤੀ ਵਿੱਚ ਪਰਿਵਾਰ ਆਪ ਪਾਰਟੀ ਨੂੰ ਛੱਡ ਕੇ ਕਾਂਗਰਸ ਵਿੱਚ ਸ਼ਾਮਿਲ ਹੋਏ।

ਇਸ ਦੌਰਾਨ ਬਾਰ ਐਸੋਸੀਏਸ਼ਨ ਰਾਜਪੁਰਾ ਵਿਖੇ ਵੀ ਡਾਕਟਰ ਗਾਂਧੀ ਵੱਲੋਂ ਇੱਕ ਪ੍ਰਭਾਵਸ਼ਾਲੀ ਬੈਠਕ ਕੀਤੀ ਗਈ। ਡਾਕਟਰ ਧਰਮਵੀਰ ਗਾਂਧੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਨਿਆਂ ਤੰਤਰ ਸਮੇਤ ਦੇਸ਼ ਦੇ ਲੋਕਤੰਤਰ ਦਾ ਹਰ ਥੰਮ੍ਹ ਖ਼ਤਰੇ ਵਿੱਚ ਹੈ। ਇਸ ਲਈ ਅੱਜ ਹਰ ਜਾਗਰੂਕ ਨਾਗਰਿਕ ਦਾ ਪਹਿਲਾ ਫ਼ਰਜ਼ ਹੈ ਕਿ ਮੋਦੀ ਸਰਕਾਰ ਨੂੰ ਸੱਤਾ ਤੋਂ ਲਾਹੁਣ ਲਈ ਕਾਂਗਰਸ ਦੇ ਹੱਥ ਮਜ਼ਬੂਤ ਕੀਤੇ ਜਾਣ।



ਇਸਤੋਂ ਇਲਾਵਾ ਵੱਖ ਵੱਖ ਪਿੰਡਾਂ ਵਿੱਚ ਬੋਲਦਿਆਂ ਡਾ: ਗਾਂਧੀ ਨੇ ਕਿਹਾ ਕਿ ਦੇਸ਼ ਪੱਧਰ 'ਤੇ ਜੋ ਰੁਝਾਨ ਬਣ ਰਹੇ ਹਨ, ਓਸ ਅਨੁਸਾਰ ਆਉਂਦੀ 4 ਜੂਨ ਨੂੰ ਕਾਂਗਰਸ ਪਾਰਟੀ ਦੀ ਅਗਵਾਈ ਹੇਠ ਇੰਡੀਆ ਗਠਜੋੜ ਦੀ ਸਰਕਾਰ ਬਣਨ ਜਾ ਰਹੀ ਹੈ। ਕਾਂਗਰਸ ਦੀ ਇਹ ਗਰੰਟੀ ਹੈ ਕਿ ਸਰਕਾਰ ਬਣਨ ਮਗਰੋਂ ਕਿਸਾਨਾਂ ਮਜ਼ਦੂਰਾਂ ਦਾ ਸਾਰਾ ਕਰਜ਼ਾ ਮੁਆਫ਼ ਕੀਤਾ ਜਾਵੇਗਾ, MSP ਦੀ ਕਾਨੂੰਨੀ ਗਰੰਟੀ,ਨੌਜਵਾਨਾਂ ਨੂੰ 30 ਲੱਖ ਨੌਕਰੀਆਂ, ਲੋੜਵੰਦ ਔਰਤਾਂ ਨੂੰ ਇੱਕ ਲੱਖ ਰੁਪਏ ਸਲਾਨਾ ਦੀ ਸਹਾਇਤਾ ਅਤੇ ਛੋਟੇ ਵਪਾਰੀਆਂ ਤੇ ਦੁਕਾਨਦਾਰਾਂ ਲਈ ਯੋਗ ਨੀਤੀਆਂ ਜਿਹੇ ਵੱਡੇ ਕਾਰਜ ਕੀਤੇ ਜਾਣਗੇ।

## ਭਾਜਪਾ ਦਾ ਅਸਲ ਨਾਮ 'ਭਾਰਤੀ ਜੁਮਲਾ ਪਾਰਟੀ'.: ਡਾ ਬਲਬੀਰ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਪਟਿਆਲਾ ਦੇ ਉਮੀਦਵਾਰ ਅਤੇ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਦੀ ਸ਼ਤਰਾਨਾ ਫੇਰੀ ਦੌਰਾਨ ਉਨਾਂ ਵੱਖ ਵੱਖ ਪਿੰਡਾਂ ਵਿੱਚ ਲੋਕ ਮਿਲਣੀਆਂ ਕੀਤੀਆਂ ਅਤੇ ਲੋਕਾਂ ਵੱਲੋਂ ਵੀ ਡਾ ਬਲਬੀਰ ਦੇ ਹੱਕ ਵਿੱਚ ਸ਼ਤਰਾਣਾ ਵਿਖੇ ਵਿਧਾਇਕ ਕੁਲਵੰਤ ਬਾਜੀਗਰ ਦੀ ਅਗਵਾਈ ਵਿੱਚ ਵੱਡੀ ਰੈਲੀ ਕੱਢੀ ਗਈ। ਜਿਸ ਦਾ ਮੁੱਖ ਮਕਸਦ ਲੋਕਾਂ ਨੂੰ ਆਮ ਆਦਮੀ ਪਾਰਟੀ ਵੱਲੋਂ ਹੋ ਰਹੇ ਕੰਮਾਂ ਪ੍ਰਤੀ ਜਾਣੂ ਕਰਵਾਉਣਾ ਸੀ। ਇਸ ਰੈਲੀ ਵਿੱਚ ਧਨੇਠਾ, ਹਰਚੰਦਪੁਰਾ, ਬਾਦਸ਼ਾਹਪੁਰ, ਮੋਮੀਆਂ, ਸ਼ੁਤਰਾਣਾ, ਅਰਨੋ, ਗੁਲਾਹੜ, ਪਾਤੜਾਂ, ਬਰੂੜ, ਦੇਧਨਾਂ ਦੇ ਸੈਕੜੇਂ ਪਿੰਡ ਵਾਸੀ ਮੌਜੂਦ ਸਨ।



ਡਾ ਬਲਬੀਰ ਨੇ ਭਾਜਪਾ ਨੂੰ 'ਭਾਰਤੀ ਜੁਮਲਾ ਪਾਰਟੀ' ਦਾ ਨਾਂਅ ਦਿੰਦਿਆਂ ਕਿਹਾ ਕਿ ਦਸ ਸਾਲਾਂ ਦੇ ਭਾਜਪਾ ਰਾਜ ਨੇ ਦੇਸ਼ ਨੂੰ ਪੰਜਾਹ ਸਾਲ ਪਿੱਛੇ ਧੱਕ ਦਿੱਤਾ ਹੈ।ਇਹ ਹੀ ਨਹੀ ਮਹਿੰਗਾਈ ਦੀ ਮਾਰ ਨੇ ਲੋਕਾ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਤਿੰਨ ਕਾਲੇ ਕਾਨੂੰਨਾਂ ਨੂੰ ਵੀ ਲੋਕਾਂ ਨੇ ਹਾਲੇ ਤੱਕ ਨਹੀ ਵਿਸਾਰਿਆਂ। ਕਿਉਂਕਿ ਇਸ ਧਰਨੇ ਦੋਰਾਨ ਸੈਕੜੇਂ ਕਿਸਾਨਾਂ ਨੇ ਆਪਣੀ ਜਾਨ ਦੀ ਕੁਰਬਾਨੀ ਦੇਣੀ ਪਈ ਸੀ। ਹੁਣ ਵਾਰੀ ਆਉਣ ਤੇ ਲੋਕਾਂ ਨੇ ਵੀ ਮੋਦੀ ਸਰਕਾਰ ਨੂੰ ਬੁਰੀ ਤਰ੍ਹਾਂ ਹਰਾਉਣ ਦਾ ਮਨ ਬਣਾ ਲਿਆ ਹੈ। ਜਿਸ ਕਰਕੇ ਭਾਜਪਾ ਦੀ ਉਮੀਦਵਾਰ ਨੂੰ ਪਿੰਡਾਂ ਵਿੱਚ ਵੜਨ ਵੀ ਨਹੀ ਦਿੱਤਾ ਜਾ ਰਿਹਾ। ਜਿਸ ਕਾਰਨ ਪਟਿਆਲਾ ਦੀ ਉਮੀਦਵਾਰ ਵੱਲੋਂ ਮੋਦੀ ਦੀ ਪਟਿਆਲਾ ਫੇਰੀ ਪੁਆਈ ਜਾ ਰਹੀ ਹੈ। ਪਰ ਮੋਦੀ ਦੀ ਇਹ ਫੇਰੀ ਅਸਲ ਡਰ ਦਾ ਸਬੂਤ ਬਣ ਰਹੀ ਹੈ। ਇਸ ਦੇ ਨਾਲ ਹੀ ਇੰਝ ਜਾਪਦਾ ਹੈ ਕਿ ਭਾਜਪਾ ਹੁਣ ਤੋਂ ਹੀ ਲੋਕ ਸਭਾ ਵਿਚਲੀ ਹਾਰ ਨੂੰ ਲੈ ਕੇ ਬਹੁਤ ਜਿਆਦਾ ਚਿੰਤਤ ਹੋ ਗਈ ਹੈ।

ਉਨ੍ਹਾਂ ਵੋਟਰਾਂ ਨੂੰ ਰਿਕਾਰਡ ਵੋਟਾਂ ਨਾਲ ਖੁਦ ਨੂੰ ਜਿਤਾ ਕੇ ਸੰਸਦ 'ਚ ਭੇਜਣ ਦੀ ਅਪੀਲ ਕਰਦਿਆਂ ਵਾਅਦਾ ਕੀਤਾ ਕਿ ਉਹ ਹਲਕੇ ਦੀ ਹਰ ਜਨਤਕ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣਗੇ। ਉਹਨਾਂ ਕਿਹਾ ਕਿ ਆਪ ਨੂੰ ਵੋਟਾ ਪਾ ਕੇ ਡਾ ਭੀਮ ਰਾਓ ਅੰਬੇਡਕਰ ਵੱਲੋਂ ਬਣਾਏ ਸੰਵਿਧਾਨ ਨੂੰ ਖਤਮ ਕਰਨ 'ਤੇ ਤੁਲੀ ਭਾਜਪਾ ਨੂੰ ਮੂੰਹ ਤੋੜਵਾ ਦੇਣਾ ਜਰੂਰੀ ਹੈ, ਨਹੀ ਤਾਂ ਸਵਿਧਾਨ ਤਾਂ ਕੀ ਦੇਸ਼ ਨੂੰ ਬਚਾਉਣਾ ਵੀ ਔਖਾ ਹੋ ਜਾਵੇਗਾ। ਇਸ ਮੌਕੇ ਕਰਨਲ ਜੇ ਵੀ ਸਿੰਘ, ਜਸਬੀਰ ਸਿੰਘ ਗਾਂਧੀ, ਲਾਡੀ ਜੌੜਾਮਾਜਰਾ, ਜਗਦੀਪ ਸਿੰਘ ਜੱਗਾ, ਰਣਜੀਤ ਸਿੰਘ ਵਿਰਕ, ਗੋਲਡੀ ਪਿੱਤਲ, ਲਖਵਿੰਦਰ ਜਾਮਾਉ, ਬੂਟਾ ਸਿੰਘ, ਵਿਕਰਮ ਜੀਤ ਸਿੰਘ ਵੜੈਚ, ਜਸਵਿੰਦਰ ਸਿੰਘ, ਈਸ਼ਵਰ ਸਿੰਘ ਰਾਣਾ, ਨਿਸ਼ਾਨ ਸਿੰਘ, ਆਪ ਆਗੂ ਅਤੇ ਪਿੰਡ ਵਾਸੀ ਮੌਜੂਦ ਰਹੇ।

## ਡੇਰਾਬੱਸੀ ਵਿਧਾਨ ਸਭਾ ਹਲਕੇ ਚ ਦਿਵਿਆਂਗ ਅਤੇ 85 ਸਾਲ ਤੋਂ ਅਧਿਕ ਉਮਰ ਦੇ 43 ਵੋਟਰਾਂ ਨੇ ਘਰ ਤੋਂ ਵੋਟ ਪਾਈ



ਮੁਹਾਲੀ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਚੋਣਾਂ 2024 ਨੂੰ ਮੁੱਖ ਰੱਖਦੇ ਹੋਏ, ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਦਿਵਿਆਂਗ ਅਤੇ 85 ਸਾਲ ਤੋਂ ਅਧਿਕ ਉਮਰ ਦੇ ਜੋ ਮਤਦਾਤਾ ਮਿਤੀ 01 ਜੂਨ ਨੂੰ ਪੋਲਿੰਗ ਬੂਥ 'ਤੇ ਜਾ ਕੇ ਮਤਦਾਨ ਕਰਨ ਤੋ ਅਸਮੱਰਥ ਹਨ, ਉਨ੍ਹਾਂ ਤੋ ਬੂਥ ਲੈਵਲ ਅਫਸਰਾਂ ਦੁਆਰਾ ਘਰ-ਘਰ ਜਾ ਕੇ ਆਪਣੀ ਵੋਟ ਘਰ ਤੋਂ ਹੀ ਪਾਉਣ ਜਾਂ ਮਿਤੀ 01 ਜੂਨ 2024 ਨੂੰ ਆਪਣੇ ਬੂਥ 'ਤੇ ਜਾ ਕੇ ਮਤਦਾਨ ਕਰਨ ਬਾਰੇ ਸਹਿਮਤੀ ਲਈ ਗਈ ਸੀ, ਜਿਸ ਤਹਿਤ ਪਟਿਆਲਾ ਸੰਸਦੀ ਹਲਕੇ 'ਚ ਪੈਂਦੇ ਵਿਧਾਨ ਸਭਾ 112-ਡੇਰਾਬੱਸੀ ਵਿਖੇ ਅਜਿਹੇ 44 (ਦਿਵਿਆਂਗ-25 ਅਤੇ 85 ਸਾਲ ਤੋਂ ਅਧਿਕ-19) ਵੋਟਰਾਂ ਨੇ ਆਪਣੀ ਸਹਿਮਤੀ ਦਿੱਤੀ ਸੀ ਕਿ ਉਹ ਆਪਣੀ ਵੋਟ ਪੋਸਟਲ ਬੈਲੇਟ ਪੇਪਰ ਰਾਂਹੀ ਆਪਣੇ ਘਰ ਤੋ ਹੀ ਪਾਉਣਾ ਚਾਹੁੰਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਹਿਮਾਂਸ਼ੂ ਗੁਪਤਾ, ਸਹਾਇਕ ਰਿਟਰਨਿੰਗ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ ਡੇਰਾਬੱਸੀ ਵੱਲੋਂ ਦੱਸਿਆ ਗਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵਿਧਾਨ ਸਭਾ ਹਲਕਾ 112-ਡੇਰਾਬੱਸੀ ਵਿਖੇ ਉਕਤ ਅਨੁਸਾਰ ਇਨ੍ਹਾਂ 44 ਵੋਟਰਾਂ ਦੀ ਵੋਟ ਪਵਾਉਣ ਲਈ 6 ਟੀਮਾਂ ਦਾ ਗਠਨ ਕੀਤਾ ਗਿਆ, ਜੋ ਅੱਜ ਮਿਤੀ 21.05.2024 ਨੂੰ ਵੱਖ-ਵੱਖ 6 ਰੂਟਾਂ ਤੇ ਜਾ ਕੇ ਉਨ੍ਹਾਂ ਪੀ.ਡਬਲਿਊ.ਡੀ ਅਤੇ 85 ਸਾਲ ਤੋਂ ਅਧਿਕ ਉਮਰ ਵਰਗ ਦੇ ਵੋਟਰਾਂ ਤੋਂ ਮਤਦਾਨ ਕਰਵਾ ਕੇ ਆਏ, ਤਾਂ ਜੋ ਇਨ੍ਹਾਂ ਵੋਟਰਾਂ ਨੂੰ ਬਾਅਦ ਵਿੱਚ ਆਪਣੀ ਵੋਟ ਪਾਉਣ ਚ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

## ਅਕਾਲੀ ਉਮੀਦਵਾਰ ਐਨ.ਕੇ ਸ਼ਰਮਾ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ : ਦਵਿੰਦਰ ਸਿੰਘ ਗੋਗੀ

ਪਾਤੜਾਂ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਲੋਕ ਸਭਾ ਹਲਕਾ ਪਟਿਆਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਨ ਕੇ ਸ਼ਰਮਾ ਦੀ ਚੋਣ ਮੁਹਿੰਮ ਨੂੰ ਪਾਤੜਾਂ ਸ਼ਹਿਰ ਅੰਦਰ ਯੂਥ ਅਕਾਲੀ ਦਲ ਦੇ ਸੀਨੀਅਰ ਆਗੂ ਦਵਿੰਦਰ ਸਿੰਘ ਗੋਗੀ ਆਪਣੇ ਸਾਥੀਆਂ ਸਮੇਤ ਪੂਰੀ ਸਰਗਰਮੀ ਨਾਲ ਚਲਾ ਰਹੇ ਹਨ। ਅਕਾਲੀ ਉਮੀਦਵਾਰ ਦੇ ਹੱਕ ਵਿੱਚ ਕਰ ਰਹੇ ਚੋਣ ਪ੍ਰਚਾਰ ਦੌਰਾਨ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਦਵਿੰਦਰ ਸਿੰਘ ਗੋਗੀ ਨੇ ਕਿਹਾ ਕਿ ਪਾਤੜਾਂ ਸ਼ਹਿਰ ਦਾ ਜਿੰਨਾ ਵਿਕਾਸ ਪਿਛਲੀ ਅਕਾਲੀ ਸਰਕਾਰ ਦੌਰਾਨ ਹੋਇਆ ਸੀ ਉਨਾ ਕਦੇ ਵੀ ਨਹੀਂ ਹੋਇਆ ਜਿਸ ਨੂੰ ਸ਼ਹਿਰ ਦੇ ਲੋਕ ਯਾਦ ਕਰ ਰਹੇ ਹਨ ਅਤੇ ਉਹ ਭਰੋਸਾ ਦੇ ਰਹੇ ਹਨ ਕਿ ਇਸ ਵਾਰ ਉਹ ਅਕਾਲੀ ਉਮੀਦਵਾਰ ਐਨ ਕੇ ਸ਼ਰਮਾ ਨੂੰ ਵੱਡੀ ਲੀਡ ਨਾਲ ਜਿਤਾਉਣਗੇ।



ਇਸ ਮੌਕੇ ਇੱਥੇ ਸੀਨੀਅਰ ਅਕਾਲੀ ਆਗੂ ਜਥੇਦਾਰ ਸੁਖਦੇਵ ਸਿੰਘ ਜਿਉਣਪੁਰਾ, ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।

## ਕ੍ਰਿਸ਼ੀ ਵਿਗਿਆਨ ਕੇਂਦਰ ਨੇ ਫਲ਼ਾਂ, ਸਬਜ਼ੀਆਂ ਅਤੇ ਸੋਇਆਬੀਨ ਦੀ ਪ੍ਰੋਸੈਸਿੰਗ ਬਾਰੇ ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਮਿਤੀ 15.05.2024 ਤੋਂ 21.05.2024 ਤੱਕ ਫਲ਼ਾਂ, ਸਬਜ਼ੀਆਂ ਅਤੇ ਸੋਇਆਬੀਨ ਦੀ ਪ੍ਰੋਸੈਸਿੰਗ ਦਾ ਪੰਜ-ਰੋਜ਼ਾ ਸਿਖਲਾਈ ਕੋਰਸ ਆਯੋਜਿਤ ਕੀਤਾ ਗਿਆ। ਇਸ ਸਿਖਲਾਈ ਕੋਰਸ ਵਿਚ ਵੱਖ-ਵੱਖ ਪਿੰਡਾਂ ਜਿਵੇਂ ਕਿ ਬਡਲਾ, ਜਲਬੇੜਾ, ਮਲਕੋਂ, ਭਵਾਨੀਗੜ, ਦੇਵੀਗੜ੍ਹ, ਗਾਜੇਵਾਸ ਆਦਿ ਤੋਂ 32 ਕਿਸਾਨਾਂ ਨੇ ਭਾਗ ਲਿਆ। ਸਿਖਲਾਈ ਦੇ ਕੋਰਸ ਕੁਆਰਡੀਨੇਟਰ ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ) ਨੇ ਫਲ਼ਾਂ, ਸਬਜ਼ੀਆਂ ਅਤੇ ਸੋਇਆਬੀਨ ਦੀ ਪ੍ਰੋਸੈਸਿੰਗ, ਪੈਕਿੰਗ ਅਤੇ ਲੇਬਲਿੰਗ ਬਾਰੇ ਸਿਖਲਾਈ ਦਿੱਤੀ। ਕੋਰਸ ਦੌਰਾਨ ਸਿੱਖਿਆਰਥੀਆਂ ਨੇ ਆਪਣੇ ਹੱਥੀ ਵੱਖ-ਵੱਖ ਮੁਰੱਬੇ, ਕੈਂਡੀ, ਜੈਮ, ਆਰ.ਟੀ.ਸੀ., ਸਕੈਸ਼, ਸੋਇਆਬੀਨ ਦੁੱਧ, ਪਨੀਰ ਆਦਿ ਤਿਆਰ ਕਰਨ ਦੀ ਵਿਧੀ ਨੂੰ ਜਾਣਿਆ।

ਅਗਾਂਹਵਧੂ ਕਿਸਾਨ ਗੁਰਪ੍ਰੀਤ ਕੌਰ ਪਿੰਡ ਕਲਿਆਣ ਨੇ ਸਿੱਖਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਸਖ਼ਤ ਮਿਹਨਤ ਲਈ ਉਤਸ਼ਾਹਿਤ ਕੀਤਾ। ਡਾ. ਗੁਰਉਪਦੇਸ਼ ਕੌਰ, ਇੰਚਾਰਜ, ਕੇ.ਵੀ.ਕੇ., ਪਟਿਆਲਾ ਨੇ ਸਿੱਖਿਆਰਥੀਆਂ ਨੂੰ ਫਲ਼ਾਂ ਅਤੇ ਸਬਜ਼ੀਆਂ ਦੇ ਖੁਰਾਕੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ।



ਡਾ. ਰਚਨਾ ਸਿੰਗਲਾ, ਪ੍ਰੋਫੈਸਰ (ਬਾਗਬਾਨੀ) ਨੇ ਘਰੇਲੂ ਬਗੀਚੀ ਅਤੇ ਫਲਦਾਰ ਬੂਟਿਆਂ ਦੀ ਕਾਸ਼ਤ ਬਾਰੇ ਦੱਸਿਆ। ਇਸ ਕੋਰਸ ਦੌਰਾਨ ਸਿੱਖਿਆਰਥੀਆਂ ਨੂੰ ਨਾਭਾ ਵਿਖੇ ਪ੍ਰੋਸੈਸਿੰਗ ਯੂਨਿਟ ਦਾ ਦੌਰਾ ਵੀ ਕਰਵਾਇਆ। ਫੂਡ ਪ੍ਰੋਸੈਸਰ ਹਰਪ੍ਰੀਤ ਕੌਰ (ਪਟਿਆਲਾ ਕਿੰਗ) ਨੇ ਆਪਣੇ ਸਫਲਤਾ ਦੇ ਨੁਕਤੇ ਸਿੱਖਿਆਰਥੀਆਂ ਨਾਲ ਸਾਂਝੇ ਕੀਤੇ। ਸਿਖਲਾਈ ਵਿਚ ਹਿੱਸਾ ਲੈਣ ਵਾਲੇ ਸਾਰੇ ਸਿੱਖਿਆਰਥੀਆਂ ਨੇ ਪੀ.ਏ.ਯੂ. ਦੀਆਂ ਪ੍ਰਕਾਸ਼ਿਤ ਕਿਤਾਬਾਂ ਵੀ ਖ਼ਰੀਦੀਆਂ।

## ਪਟਿਆਲਾ ਜ਼ਿਲ੍ਹੇ ਵਿੱਚ ਚਾਈਨਾ ਡੋਰ ਨੂੰ ਵੇਚਣ, ਭੰਡਾਰ ਅਤੇ ਵਰਤੋਂ ਕਰਨ 'ਤੇ ਮੁਕੰਮਲ ਪਾਬੰਦੀ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਮੈਡਮ ਕੰਚਨ ਨੇ ਫੌਜਦਾਰੀ ਜਾਬਤਾ ਸੰਘਤਾ, 1973 ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਅੰਦਰ ਸਿੰਥੈਟਿਕ/ਪਲਾਸਟਿਕ / ਨੁਕਸਾਨ ਦਾਇਕ ਪਦਾਰਥ ਦੀ ਬਣੀ ਡੋਰ (ਚਾਈਨਾ ਡੋਰ) ਨੂੰ ਵੇਚਣ, ਸਟੋਰ ਕਰਨ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 20 ਨੰਵਬਰ 2024 ਤੱਕ ਜਾਰੀ ਰਹਿਣਗੇ।

ਹੁਕਮਾਂ ਮੁਤਾਬਕ ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਰਾਹੀਂ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਪਤੰਗਾਂ/ਗੁੱਡੀਆਂ ਉਡਾਉਣ ਲਈ ਜਿਸ ਚਾਈਨਾ ਡੋਰ ਦੀ ਵਰਤੋਂ ਕਾਫ਼ੀ ਮਾਤਰਾ ਵਿੱਚ ਕੀਤੀ ਜਾਂਦੀ ਹੈ, ਜੋ ਕਿ ਸਿੰਥੈਟਿਕ/ਪਲਾਸਟਿਕ ਦੀ ਬਣੀ ਹੁੰਦੀ ਹੈ ਅਤੇ ਉਹ ਬਹੁਤ ਮਜਬੂਤ, ਨਾ ਗਲਣਯੋਗ ਅਤੇ ਨਾ ਟੁੱਟਣਯੋਗ ਹੁੰਦੀ ਹੈ। ਇਸ ਡੋਰ ਦੀ ਵਰਤੋਂ ਕਰਨ ਨਾਲ ਹੱਥ/ਉਂਗਲਾਂ ਕੱਟਣ, ਸਾਇਕਲ ਅਤੇ ਸਕੂਟਰ/ ਮੋਟਰ ਸਾਇਕਲ ਚਾਲਕਾਂ ਦੇ ਗਲ ਅਤੇ ਕੰਨ ਕੱਟਣ ਦੀਆਂ ਘਟਨਾਵਾਂ ਵਾਪਰਦੀਆਂ ਹਨ ਅਤੇ ਅਜਿਹੀ ਹਾਲਤ ਵਿੱਚ ਐਕਸੀਡੈਂਟ ਹੋਣ ਦਾ ਡਰ ਵੀ ਹੁੰਦਾ ਹੈ। ਇਸ ਤੋਂ ਇਲਾਵਾ ਚਾਈਨਾ ਡੋਰ ਵਿੱਚ ਫਸੇ ਪੰਛੀਆਂ ਦੀ ਮੌਤ ਹੋ ਜਾਣ ਤੇ ਉਨ੍ਹਾਂ ਦੇ ਰੁੱਖਾਂ 'ਤੇ ਟੰਗੇ ਰਹਿਣ ਕਾਰਨ ਬਦਬੂ ਨਾਲ ਵਾਤਾਵਰਣ ਵੀ ਦੂਸ਼ਿਤ ਹੁੰਦਾ ਹੈ। ਇਹ ਸਿੰਥੈਟਿਕ/ਪਲਾਸਟਿਕ ਦੀ ਬਣੀ ਡੋਰ (ਚਾਈਨਾ ਡੋਰ) ਜਦੋਂ ਪਤੰਗ ਉਡਾਉਣ ਲਈ ਵਰਤੀ ਜਾਂਦੀ ਹੈ ਤਾਂ ਇਹ ਮਨੁੱਖੀ ਜਾਨਾਂ ਅਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ। ਇਨ੍ਹਾਂ ਤੱਥਾਂ ਨੂੰ ਮੁੱਖ ਰੱਖਦਿਆਂ ਵਧੀਕ ਜ਼ਿਲ੍ਹਾ ਮੈਜਿਸਟਰੇਟ ਪਟਿਆਲਾ ਵੱਲੋਂ ਸਿੰਥੈਟਿਕ/ਪਲਾਸਟਿਕ ਦੀ ਬਣੀ ਡੋਰ (ਚਾਈਨਾ ਡੋਰ) ਨੂੰ ਵਰਤਣ ਵਾਸਤੇ ਵੇਚਣ, ਭੰਡਾਰ ਕਰਨ ਅਤੇ ਇਸ ਦੀ ਵਰਤੋਂ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਦੇ ਆਦੇਸ਼ ਜਾਰੀ ਕੀਤੇ ਹਨ।

## ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪਾਬੰਦੀ ਦੇ ਹੁਕਮ ਜਾਰੀ

ਪਟਿਆਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਵਧੀਕ ਜ਼ਿਲ੍ਹਾ ਮੈਜਿਸਟਰੇਟ ਮੈਡਮ ਕੰਚਨ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜ਼ਿਲ੍ਹੇ ਵਿੱਚ ਡਰੋਨ ਉਡਾਉਣ, ਅਨਮੈਨਡ ਏਰੀਅਲ ਵਹੀਕਲ, ਰਿਮੋਟ ਕੰਟਰੋਲਡ ਮਾਈਕਰੋ ਲਾਈਟ ਏਅਰ ਕਰਾਫ਼ਟ, ਆਰਮਡਜ਼ ਪਰਸਨ ਫਲਾਈ ਪੈਰਾ ਗਲਾਈਡਰਜ਼, ਪੈਰਾ ਮੋਟਰਜ਼ ਅਤੇ ਬੈਲੂਨ ਆਦਿ 'ਤੇ ਮੁਕੰਮਲ ਪਾਬੰਦੀ ਲਗਾਉਣ ਦੀ ਹੁਕਮ ਜਾਰੀ ਕੀਤੇ ਹਨ।

ਇਹ ਹੁਕਮ 24 ਮਈ 2024 ਤੱਕ ਲਾਗੂ ਰਹਿਣਗੇ।

ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਵੀ.ਵੀ.ਆਈ.ਪੀ ਦੀ ਸੁਰੱਖਿਆ ਨੂੰ ਮੱਦੇਨਜ਼ਰ ਰੱਖਦੇ ਹੋਏ ਪੂਰੇ ਪਟਿਆਲਾ ਜ਼ਿਲ੍ਹੇ ਵਿੱਚ ਡਰੋਨ ਉਡਾਉਣ, ਅਨਮੈਨਡ ਏਰੀਅਲ ਵਹੀਕਲ, ਰਿਮੋਟ ਕੰਟਰੋਲਡ ਮਾਈਕਰੋ ਲਾਈਟ ਏਅਰ ਕਰਾਫ਼ਟ, ਆਰਮਡਜ਼ ਪਰਸਨ ਫਲਾਈ ਪੈਰਾ ਗਲਾਈਡਰਜ਼, ਪੈਰਾ ਮੋਟਰਜ਼ ਅਤੇ ਬੈਲੂਨ ਆਦਿ 'ਤੇ ਮੁਕੰਮਲ ਪਾਬੰਦੀ ਲਗਾਈ ਜਾਣੀ ਜ਼ਰੂਰੀ ਹੈ।

## ਪਟਿਆਲਾ ਕ੍ਰਾਇਮ ਰਿਪੋਰਟ

### ਥਾਣਾ ਪਸਿਆਣਾ ਨੇ ਕੀਤਾ ਇੱਕ ਵਿਅਕਤੀ ਵਿਰੁੱਧ ਮਾਮਲਾ ਦਰਜ

ਪਟਿਆਲਾ, 24 ਮਈ (-ਕੌਮੀ ਪੱਤ੍ਰਿਕਾ ਬਿਊਰੋ-- ਥਾਣਾ ਪਸਿਆਣਾ ਦੀ ਪੁਲਿਸ ਨੇ ਇੱਕ ਵਿਅਕਤੀ ਵਿਰੁੱਧ ਧਾਰਾ 381 ਆਈ. ਪੀ. ਸੀ. ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ ਹਰਵੀਨ ਮਾਨ ਪਤਨੀ ਗੁਰਇੰਦਰਜੀਤ ਸਿੰਘ ਵਾਸੀ ਸੰਤ ਇਨਕਲੇਵ ਪਟਿਆਲਾ ਪਿੰਡ ਖੇੜੀ ਗੁੱਜਰਾਂ ਨੇ ਦੱਸਿਆ ਕਿ ਅਵਿਨਾਸ਼ ਪੁੱਤਰ ਹਰਵਿੰਦਰ ਸਿੰਘ ਵਾਸੀ ਧੀਰ ਦੀ ਮਾਜਰੀ ਪਟਿਆਲਾ ਨੂੰ ਡਰਾਈਵਰ ਰੱਖਿਆ ਹੋਇਆ ਨੇ ਲਾਕਰ ਵਿਚੋਂ 50 ਹਜ਼ਾਰ ਅਤੇ ਅਲਮਾਰੀ ਵਿੱਚੋਂ 5 ਹਜ਼ਾਰ ਰੁਪਏ ਚੋਰੀ ਕਰ ਲਏ, ਜਿਸ 'ਤੇ ਪੁਲਿਸ ਨੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਥਾਣਾ ਤ੍ਰਿਪੜੀ ਨੇ ਕੀਤਾ ਇਕ ਵਿਰਧ 52-ਏ ਪ੍ਰੀਜਨ ਐਕਟ ਤਹਿਤ ਮਾਮਲਾ ਦਰਜ

ਪਟਿਆਲਾ, 24 ਮਈ (-ਕੌਮੀ ਪੱਤ੍ਰਿਕਾ ਬਿਊਰੋ--ਥਾਣਾ ਤ੍ਰਿਪੜੀ ਦੀ ਪੁਲਿਸ ਨੇ ਕੇਂਦਰੀ ਜੇਲ ਪਟਿਆਲਾ ਦੇ ਸਹਾਇਕ ਸੁਪਰਡੈਂਟ ਬਾਲ ਕ੍ਰਿਸ਼ਨ ਦੀ ਸ਼ਿਕਾਇਤ ਦੇ ਅਧਾਰ 'ਤੇ ਇੱਕ ਵਿਅਕਤੀ ਵਿਰੁੱਧ 52-ਏ ਪ੍ਰੀਜਨ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਕੋਲ ਦਰਜ ਕਰਵਾਈ ਸ਼ਿਕਾਇਤ ਵਿੱਚ ਕੇਂਦਰੀ ਜੇਲ ਪਟਿਆਲਾ ਦੇ ਸਹਾਇਕ ਸੁਪਰਡੈਂਟ ਬਾਲ ਕ੍ਰਿਸ਼ਨ ਨੇ ਦੱਸਿਆ ਕਿ ਕੇਂਦਰੀ ਜੇਲ ਪਟਿਆਲਾ ਵਿੱਚ ਬੰਦ ਕੈਦੀ ਧਰਮਵੀਰ ਸਿੰਘ ਪੁੱਤਰ ਪਾਲ ਸਿੰਘ ਵਾਸੀ ਝਿੱਗੜਾ ਥਾਣਾ ਕੁਰਾਲੀ ਜਿਲ੍ਹਾ ਮੋਹਾਲੀ ਦੀ ਜਦੋਂ ਤਲਾਸ਼ੀ ਲਈ ਗਈ ਦਾ ਇਸ ਕੋਲੋਂ ਇੱਕ ਮੋਬਾਇਲ ਬੈਟਰੀ ਅਤੇ ਸਿੰਮ ਸਮੇਤ ਬਰਾਮਦ ਹੋਇਆ। ਪੁਲਿਸ ਨੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਥਾਣਾ ਅਨਾਜ ਮੰਡੀ ਨੇ ਕੀਤਾ ਇੱਕ ਵਿਅਕਤੀ ਵਿਰੁੱਧ ਐਨ. ਡੀ. ਪੀ. ਐਸ. ਐਕਟ ਤਹਿਤ ਮਾਮਲਾ ਦਰਜ

ਪਟਿਆਲਾ, 24 ਮਈ (-ਕੌਮੀ ਪੱਤ੍ਰਿਕਾ ਬਿਊਰੋ-- ਥਾਣਾ ਅਨਾਜ ਮੰਡੀ ਦੀ ਪੁਲਿਸ ਨੇ ਇੱਕ ਵਿਅਕਤੀ ਵਿਰੁੱਧ ਸੱਤ ਗ੍ਰਾਮ ਸਮੈਕ ਬਰਾਮਦ ਹੋਣ 'ਤੇ ਐਨ. ਡੀ. ਪੀ. ਐਸ. ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਮੁਤਾਬਿਕ ਐਸ. ਆਈ. ਗੁਰਪ੍ਰੀਤ ਕੌਰ ਜੋ ਕਿ ਗੈਰ ਸਮਾਜਿਕ ਅਨਸਰਾਂ ਦੀ ਭਾਲ ਵਿੱਚ ਅਨਾਜ ਮੰਡੀ ਨੇੜੇ ਪਾਣੀ ਵਾਲੀ ਟੈਂਕੀ ਦੇ ਕੋਲ ਮੌਜੂਦ ਸਨ ਨੇ ਸੰਜੀਵ ਕੁਮਾਰ ਪੁੱਤਰ ਬਾਲਾ ਰਾਮ ਵਾਸੀ ਵਿਕਾਸ ਨਗਰ ਪਟਿਆਲਾ ਥਾਣਾ ਤਿ ?ਪੜੀ ਨੂੰ ਜਦੋਂ ਸ਼ੱਕ ਦੇ ਆਧਾਰ 'ਤੇ ਰੋਕ ਕੇ ਚੈੱਕ ਕੀਤਾ ਤਾਂ ਉਸ ਕੋਲੋਂ ਸੱਤ ਗ੍ਰਾਮ ਸਮੈਕ ਬਰਾਮਦ ਹੋਈ। ਪੁਲਿਸ ਨੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸਿਹਤ ਵਿਭਾਗ ਬਰਨਾਲਾ ਵੱਲੋਂ ਟੀਚੇ ਤੋਂ ਵੱਧ ਮੋਤੀਆ ਮੁਕਤ ਆਪ੍ਰੇਸ਼ਨ ਕੀਤੇ ਗਏ: ਡਾ. ਹਰਿੰਦਰ ਸ਼ਰਮਾ



ਬਰਨਾਲਾ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਵਿਭਾਗ ਬਰਨਾਲਾ ਵੱਲੋਂ ਐਨ.ਪੀ.ਸੀ.ਬੀ. ਪ੍ਰੋਗਰਾਮ ਤਹਿਤ ਸਿਹਤ ਵਿਭਾਗ ਪੰਜਾਬ ਵੱਲੋਂ ਦਿੱਤੇ ਟੀਚੇ ਤੋਂ ਵੱਧ ਕੇਸ ਕੀਤੇ ਗਏ ਹਨ ਇਨ੍ਹਾਂ ਸਬਦਾਂ ਦਾ ਪ੍ਰਗਟਾਵਾਂ ਸਿਵਲ ਸਰਜਨ ਬਰਨਾਲਾ ਡਾ. ਹਰਿੰਦਰ ਸਰਮਾ ਵੱਲੋਂ ਅੱਖਾਂ ਦੇ ਮਾਹਿਰ ਡਾਕਟਰ ਅਤੇ ਸਟਾਫ ਦਾ ਸਨਮਾਨ ਕਰਨ ਸਮੇਂ ਕੀਤਾ ਗਿਆ।ਸਾਲ 2023-24 'ਚ 4400 ਕੈਟਾਰੈਕਟ ਦੇ ਟੀਚੇ ਤਹਿਤ 5335 ਮੋਤੀਆ ਬਿੰਦ ਦੇ ਅਪ੍ਰੇਸ਼ਨ ਕੀਤੇ।

ਸਿਵਲ ਸਰਜਨ ਬਰਨਾਲਾ ਨੇ ਦੱਸਿਆ ਕਿ ਸਿਹਤ ਵਿਭਾਗ ਬਰਨਾਲਾ ਵੱਲੋਂ ਐਨ.ਪੀ.ਸੀ.ਬੀ. ਤਹਿਤ ਵਿਸ਼ੇਸ਼ ਉੱਦਮ ਕਰਦਿਆਂ ਵੱਖ ਵੱਖ ਪਿੰਡਾਂ ਵਿੱਚ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ 87 ਸਪੈਸਲ ਜਾਂਚ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦੌਰਾਨ 11806 ਲੋਕਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਸਿਵਲ ਹਸਪਤਾਲ ਬਰਨਾਲਾ ਦੇ ਡਾ. ਅਮੋਲਦੀਪ ,ਡਾ. ਇੰਦੂ ਬਾਂਸਲ,ਡਾ. ਦੀਪਤੀ ਗੁਪਤਾ ਸਬ ਡਵੀਜਨਲ ਹਸਪਤਾਲ ਤਪਾ,ਡਾ.ਰੁਪੇਸ ਸਿੰਗਲਾ (ਪ੍ਰੇਮ ਅੱਖਾਂ ਦਾ ਹਸਪਤਾਲ), ਡਾ.ਗੁਰਪਾਲ ਸਿੰਘ (ਪੰਜਾਬ ਅੱਖਾਂ ਦਾ ਹਸਪਤਾਲ)ਡਾ. ਤਨੂ ਗਰਗ,ਗੁਰਵਿੰਦਰ ਸਿੰਘ ਅਤੇ ਕਰਮਜੀਤ ਸਿੰਘ ਅਪਥਾਲਮਿਕ ਅਫ਼ਸਰ ਅਤੇ ਮੈਡਮ ਅਰਾਧਨਾ ਸਹਿਗਲ (ਸਹਾਇਕ ਐਨ.ਪੀ.ਸੀ.ਬੀ.) ਦਾ ਸਨਮਾਨ ਕੀਤਾ ਗਿਆ। ਜ਼ਿਲ੍ਹਾ ਮਾਸ ਮੀਡੀਆ ਵਿੰਗ ਤੋਂ ਕੁਲਦੀਪ ਸਿੰਘ ਮਾਨ ਅਤੇ ਹਰਜੀਤ ਸਿੰਘ ਦਾ ਲੋਕਾਂ ਨੂੰ ਮੋਤੀਆ ਦੀ ਜਾਂਚ ਕਰਾਉਣ ਲਈ ਜਾਗਰੂਕ ਕਰਨ ਹਿੱਤ ਸਨਮਾਨ ਕੀਤਾ ਗਿਆ।

ਡਾ.ਮਨੋਹਰ ਲਾਲ ਸਹਾਇਕ ਸਿਵਲ ਸਰਜਨ/ਨੋਡਲ ਅਫ਼ਸਰ ਨੇ ਦੱਸਿਆ ਕਿ ਇਸ ਅਭਿਆਨ ਤਹਿਤ ਪੰਜਾਬ ਨੂੰ ਮੋਤੀਆ ਮੁਕਤ ਬਣਾਉਣਾ ਹੈ।ਇਸ ਲਈ 50 ਸਾਲ ਤੋਂ ਵੱਡੀ ਉਮਰ ਦੇ ਲੋਕਾਂ ਨੂੰ ਅੱਖਾਂ ਦੇ ਮਾਹਿਰ ਡਾਕਟਰ ਤੋਂ ਜਾਂਚ ਕਰਵਾਉਣੀ ਚਾਹੀਦੀ ਹੈ।ਮੋਤੀਆ ਦੀ ਜਾਂਚ ਅਤੇ ਅਪ੍ਰੇਸ਼ਨ ਸਿਵਲ ਹਸਪਤਾਲ ਬਰਨਾਲਾ ਦੇ ਮਾਹਿਰ ਡਾਕਟਰਾਂ ਵੱਲੋਂ ਬਿਲਕੁੱਲ ਮੁਫਤ ਕੀਤੇ ਜਾਂਦੇ ਹਨ।

## ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਅੱਤਵਾਦ ਵਿਰੋਧੀ ਦਿਵਸ ਮਨਾਇਆ




ਧੂਰੀ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਐੱਨ.ਐੱਸ.ਐੱਸ. ਦੇ ਰੈਗੂਲਰ ਅਤੇ ਸੈਲਫ ਫਾਈਨਾਂਸ ਯੂਨਿਟਾਂ ਵੱਲੋਂ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਇਸ ਦਿਨ ਨੂੰ ਮਨਾਉਣ ਬਾਰੇ ਦੱਸਦੇ ਹੋਏ ਦੇਸ਼ ਪ੍ਰੇਮ ਅਤੇ ਦੇਸ਼ਵਾਸੀਆਂ ਵਿੱਚ ਏਕਤਾ ਦੀ ਭਾਵਨਾ ਨੂੰ ਬਰਕਰਾਰ ਰੱਖਣ ਲਈ ਪ੍ਰੇਰਿਤ ਕੀਤਾ।

ਰੈਗੂਲਰ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਨੇ ਵਲੰਟੀਅਰਾਂ ਨੂੰ ਸਹੁੰ ਚੁਕਾਈ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਹਿੱਸਾ ਨਹੀਂ ਲੈਣਗੇ ਅਤੇ ਆਪਣੇ ਦੋਸਤਾਂ ਮਿੱਤਰਾਂ ਨੂੰ ਵੀ ਦੇਸ਼ ਵਿਰੋਧੀ ਗਤੀਵਿਧੀਆਂ ਤੋਂ ਬਚਾਉਣ ਦੀ ਕੋਸ਼ਿਸ਼ ਕਰਨਗੇ ਤਾਂ ਜੋ ਇੱਕ ਸੁਰੱਖਿਅਤ ਭਾਰਤ ਦੀ ਸਿਰਜਨਾ ਹੋ ਸਕੇ।

ਇਸ ਮੌਕੇ ਐੱਨ.ਐੱਸ.ਐੱਸ. ਸੈਲਫ ਫਾਈਨਾਂਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਊਸ਼ਾ ਰਾਣੀ ਅਤੇ ਰੈਡ ਰਿਬਨ ਕਲੱਬ ਦੇ ਕਨਵੀਨਰ ਡਾ. ਰਕੇਸ਼ ਕੁਮਾਰ ਮੌਜੂਦ ਸਨ।

## ਗੁਰਮੀਤ ਸਿੰਘ ਖੁੱਡੀਆਂ ਦੇ ਚੋਣ ਦਫਤਰ ਦਾ ਕੀਤਾ ਗਿਆ ਉਦਘਾਟਨ



ਬਠਿੰਡਾ 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਅੱਜ ਗੋਨਿਆਣਾ ਮੰਡੀ ਵਿੱਖੇ ਆਮ ਆਦਮੀ ਪਾਰਟੀ ਦੇ ਲੋਕ ਸਭਾ ਉਮੀਦਵਾਰ ਸਰਦਾਰ ਗੁਰਮੀਤ ਸਿੰਘ ਖੁੱਡੀਆਂ ਦੀ ਚੋਣ ਮੁਹਿੰਮ ਨੂੰ ਹੋਰ ਹੁਲਾਰਾ ਦੇਣ ਲਈ ਖੁੱਡੀਆਂ ਸਾਹਿਬ ਦੇ ਚੋਣ ਦਫ਼ਤਰ ਦਾ ਉਦਘਾਟਨ ਸੁਮਿਤ ਖੁੱਡੀਆਂ ਅਤੇ ਹਲਕਾ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਕੀਤਾ ਇਸ ਮੌਕੇ ਓਹਨਾ ਦੇ ਨਾਲ ਰਜਨੀਸ਼ ਕੁਮਾਰ ਰਾਜੂ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ, ਕਸ਼ਮੀਰੀ ਲਾਲ ਗਰਗ ਪ੍ਰਧਾਨ ਨਗਰ ਕੌਂਸਲ ਗੋਨਿਆਣਾ, ਜਲੰਧਰ ਸਿੰਘ ਬਲਾਕ ਪ੍ਰਧਾਨ, ਪ੍ਰਿੰਸ ਰੋਮਾਣਾ ਪ੍ਰਧਾਨ ਸ਼੍ਰੀ ਪੰਚਾਇਤੀ ਗਊਸ਼ਾਲਾ, ਬੂਟਾ ਸਿੰਘ ਬਲਾਕ ਪ੍ਰਭਾਰੀ, ਰਾਕੇਸ਼ ਕੁਮਾਰ ਰੋਮਾ, ਨਛੱਤਰ ਸਿੰਘ ਸਾਬਕਾ ਸਰਪੰਚ, ਜਸਵੀਰ ਸਿੰਘ ਬਲਾਕ ਪ੍ਰਧਾਨ, ਨਿਰਮਲ ਸਿੰਘ ਬਲਾਕ ਪ੍ਰਧਾਨ, ਬਲਕਾਰ ਸਿੰਘ ਭੋਖੜਾ ਮੈਂਬਰ ਮੰਡੀਕਰਨ ਬੋਰਡ, ਗੁਰਦੇਵ ਸਿੰਘ ਪਟਵਾਰੀ, ਪੁੰਨੂੰ ਰੋਮਾਣਾ ਯੂਥ ਆਗੂ, ਕੁਸ਼ਲ ਗਰਗ ਯੂਥ ਆਗੂ, ਇੰਦਰਜੀਤ ਕਾਲੜਾ ਮੀਡੀਆ ਇੰਚਾਰਜ, ਸ਼ਿੰਕੂ ਮੱਕੜ, ਸੰਦੀਪ ਕੁਮਾਰ ਬੋਣਾ, ਤਰਨਜੀਤ ਮੱਕੜ, ਹਰਪ੍ਰੀਤ ਸਿੰਘ ਪ੍ਰਧਾਨ ਟਰੱਕ ਯੂਨੀਅਨ, ਸੰਦੀਪ ਗਰੋਵਰ, ਸਾਬਕਾ ਸਰਪੰਚ ਮਹਿੰਦਰ ਸਿੰਘ, ਵਿਕਾਸ ਕੁਮਾਰ ਵਿੱਕੀ, ਅਮਨ ਜਿੰਦਲ, ਲਖਵਿੰਦਰ ਸਿੰਘ ਸਿਵੀਆਂ ਆਦਿ ਹਾਜ਼ਿਰ ਸਨ ਇਸ ਮੌਕੇ ਸੁਮਿਤ ਖੁੱਡੀਆਂ ਨੇ ਪ੍ਰੈਸ ਨਾਲ ਗੱਲ ਕਰਦਿਆਂ ਦੱਸਿਆ ਕਿ ਹਰ ਜਗ੍ਹਾ ਆਮ ਲੋਕਾਂ ਦਾ ਪਿਆਰ , ਉਤਸ਼ਾਹ ਅਤੇ ਇਕੱਠ ਦੇਖ਼ ਕਿ ਬਹੁਤ ਹੀ ਮਨ ਨੂੰ ਖੁਸ਼ੀ ਮਿਲ ਰਹੀ ਹੈ ਅਤੇ ਇਸ ਤਰ੍ਹਾ ਹੀ ਲਗ ਰਿਹਾ ਹੈ ਕਿ ਜਿਵੇਂ ਪੰਜਾਬ ਦੇ ਲੋਕਾਂ ਨੇ 2022 ਵਿੱਚ ਬਹੁਤ ਵੱਡੇ ਫਰਕ ਨਾਲ ਆਮ ਆਦਮੀਂ ਪਾਰਟੀ ਦੇ 92 ਐਮ. ਐਲ. ਏ. ਚੁਣੇ ਸਨ ਉਸੇ ਤਰ੍ਹਾਂ ਹੀ 13 ਦੇ 13 ਐਮ. ਪੀ. ਵੀ ਆਮ ਆਦਮੀ ਪਾਰਟੀ ਦੇ ਹੀ ਚੁਣੇ ਜਾਣਗੇ ਕਿਉਂਕਿ 43 ਹਜ਼ਾਰ ਸਰਕਾਰੀ ਨੌਕਰੀਆਂ ,850 ਦੇ ਕਰੀਬ ਆਮ ਆਦਮੀ ਕਲੀਨਿਕ, 600 ਯੂਨਿਟ ਬਿਜਲੀ ਮੁਫਤ, ਸੜਕ ਸੁਰਖਿਆ ਫੋਰਸ, ਸ਼ਹੀਦਾਂ ਨੂੰ ਇਕ ਕਰੋੜ ਦੀ ਰਾਸ਼ੀ ਨਾਲ ਸਨਮਾਨ, ਅਤੇ ਹੋਰ ਵੀ ਅਨੇਕਾਂ ਕੰਮ ਹਨ ਜੋਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ 2 ਸਾਲਾਂ ਵਿੱਚ ਹੀ ਕਰਕੇ ਦਿਖਾਏ ਹਨ ਸੋ ਆਮ ਆਦਮੀ ਪਾਰਟੀ ਅਪਣੇ ਕੀਤੇ ਹੋਏ ਕੰਮਾ ਨੂੰ ਦੇਖ਼ ਕਿ ਹੀ ਆਪਣੀ ਜਿੱਤ ਨੂੰ ਯਕੀਨ ਮੰਨਦੀ ਹੈ ਇਸਤੋ ਬਾਅਦ ਸੁਮਿਤ ਖੁੱਡੀਆਂ ਨੇ ਦਫਤਰ ਦੇ ਉਦਘਾਟਨ ਸਮੇਂ ਪੁਹੰਚੇ ਸਾਰੇ ਹੀ ਮੰਡੀ ਨਿਵਾਸੀਆਂ, ਵਲੰਟੀਅਰ ਸਾਹਿਬਾਨ ਅਤੇ ਸਾਰੇ ਹੀ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ

## ਹਮੀਰਪੁਰ ਤੋਂ ਕਾਂਗਰਸੀ ਉਮੀਦਵਾਰ ਰਾਏਜਾਦਾ ਦੇ ਹੱਕ ਵਿੱਚ ਕਾਂਗਰਸੀਆਂ ਵਲੋਂ ਘਰੋਂ-ਘਰੀਂ ਚੋਣ ਪ੍ਰਚਾਰ

ਸ੍ਰੀ ਅਨੰਦਪੁਰ ਸਾਹਿਬ, 24 ਮਈ
-ਕੌਮੀ ਪੱਤ੍ਰਿਕਾ ਬਿਊਰੋ-

ਹਿਮਾਚਲ ਪ੍ਰਦੇਸ਼ ਦੇ ਹਲਕਾ ਹਮੀਰਪੁਰ ਤੋਂ ਕਾਂਗਰਸੀ ਉਮੀਦਵਾਰ ਸਤਪਾਲ ਸਿੰਘ ਰਾਏਜਾਦਾ ਦੇ ਹੱਕ ਵਿੱਚ ਬਨਗੜ੍ਹ ਰਿਆਸਤ ਦੇ ਰਾਜਾ ਸੰਜੀਵ ਕੰਵਰ ਦੀ ਅਗਵਾਈ ਹੇਠ ਕਾਂਗਰਸੀਆਂ ਵਲੋਂ ਪਿੰਡ ਟੋਬਾ, ਡੋਲਾਂ, ਬਸੀ, ਖੇੜੀ ਅਤੇ ਮਜਾਰੀ ਆਦਿ ਪਿੰਡਾਂ ਵਿੱਚ ਘਰੋਂ-ਘਰੀ ਚੋਣ ਪ੍ਰਚਾਰ ਕੀਤਾ ਗਿਆ।ਇਸ ਸਬੰਧੀ ਪੰਜਾਬ ਕਾਂਗਰਸ ਦੇ ਸਾਬਕਾ ਸਕੱਤਰ ਹਕੀਮ ਹਰਮਿੰਦਰਪਾਲ ਸਿੰਘ ਮਿਨਹਾਸ ਨੇ ਦੱਸਿਆ ਕਿ ਪੰਜਾਬ ਦੇ ਸਰਹੱਦੀ ਇਲਾਕਾ ਹੋਣ ਕਰਕੇ ਇਸ ਇਲਾਕੇ ਵਿੱਚ ਚੋਣ ਪ੍ਰਚਾਰ ਕੀਤਾ ਗਿਆ ਹੈ। ਇਹਨਾ ਪਿੰਡਾਂ ਵਿੱਚ ਕਾਂਗਰਸ ਦੇ ਹੱਕ ਵਿੱਚ ਹਨੇਰੀ ਚੱਲ ਰਹੀ ਹੈ। ਕਿਉਕਿ ਹਲਕਾ ਮਾਤਾ ਨੈਣਾਂ ਦੇਵੀ ਦੇ ਲੋਕ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਨੀਤੀਆਂ ਤੋਂ ਦੁੱਖੀ ਹਨ। ਤੇ ਇਸ ਸਰਕਾਰ ਨੂੰ ਚੱਲਦਾ ਕਰਨ ਦਾ ਮਨ੍ਹ ਬਣਾ ਚੁੱਕੇ ਹਨ।



ਉਹਨਾ ਕਿਹਾ ਕਿ ਹਲਕੇ ਦੇ ਸਾਬਕਾ ਵਿਧਾਨਕਾਰ ਅਤੇ ਸਾਬਕਾ ਮੰਤਰੀ ਰਾਮ ਲਾਲ ਠਾਕੁਰ ਦੀ ਅਗਵਾਈ ਹੇਠ ਵੱਖ ਵੱਖ ਟੀਮਾਂ ਬਣਾ ਕੇ ਰਾਏਜਾਦਾ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ।ਇਸ ਤੋਂ ਬਾਅਦ ਟੋਬਾ ਵਿਖੇ ਰਾਜਾ ਬਨਗੜ੍ਹ ਸੰਜੀਵ ਕੰਵਰ ਦਾ ਸਾਬਕਾ ਚੇਅਰਮੈਨ ਪੰਡਤ ਦਵਾਰਕਾ ਦਾਸ ਵਲੋਂ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਜ਼ਸਵੀਰ ਸਿੰਘ ਮਜਾਰੀ, ਕੁਲਦੀਪ ਸਿੰਘ ਦਿਓਲ, ਹਿੰਮਤ ਸਿੰਘ ਪ੍ਰਧਾਨ, ਥਾਣੇਦਾਰ ਜਰਨੈਲ ਸਿੰਘ, ਰਾਮ ਧੰਨ, ਗੁਰਮੇਲ ਸਿੰਘ, ਮਹਿੰਦਰ ਸਿੰਘ, ਹਰਪਾਲ ਸਿੰਘ ਗਿੱਲ, ਅਮਰਿੰਦਰ ਰਾਣਾ, ਅਸ਼ਵਨੀ ਕੁਮਾਰ, ਅਜੇ ਕੌਸ਼ਲ, ਨਰੇਸ਼ ਕੁਮਾਰ, ਵਿਜੇ ਕੌਸ਼ਲ, ਧੀਰਜ ਕੁਮਾਰ ਟੰਡਨ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਹਾਜਰ ਸਨ। ਕੋਲਾਂਵਾਲਾ ਟੋਬਾ ਵਿਖੇ ਰਾਜਾ ਬਨਗੜ੍ਹ ਸੰਜੀਵ ਕੰਵਰ ਦਾ ਸਨਮਾਨ ਕਰਦੇ ਹੋਏ ਪੰਡਤ ਦਵਾਰਕਾ ਦਾਸ, ਹਕੀਮ ਹਰਮਿੰਦਰਪਾਲ ਸਿੰਘ ਮਿਨਹਾਸ ਅਤੇ ਹੋਰ।

## ਔਰਤ ਵੱਲੋਂ ਖੁਦਕੁਸ਼ੀ ਕਰਨ ਦੇ ਮਾਮਲੇ 'ਚ ਪਤੀ ਗ੍ਰਿਫ਼ਤਾਰ

ਬਰਨਾਲਾ 24 ਮਈ। ਇਕ ਔਰਤ ਵੱਲੋਂ ਕੀਤੀ ਖੁਦਕੁਸ਼ੀ ਦੇ ਮਾਮਲੇ 'ਚ ਪੁਲਸ ਨੇ ਉਸਦੇ ਪਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਜਾਣਕਾਰੀ ਦਿੰਦਿਆਂ ਥਾਣਾ ਸਦਰ ਬਰਨਾਲਾ ਦੇ ਪੁਲਸ ਅਧਿਕਾਰੀ ਤਰਸੇਮ ਸਿੰਘ ਨੇ ਦੱਸਿਆ ਕਿ ਪੁਲਸ ਕੋਲ ਗੌਰਖ ਸਿੰਘ ਵਾਸੀ ਦਿਆਲਪੁਰ ਭਾਈਕਾ ਜ਼ਿਲ੍ਹਾ ਬਠਿੰਡਾ ਨੇ ਬਿਆਨ ਦਰਜ ਕਰਵਾਏ ਕਿ ਮੇਰੀ ਛੋਟੀ ਲੜਕੀ ਸੁਰਜੀਤ ਕੌਰ ਤਿੰਨ ਸਾਲਾਂ ਤੋਂ ਚਮਕੌਰ ਸਿੰਘ ਵਾਸੀ ਹੰਡਿਆਇਆ ਨਾਲ ਵਿਆਹੀ ਹੋਈ ਸੀ। ਮੇਰਾ ਜਵਾਈ ਚਮਕੌਰ ਸਿੰਘ ਸ਼ਰਾਬ ਪੀ ਕੇ ਮੇਰੀ ਧੀ ਦੀ ਕੁੱਟਮਾਰ ਕਰਦਾ ਸੀ, 11 ਮਈ ਨੂੰ ਮੇਰੀ ਧੀ ਨੇ ਮੈਨੂੰ ਦੱਸਿਆ ਕਿ ਚਮਕੌਰ ਸਿੰਘ ਨੇ ਸ਼ਰਾਬ ਪੀ ਕੇ ਮੇਰੀ ਕੁੱਟਮਾਰ ਕੀਤੀ ਹੈ ਅਤੇ ਮੈਨੂੰ ਘਰੋਂ ਬਾਹਰ ਕੱਢ ਰਿਹਾ ਹੈ। ਮੈਂ ਆਪਣੇ ਰਿਸ਼ਤੇਦਾਰਾਂ ਨੂੰ ਲੈ ਕੇ ਹੰਡਿਆਏ ਆਇਆ ਅਤੇ ਚਮਕੌਰ ਸਿੰਘ ਨੂੰ ਸਮਝਾ ਕੇ ਚਲੇ ਗਏ। ਫਿਰ 13 ਮਈ ਨੂੰ ਦੁਪਹਿਰ 2 ਵਜੇ ਫੋਨ ਆਇਆ ਕਿ ਸੁਰਜੀਤ ਕੌਰ ਠੀਕ ਨਹੀਂ, ਜਦੋਂ ਅਸੀਂ ਹੰਡਿਆਏ ਪੁੱਜੇ ਤਾਂ ਮੇਰੀ ਧੀ ਦੀ ਮੌਤ ਹੋ ਚੁੱਕੀ ਸੀ। ਮੇਰੀ ਧੀ ਨੇ ਚਮਕੌਰ ਸਿੰਘ ਤੋਂ ਤੰਗ ਆ ਕੇ ਕੋਈ ਜ਼ਹਿਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕੀਤੀ ਹੈ। ਮੁੱਦਈ ਦੇ ਬਿਆਨਾਂ ਦੇ ਆਧਾਰ 'ਤੇ ਚਮਕੌਰ ਸਿੰਘ ਖ਼ਿਲਾਫ ਕੇਸ ਦਰਜ ਕਰ ਕੇ ਉਸ ਨੂੰ ਗ੍ਰਿਫਤਾਰ ਕੀਤਾ ਗਿਆ।

## ਮੈਟਰੀਮੋਨੀਅਲ ਸਾਈਟਾਂ 'ਤੇ ਔਰਤਾਂ ਨੂੰ ਵਿਆਹ ਦਾ ਝਾਂਸਾ ਦੇ ਕੇ ਲੱਖਾਂ ਠੱਗਣ ਵਾਲਾ ਕਾਬੂ

ਲੁਧਿਆਣਾ 24 ਮਈ। ਮੈਟਰੀਮੋਨੀਅਲ ਸਾਈਟਸ 'ਤੇ ਔਰਤਾਂ ਨੂੰ ਵਿਆਹ ਦਾ ਝਾਂਸਾ ਦੇ ਕੇ ਆਪਣੇ ਜਾਲ 'ਚ ਫਸਾ ਕੇ ਉਨ੍ਹਾਂ ਤੋਂ ਲੱਖਾਂ ਰੁਪਏ ਹੜੱਪਣ ਵਾਲੇ ਮੁਲਜ਼ਮ ਨੂੰ ਥਾਣਾ ਸਰਾਭਾ ਨਗਰ ਦੀ ਪੁਲਸ ਨੇ ਕਾਬੂ ਕੀਤਾ ਹੈ। ਫੜ੍ਹਿਆ ਗਿਆ ਮੁਲਜ਼ਮ ਵਿਪਨ ਕੁਮਾਰ ਹੈ, ਜੋ ਕਿ ਹਰਿਦੁਆਰ ਦਾ ਰਹਿਣ ਵਾਲਾ ਹੈ। ਪੁਲਸ ਨੇ ਮੁਲਜ਼ਮ ਨੂੰ ਫੜ ਕੇ ਅਦਾਲਤ 'ਚ ਪੇਸ਼ ਕੀਤਾ ਹੈ, ਜਿੱਥੋਂ ਉਸ ਨੂੰ ਪੁਲਸ ਰਿਮਾਂਡ 'ਤੇ ਲਿਆ ਹੈ। ਮੁਲਜ਼ਮ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਪੁਲਸ ਨੇ ਦੱਸਿਆ ਕਿ ਮੁਲਜ਼ਮ ਵਿਪਨ ਕੁਮਾਰ ਕਾਫੀ ਸ਼ਾਤਿਰ ਵਿਅਕਤੀ ਹੈ, ਜੋ ਕਿ ਸੋਸ਼ਲ ਸਾਈਟਸ ਅਤੇ ਮੈਟਰੀਮੋਨੀਅਲ ਸਾਈਟਸ 'ਤੇ ਉਨ੍ਹਾਂ ਔਰਤਾਂ ਨੂੰ ਲੱਭਦਾ ਸੀ, ਜੋ ਕਿ ਜੀਵਨ ਸਾਥੀ ਦੀ ਭਾਲ ਵਿਚ ਸਨ। ਉਨ੍ਹਾਂ ਨਾਲ ਗੱਲ ਕਰ ਕੇ ਉਨ੍ਹਾਂ ਨੂੰ ਆਪਣੀਆਂ ਗੱਲਾਂ 'ਚ ਉਲਝਾ ਲੈਂਦਾ ਸੀ। ਉਨ੍ਹਾਂ ਨੂੰ ਪੂਰਾ ਵਿਸ਼ਵਾਸ ਵਿਚ ਲੈ ਕੇ ਉਨ੍ਹਾਂ ਤੋਂ ਉਧਾਰ ਪੈਸੇ ਮੰਗਦਾ ਸੀ। ਇਸ ਤਰ੍ਹਾਂ ਕਰ ਕੇ ਮੁਲਜ਼ਮ ਉਨ੍ਹਾਂ ਤੋਂ ਲੱਖਾਂ ਰੁਪਏ ਠੱਗ ਲੈਂਦਾ ਸੀ। ਫਿਰ ਉਨ੍ਹਾਂ ਨਾਲ ਗੱਲ ਕਰਨਾ ਬੰਦ ਕਰ ਦਿੰਦਾ ਸੀ। ਪੁਲਸ ਦਾ ਕਹਿਣਾ ਹੈ ਕਿ ਹੁਣ ਤੱਕ ਦੀ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਨੇ ਕਈ ਔਰਤਾਂ ਨਾਲ ਧੋਖਾਦੇਹੀ ਕੀਤੀ ਹੈ ਅਤੇ ਲਗਭਗ 1 ਕਰੋੜ ਰੁਪਏ ਦੀ ਠੱਗੀ ਮਾਰ ਚੁੱਕਾ ਹੈ। ਫਿਲਹਾਲ ਪੁਲਸ ਮੁਲਜ਼ਮ ਤੋਂ ਅੱਗੇ ਦੀ ਪੁੱਛਗਿੱਛ ਕਰ ਰਹੀ ਹੈ।

## ਤੇਜਧਾਰ ਹਥਿਆਰ ਨਾਲ ਵੱਢੀ ਸਕੂਲੋਂ ਘਰ ਜਾਂਦੀ ਕੁੜੀ

ਲੁਧਿਆਣਾ 24 ਮਈ। ਇੱਥੇ 10ਵੀਂ ਜਮਾਤ 'ਚ ਪੜ੍ਹਨ ਵਾਲੀ ਕੁੜੀ ਸਕੂਲੋਂ ਛੁੱਟੀ ਹੋਣ ਤੋਂ ਬਾਅਦ ਘਰ ਜਾ ਰਹੀ ਸੀ ਕਿ ਇਕ ਤਰਫਾ ਪਿਆਰ 'ਚ ਸਿਰਫਿਰੇ ਆਸ਼ਕ ਨੇ ਉਸ 'ਤੇ ਤੇਜਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ। ਉਸ ਦੇ ਮੂੰਹ, ਸਿਰ ਅਤੇ ਹੋਰ ਸਰੀਰ ਦੇ ਹਿੱਸਿਆਂ ਨੂੰ ਉਕਤ ਨੌਜਵਾਨ ਨੇ ਤੇਜਧਾਰ ਹਥਿਆਰ ਨਾਲ ਵੱਢ ਦਿੱਤਾ। ਉਕਤ ਮੁੰਡੇ ਦੀ ਪਛਾਣ ਰਮਨਦੀਪ ਵਜੋਂ ਹੋਈ ਹੈ। ਕਿਸੇ ਤਰ੍ਹਾਂ ਕੁੜੀ ਨੂੰ ਰਾਹਗੀਰਾਂ ਨੇ ਉਕਤ ਨੌਜਵਾਨ ਤੋਂ ਛੁਡਾਇਆ ਅਤੇ ਉਸ ਨੂੰ ਸਿਵਲ ਹਸਪਤਾਲ ਪਹੁੰਚਾਇਆ। ਹਸਪਤਾਲ 'ਚ ਕੁੜੀ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਚੰਡੀਗੜ੍ਹ ਦੇ ਪੀ. ਜੀ. ਆਈ. ਰੈਫਰ ਕਰ ਦਿੱਤਾ ਗਿਆ ਹੈ। ਇਸ ਮਾਮਲੇ 'ਚ ਥਾਣਾ ਜਮਾਲਪੁਰ ਦੀ ਪੁਲਸ ਨੇ ਦੋਸ਼ੀ ਰਮਨਦੀਪ ਦੇ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ

# ਹੁਣ ਈ-ਚਲਾਨ ਦੇ ਨਾਂ 'ਤੇ ਲੋਕਾਂ ਨਾਲ ਕੀਤੀ ਜਾ ਰਹੀ ਹੈ ਧੋਖਾਦੇਹੀ, ਮਾਮਲਿਆਂ ਵਿਚ ਲਗਾਤਾਰ ਹੋ ਰਿਹੈ ਵਾਧਾ

**ਕਿਸ਼ਨ ਪਾਲ**

ਅੰਮ੍ਰਿਤਸਰ 24 ਮਈ। ਜਦੋਂ ਤੋਂ ਦੇਸ ਦੇ ਸਾਰੇ ਕੰਮਾਂ ਅਤੇ ਵਿਭਾਗਾਂ ਨੇ ਆਪਣੇ ਆਪ ਨੂੰ ਆਨਲਾਈਨ ਕਰਨ ਦੀ ਕਵਾਇਦ ਸੁਰੂ ਕੀਤੀ ਹੈ, ਉਦੋਂ ਤੋਂ ਵੱਡੀ ਗਿਣਤੀ ਵਿਚ ਆਨਲਾਈਨ ਧੋਖਾਦੇਹੀ ਦੇ ਮਾਮਲੇ ਸਾਹਮਣੇ ਆ ਰਹੇ ਹਨ। ਜ਼ਿਕਰਯੋਗ ਹੈ ਕਿ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਲਈ ਸਾਰੇ ਵਿਭਾਗਾਂ ਦਾ ਕੰਮ ਆਨਲਾਈਨ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਬੈਂਕਾਂ ਅਤੇ ਪੈਸੇ ਨਾਲ ਸਬੰਧਤ ਹੋਰ ਐਪਸ ਆਦਿ ਵੀ ਇਸ ਤੋਂ ਅਛੂਤੇ ਨਹੀਂ ਹਨ। ਪਰ ਹੁਣ ਇਹ ਆਨਲਾਈਨ ਸਹੂਲਤ ਲੋਕਾਂ ਲਈ ਸਹੂਲਤ ਘੱਟ ਅਤੇ ਆਸੁਵਿਧਾ ਜ਼ਿਆਦਾ ਸਾਬਤ ਹੋ ਰਹੀ ਹੈ। ਆਨਲਾਈਨ ਧੋਖਾਦੇਹੀ ਕਰਨ ਵਾਲੇ ਹੈਕਰ ਇੰਨੇ ਚਲਾਕ ਹੁੰਦੇ ਹਨ ਕਿ ਉਹ ਪੜ੍ਹੇ-ਲਿਖੇ ਲੋਕਾਂ ਨੂੰ ਵੀ ਧੋਖਾ ਦਿੰਦੇ ਹਨ ਅਤੇ ਉਨ੍ਹਾਂ ਤੋਂ ਵੱਡੀ ਰਕਮ ਦੀ ਠੱਗੀ ਮਾਰਦੇ ਹਨ। ਮੋਬਾਈਲ ਹੈਕਰ ਹਰ ਰੋਜ ਲੋਕਾਂ ਨੂੰ ਧੋਖਾ ਦੇਣ ਲਈ ਨਵੇਂ ਤਰੀਕੇ ਲੱਭ ਰਹੇ ਹਨ। ਹੁਣ ਜਦੋਂ ਤੋਂ ਸਰਕਾਰ ਵਾਹਨਾਂ ਦੇ ਈ-ਚਾਲਾਨ ਭੇਜਣ ਲਈ ਮਹਾਨਗਰਾਂ ਅਤੇ ਸਮਾਰਟ ਸਿਟੀਜ ਵਿਚ ਕੈਮਰਿਆਂ ਦੀ ਵਰਤੋਂ ਕਰਨ ਦਾ ਐਲਾਨ ਕਰ ਰਹੀ ਹੈ, ਇਹ ਹੈਕਰ ਸਰਕਾਰ ਦੇ ਇਸ ਹੁਕਮ ਨੂੰ ਨਵੀਂ ਚਾਲ ਦੇ ਰੂਪ ਵਿਚ ਅਪਣਾ ਰਹੇ ਹਨ। ਇਹ ਹੈਕਰ ਲੋਕਾਂ ਨੂੰ ਡਰਾ-ਧਮਕਾ ਕੇ ਉਨ੍ਹਾਂ ਦੇ ਮੋਬਾਈਲਾਂ 'ਤੇ ਮੈਸੇਜ ਭੇਜ ਕੇ ਅਤੇ ਟਰਾਂਸਪੋਰਟ ਵਿਭਾਗ ਨੂੰ ਲਿੰਕ ਭੇਜ ਕੇ ਮੋਟੀ ਕਮਾਈ ਕਰ ਰਹੇ ਹਨ। ਮੋਬਾਈਲ ਫੋਨ 'ਤੇ ਇਨ੍ਹਾਂ ਸੰਦੇਸਾਂ ਨੂੰ ਦੇਖ ਕੇ ਲੋਕ ਪਹਿਲਾਂ ਡਰ ਜਾਂਦੇ ਹਨ ਅਤੇ ਫਿਰ ਜਦੋਂ ਉਹ ਸੰਦੇਸ ਵਿਚ ਦਿੱਤੇ ਲਿੰਕ ਨੂੰ ਦਬਾਉਂਦੇ ਹਨ ਤਾਂ ਹੈਕਰ ਤੁਰੰਤ ਉਨ੍ਹਾਂ ਦੇ ਖਾਤਿਆਂ ਤੋਂ ਪੈਸੇ ਕਢਵਾ ਲੈਂਦੇ ਹਨ। ਭਾਵੇਂ ਸਰਕਾਰ, ਪੁਲਸ ਅਤੇ ਟਰਾਂਸਪੋਰਟ ਵਿਭਾਗ ਆਪਣੇ ਪੱਧਰ 'ਤੇ ਅਜਿਹੇ ਸੰਦੇਸਾਂ ਬਾਰੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ ਪਰ ਇਹ ਸਰਾਰਤੀ ਅਨਸਰ ਆਨਲਾਈਨ ਧੋਖਾਦੇਹੀ ਰਾਹੀਂ ਲੋਕਾਂ ਦੀ ਮਿਹਨਤ ਦੀ ਕਮਾਈ ਲੁੱਟ ਰਹੇ ਹਨ। ਹੈਕਰ ਭੋਲੇ-ਭਾਲੇ ਲੋਕਾਂ ਨੂੰ ਮੋਬਾਈਲ ਫੋਨਾਂ 'ਤੇ ਕਈ ਤਰ੍ਹਾਂ ਦੀਆਂ ਸਹੂਲਤਾਂ ਦੇ ਕੇ ਧੋਖਾ ਦਿੰਦੇ ਹਨ ਜਾਂ ਉਨ੍ਹਾਂ ਨੂੰ ਧਮਕੀ ਦਿੰਦੇ ਹਨ ਕਿ ਤੁਹਾਡੇ ਕ੍ਰੈਡਿਟ ਕਾਰਡ ਦੀ ਮਿਆਦ ਖਤਮ ਹੋਣ ਵਾਲੀ ਹੈ, ਜਾਂ ਤੁਹਾਡੇ ਸਿਮ ਨੰਬਰ ਦੀ ਮਿਆਦ ਖਤਮ ਹੋਣ ਕਾਰਨ ਬਲਾਕ ਕੀਤਾ ਜਾ ਰਿਹਾ ਹੈ, ਸਾਡੀ ਕੰਪਨੀ ਕੋਲ ਪੂਰੀ ਜਾਣਕਾਰੀ ਨਹੀਂ ਹੈ ਅਤੇ ਜੇ ਤੁਸੀਂ ਚਾਹੁੰਦੇ ਹੋ ਇਸ ਨੰਬਰ ਨਾਲ ਜਾਰੀ ਰੱਖੋ, ਫਿਰ ਜੇਕਰ ਤੁਸੀਂ ਅਜਿਹਾ ਕਰਦੇ ਹੋ ਤਾਂ ਤੁਹਾਨੂੰ ਇਕ ਓ. ਟੀ ਪੀ. ਨੰਬਰ ਮਿਲੇਗਾ, ਜੋ ਸਾਡੇ ਨਾਲ ਸਾਂਝਾ ਕਰਨਾ ਹੋਵੇਗਾ। ਜਦੋਂ ਕੋਈ ਵਿਅਕਤੀ ਓ. ਟੀ ਪੀ. ਨੰਬਰ ਸਾਂਝਾ ਕਰਦਾ ਹੈ, ਤਾਂ ਹੈਕਰ ਪੰਜ ਮਿੰਟਾਂ ਵਿੱਚ ਉਸਦਾ ਬੈਂਕ ਖਾਤਾ ਖਾਲੀ ਕਰ ਦਿੰਦਾ ਹੈ। ਹੁਣ ਹੈਕਰ ਇੰਨੇ ਅੱਗੇ ਵਧ ਗਏ ਹਨ ਕਿ ਉਹ ਬਿਨਾਂ ਓ. ਟੀ ਪੀ. ਦੇ ਕਿਸੇ ਵੀ ਬੈਂਕ ਦੇ ਸੈਂਕੜੇ ਖਾਤੇ ਖਾਲੀ ਕਰ ਸਕਦੇ ਹਨ। ਇਸ ਤੋਂ ਇਲਾਵਾ ਹੁਣ ਇਕ ਹੋਰ ਤਰੀਕਾ ਕਾਫੀ ਮਸਹੂਰ ਹੋ ਗਿਆ ਹੈ, ਜਿਸ ਰਾਹੀਂ ਹੈਕਰ ਵਿਦੇਸੀ ਨੰਬਰਾਂ ਤੋਂ ਕਾਲ ਕਰਦੇ ਹਨ ਅਤੇ ਕਿਸੇ ਅਜਿਹੇ ਵਿਅਕਤੀ ਨਾਲ ਗੱਲ ਕਰਦੇ ਹਨ ਜੋ ਵਿਦੇਸ ਗਿਆ ਹੈ ਅਤੇ ਕਿਸੇ ਤਰ੍ਹਾਂ ਇਹ ਬਹਾਨਾ ਬਣਾ ਕੇ ਪੈਸੇ ਕਢਵਾ ਲੈਂਦੇ ਹਨ ਕਿ ਕੋਈ ਹਾਦਸਾ ਜਾਂ ਅਣਸੁਖਾਵੀਂ ਘਟਨਾ ਵਾਪਰ ਜਾਵੇਗੀ ਵਿਦੇਸ ਬੈਠੇ ਜਾਣਕਾਰ ਨੂੰ ਵੀ ਇਸ ਬਾਰੇ ਪਤਾ ਨਹੀਂ ਹੁੰਦਾ। ਕੁੱਲ ਮਿਲਾ ਕੇ ਆਨਲਾਈਨ ਧੋਖਾਧੜੀ ਦੇ ਮਾਮਲਿਆਂ ਵਿੱਚ ਭਾਰੀ ਵਾਧਾ ਹੋਇਆ ਹੈ। ਇਸ ਨਾਲ ਨਜਿੱਠਣ ਲਈ ਹੁਣ ਪੁਲਸ ਨੂੰ ਵੀ ਇਸੇ ਤਰ੍ਹਾਂ ਦੇ ਪੜ੍ਹੇ-ਲਿਖੇ ਅਤੇ ਕੰਪਿਊਟਰ ਮਾਮਲਿਆਂ ਵਿੱਚ ਨਿਪੁੰਨ ਮੁਲਾਜਮ ਰੱਖਣੇ ਪੈਣਗੇ, ਤਾਂ ਜੋ ਅਜਿਹੇ ਮਾਮਲਿਆਂ ਨੂੰ ਨੱਥ ਪਾਈ ਜਾ ਸਕੇ। ਹਾਲਾਂਕਿ, ਪੁਲਸ ਨੇ ਹੁਣ ਇਸ ਮਕਸਦ ਲਈ ਇੱਕ ਵੱਖਰਾ ਸਾਈਬਰ ਸੈੱਲ ਬਣਾਇਆ ਹੈ, ਜੋ ਹੈਕਰ ਬਾਰੇ ਬਹੁਤ ਸਾਰੀ ਜਾਣਕਾਰੀ ਇਕੱਠੀ ਕਰਦਾ ਹੈ, ਪਰ ਫਿਰ ਵੀ ਪੁਲਸ ਦੋਸੀ ਨੂੰ ਟਰੇਸ ਕਰਨ ਲਈ ਸੰਘਰਸ ਕਰਦੀ ਰਹਿੰਦੀ ਹੈ। ਹੁਣ ਲੋਕਾਂ ਨੂੰ ਅਜਿਹੇ ਮਾਮਲਿਆਂ ਪ੍ਰਤੀ ਜਾਗਰੂਕ ਹੋਣਾ ਪਵੇਗਾ, ਤਾਂ ਹੀ ਅਜਿਹੇ ਮਾਮਲਿਆਂ 'ਤੇ ਕਾਬੂ ਪਾਇਆ ਜਾ ਸਕੇਗਾ। ਜੇਕਰ ਕਿਸੇ ਨੂੰ ਵੀ ਕਿਸੇ ਅਣਜਾਣ ਵਿਅਕਤੀ ਦਾ ਕਾਲ ਆਉਂਦਾ ਹੈ ਤਾਂ ਉਹ ਫੋਨ ਨੂੰ ਧਿਆਨ ਨਾਲ ਸੁਣਨ ਅਤੇ ਕਿਸੇ ਨਾਲ ਕੋਈ ਵੀ ਓ. ਟੀ. ਪੀ. ਸਾਂਝਾ ਨਾ ਕਰਨ ਅਤੇ ਕਿਸੇ ਹੋਰ ਬੈਂਕ ਜਾਂ ਕ੍ਰੈਡਿਟ ਕਾਰਡ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਕਿਸੇ ਨਾਲ ਸਾਂਝੀ ਨਾ ਕਰੇ, ਨਹੀਂ ਤਾਂ ਇਹ ਜਾਣਕਾਰੀ ਸਾਂਝੀ ਕਰਨੀ ਚਾਹੀਦੀ ਹੈ ਕਿਸੇ ਵੀ ਸਮੇਂ ਆਨਲਾਈਨ ਧੋਖਾਦੇਹੀ ਦਾ ਕਾਰਨ ਬਣ ਸਕਦਾ ਹੈ।




# ਖਹਿਰਾ ਦੇ ਪ੍ਰਵਾਸੀਆਂ ਵਾਲੇ ਬਿਆਨ 'ਤੇ ਬੋਲੇ ਪ੍ਰਤਾਪ ਸਿੰਘ ਬਾਜਵਾ, ਕਿਹਾ-ਇਹ ਪਾਰਟੀ ਦਾ ਵਿਊ ਨਹੀਂ

**ਏਜੰਸੀਆਂ**

ਜਲੰਧਰ 24 ਮਈ। ਪ੍ਰਵਾਸੀ ਮਜਦੂਰਾਂ ਨੂੰ ਪੰਜਾਬ ਵਿਚੋਂ ਬਾਹਰ ਕੱਢਣ ਦੇ ਸੁਖਪਾਲ ਸਿੰਘ ਖਹਿਰਾ ਵੱਲੋਂ ਦਿੱਤੇ ਗਏ ਬਿਆਨ ਤੋਂ ਬਾਅਦ ਸਿਆਸਤ ਭੱਖਣੀ ਸ਼ੁਰੂ ਹੋ ਗਈ ਹੈ। ਇਸ ਬਿਆਨ 'ਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਤੋਂ ਬਾਅਦ ਹੁਣ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਆਪਣੀ ਪ੍ਰਤੀਕਿਰਿਆ ਦਿੱਤੀ ਹੈ। ਪੱਤਰਕਾਰ ਰਮਨਦੀਪ ਸਿੰਘ ਸੋਢੀ ਨੂੰ ਦਿੱਤੀ ਗਈ ਇੰਟਰਵਿਊ ਦੌਰਾਨ ਖਹਿਰਾ ਦੇ ਬਿਆਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਸੁਖਪਾਲ ਖਹਿਰਾ ਆਪਣਾ ਸਪੱਸ਼ਟੀਕਰਨ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸੁਖਪਾਲ ਖਹਿਰਾ ਨੇ ਕੋਈ ਅਜਿਹਾ ਬਿਆਨ ਦਿੱਤਾ ਹੈ, ਤਾਂ ਇਹ ਖਹਿਰਾ ਦਾ ਆਪਣਾ ਵਿਊ ਹੈ, ਇਸ ਵਿਚ ਪਾਰਟੀ ਦਾ ਕੋਈ ਵਿਊ ਨਹੀਂ ਹੈ। ਉਨ੍ਹਾਂ ਕਿਹਾ ਕਿ ਪ੍ਰਵਾਸੀ ਮਜਦੂਰ ਸਾਡੇ ਭਰਾ ਹਨ, ਅਸੀਂ ਹਰ ਹਿੰਦੋਸਤਾਨੀ ਦਾ ਪੰਜਾਬ ਵਿਚ ਸੁਆਗਤ ਕਰਦੇ ਹਾਂ। ਉਨ੍ਹਾਂ ਕਿਹਾ ਕਿ ਜਿੰਨੀ ਦੇਰ ਤੱਕ ਕਾਂਗਰਸ ਪਾਰਟੀ ਹੈ, ਉਨੀ ਦੇਰ ਤੱਕ ਪ੍ਰਵਾਸੀਆਂ ਦੀ ਜ਼ਿੰਦਗੀ, ਪਰਿਵਾਰ ਅਤੇ ਉਨ੍ਹਾਂ ਦੇ ਕਾਰੋਬਾਰ ਨੂੰ ਪ੍ਰੋਟੈਕਟ ਕੀਤਾ ਜਾਵੇਗਾ, ਉਨ੍ਹਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ। ਪ੍ਰਵਾਸੀਆਂ ਦੀ ਜਾਇਦਾਦ, ਵੋਟ ਸਬੰਧੀ ਉਨ੍ਹਾਂ ਨੂੰ ਕੋਈ ਵੀ ਖਤਰਾ ਨਹੀਂ ਹੈ। ਜ਼ਿਕਰਯੋਗ ਹੈ ਕਿ ਹਲਕਾ ਸੰਗਰੂਰ ਤੋਂ ਕਾਂਗਰਸੀ ਉਮੀਦਵਾਰ ਸੁਖਪਾਲ ਸਿੰਘ ਖਹਿਰਾ ਨੇ ਬੀਤੇ ਦਿਨੀਂ ਇਕ ਵਿਵਾਦਿਤ ਬਿਆਨ ਦਿੰਦੇ ਹੋਏ ਉੱਤਰ ਪ੍ਰਦੇਸ, ਬਿਹਾਰ ਅਤੇ ਹੋਰ ਰਾਜਾਂ ਤੋਂ ਆਉਣ ਵਾਲੇ ਲੋਕਾਂ ਨੂੰ ਨਿਸਾਨਾ ਬਣਾਇਆ ਸੀ। ਖਹਿਰਾ ਨੇ ਕਿਹਾ ਸੀ ਕਿ ਇਨ੍ਹਾਂ ਲੋਕਾਂ ਨੂੰ ਪੰਜਾਬ ਵਿੱਚ ਨਾ ਤਾਂ ਘਰ ਬਣਾਉਣ ਦਿੱਤੇ ਜਾਣ ਅਤੇ ਨਾ ਹੀ ਨੌਕਰੀਆਂ ਦਿੱਤੀਆਂ ਜਾਣ। ਉਨ੍ਹਾਂ ਨੂੰ ਪੰਜਾਬ ਵਿੱਚ ਵੋਟ ਦਾ ਅਧਿਕਾਰ ਵੀ ਨਹੀਂ ਮਿਲਣਾ ਚਾਹੀਦਾ। ਇਹ ਲੋਕ ਪੰਜਾਬ 'ਤੇ ਕਬਜਾ ਕਰਕੇ ਪੰਜਾਬੀਅਤ ਨੂੰ ਖਤਮ ਕਰ ਦੇਣਗੇ। ਉਨ੍ਹਾਂ ਕਿਹਾ ਸੀ ਕਿ ਪੰਜਾਬ ਪੰਜਾਬੀਆਂ ਦਾ ਹੈ। ਹਿਮਾਚਲ ਦੀ ਤਰ੍ਹਾਂ ਪੰਜਾਬ ਵਿਚ ਵੀ ਗੈਰ-ਪੰਜਾਬੀਆਂ ਦੇ ਖ਼ਿਲਾਫ ਕਾਨੂੰਨ ਲਿਆਉਣ ਦੀ ਲੋੜ ਹੈ। ਖਹਿਰਾ ਨੇ ਬੀਤੇ ਦਿਨੀਂ ਦਿੜਬਾ ਦੇ ਪਿੰਡ ਖੇਤਲਾ ਦੀ ਚੋਣਾਵੀ ਸਭਾ ਵਿਚ ਕਿਹਾ ਸੀ ਕਿ ਜਿਵੇਂ ਪੰਜਾਬ ਦੇ ਲੋਕ ਵਿਦੇਸ਼ ਜਾ ਰਹੇ ਹਨ ਅਤੇ ਦੂਜੇ ਸੂਬਿਆਂ ਤੋਂ ਲੋਕ ਪੰਜਾਬ ਆ ਰਹੇ ਹਨ, ਉਸ ਨਾਲ ਸਾਫ ਹੈ ਕਿ ਕੁਝ ਸਾਲਾਂ ਵਿਚ ਪੰਜਾਬ ਵਿਚ ਪਗੜੀਧਾਰੀਆਂ ਲਈ ਜਗ੍ਹਾ ਨਹੀਂ ਹੋਵੇਗੀ।



## ਤਰਨਤਾਰਨ 'ਚ ਵੱਡੀ ਵਾਰਦਾਤ, ਮੈਚ ਵੇਖ ਰਹੇ ਨੌਜਵਾਨ 'ਤੇ ਚਲੀਆਂ ਤਾਬੜਤੋੜ ਗੋਲੀਆਂ

ਤਰਨਤਾਰਨ 24 ਮਈ। ਗਰਾਊਂਡ ਵਿਚ ਮੈਚ ਵੇਖ ਰਹੇ ਨੌਜਵਾਨ ਉਪਰ ਗੋਲੀਆਂ ਚਲਾਉਣ ਨਾਲ ਉਸਨੂੰ ਜ਼ਖਮੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਸਬੰਧੀ ਥਾਣਾ ਸਰਹਾਲੀ ਦੀ ਪੁਲਸ ਨੇ ਇਕ ਮੁਲਜ਼ਮ ਨੂੰ ਨਾਮਜ਼ਦ ਕਰਦੇ ਹੋਏ 9 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅਜੀਤ ਸਿੰਘ ਪੁੱਤਰ ਗੱਜਣ ਸਿੰਘ ਵਾਸੀ ਦਰਗਾਪੁਰ ਨੇ ਥਾਣਾ ਸਰਹਾਲੀ ਦੀ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸ ਦਾ ਪੁੱਤਰ ਹਰਮਨ ਸਿੰਘ (25) ਜੋ ਲੱਕੜ ਮਿਸਤਰੀ ਦਾ ਕੰਮ ਕਰਦਾ ਹੈ ਅਤੇ ਬੀਤੇ ਕੱਲ ਕੰਮ ਤੋਂ ਵੇਹਲਾ ਹੋ ਕੇ ਪਿੰਡ 'ਚ ਲੜਕਿਆਂ ਦੇ ਹੋ ਰਹੇ ਮੈਚ ਨੂੰ ਵੇਖਣ ਲੱਗ ਪਿਆ। ਇਸ ਦੌਰਾਨ ਉਨ੍ਹਾਂ ਦੇ ਪਿੰਡ ਦਾ ਨਿਵਾਸੀ ਆਕਾਸ਼ਦੀਪ ਸਿੰਘ ਪੁੱਤਰ ਚਰਨਜੀਤ ਸਿੰਘ ਸਮੇਤ ਨੌ ਅਣਪਛਾਤੇ ਵਿਅਕਤੀ ਗੱਡੀਆਂ ਉਪਰ ਸਵਾਰ ਹੋ ਕੇ ਆਏ, ਜਿਨ੍ਹਾਂ ਵੱਲੋਂ ਉਸਦੇ ਬੇਟੇ ਹਰਮਨ ਸਿੰਘ ਨੂੰ ਪਹਿਲਾਂ ਦਾਤਰਾਂ ਨਾਲ ਜ਼ਖਮੀ ਕਰ ਦਿੱਤਾ। ਜਦੋਂ ਉਹ ਆਪਣੇ ਬੇਟੇ ਨੂੰ ਬਚਾਉਣ ਲਈ ਅੱਗੇ ਹੋਇਆ ਤਾਂ ਸਾਨੂੰ ਮਾਰ ਦੇਣ ਦੀ ਨੀਅਤ ਨਾਲ ਆਕਾਸ਼ ਦੀਪ ਸਿੰਘ ਵੱਲੋਂ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਇਸ ਦੌਰਾਨ ਇਕ ਗੋਲੀ ਉਸ ਦੇ ਬੇਟੇ ਹਰਮਨ ਸਿੰਘ ਦੇ ਗੱਲ ਲਾਗੇ ਜਾ ਵੱਜੀ, ਜਿਸ ਤੋਂ ਬਾਅਦ ਉਹ ਜ਼ਮੀਨ 'ਤੇ ਡਿੱਗ ਪਿਆ। ਜਿਸ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ। ਅਜੀਤ ਸਿੰਘ ਨੇ ਦੱਸਿਆ ਕਿ ਉਸ ਦਾ ਬੇਟਾ ਗੰਭੀਰ ਰੂਪ 'ਚ ਜ਼ਖਮੀ ਹੋਣ ਦੇ ਚਲੱਦਿਆਂ ਹਸਪਤਾਲ ਵਿਚ ਜੇਰੇ ਇਲਾਜ ਹੈ। ਜਿਸ ਦੇ ਹੋਸ਼ 'ਚ ਆਉਣ ਤੋਂ ਬਾਅਦ ਹੀ ਹਮਲੇ ਦੀ ਰੰਜਿਸ਼ ਦਾ ਪਤਾ ਲੱਗ ਪਾਏਗਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਸਰਹਾਲੀ ਦੇ ਸਬ ਇੰਸਪੈਕਟਰ ਸਵਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਸਰਹਾਲੀ ਵਿਖੇ ਆਕਾਸ਼ਦੀਪ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਪਿੰਡ ਦਰਗਾਪੁਰ ਸਮੇਤ ਨੌਂ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਇਸ ਦੌਰਾਨ ਗੋਲੀ ਦਾ ਖੋਲ ਵੀ ਬਰਾਮਦ ਕੀਤਾ ਹੈ।

# ਵੈਸ਼ਨੋ ਦੇਵੀ ਦੇ ਦਰਸ਼ਨ ਹੋਣਗੇ ਆਸਾਨ, ਇਨ੍ਹਾਂ ਰੂਟਾਂ ਲਈ ਸ਼ੁਰੂ ਹੋਈਆਂ 100 ਇਲੈਕਟ੍ਰਿਕ ਬੱਸਾਂ

**ਏਜੰਸੀਆਂ**

ਨਵੀਂ ਦਿੱਲੀ 24 ਮਈ। ਵੈਸਨੋ ਦੇਵੀ ਦੇ ਦਰਸਨਾਂ ਲਈ ਆਉਣ ਵਾਲੇ ਸਰਧਾਲੂਆਂ ਲਈ ਵੱਡੀ ਖਬਰ ਹੈ। ਜੰਮੂ ਅਤੇ ਕਟੜਾ ਵਿਚਕਾਰ ਇਲੈਕਟ੍ਰਿਕ ਬੱਸ ਸੇਵਾ ਸੁਰੂ ਕੀਤੀ ਗਈ ਹੈ। ਵੈਸਨੋ ਦੇਵੀ ਦੇ ਦਰਸਨਾਂ ਲਈ ਆਉਣ ਵਾਲੇ ਸਰਧਾਲੂਆਂ ਨੂੰ ਵਾਤਾਵਰਣ ਅਨੁਕੂਲ ਤਰੀਕੇ ਨਾਲ ਸਹੂਲਤ ਪ੍ਰਦਾਨ ਕਰਨ ਲਈ ਜੰਮੂ ਅਤੇ ਕਟੜਾ ਵਿਚਕਾਰ ਈ-ਬੱਸ ਸੇਵਾ ਸੁਰੂ ਕਰਨ ਦਾ ਫੈਸਲਾ ਕੀਤਾ ਗਿਆ। ਇਹ ਬੱਸਾਂ ਜੰਮੂ ਸਮਾਰਟ ਸਿਟੀ ਵੱਲੋਂ ਚਲਾਈਆਂ ਜਾ ਰਹੀਆਂ ਹਨ। ਦੂਜੇ ਪਾਸੇ ਮਾਤਾ ਦੇ ਦਰਸਨਾਂ ਲਈ ਵੈਸਨੋ ਦੇਵੀ ਤੀਰਥ ਸਥਾਨ 'ਤੇ ਆਉਣ ਵਾਲੇ ਸਰਧਾਲੂਆਂ ਨੂੰ ਹੁਣ ਪ੍ਰਸਾਦ ਦੇ ਰੂਪ 'ਚ ਪੌਦਾ ਦਿੱਤਾ ਜਾਵੇਗਾ, ਜਿਸ ਨੂੰ ਸਰਧਾਲੂ ਨਾ ਸਿਰਫ ਆਪਣੇ ਨਾਲ ਲੈ ਕੇ ਜਾ ਸਕਣਗੇ, ਸਗੋਂ ਕਈ ਸਾਲਾਂ ਤੱਕ ਆਪਣੇ ਕੋਲ ਰੱਖ ਵੀ ਸਕਣਗੇ। ਵਰ੍ਹਿਆਂ ਤੱਕ ਮਾਤਾ ਦਾ ਆਸੀਰਵਾਦ ਮਹਿਸੂਸ ਕਰਨਗੇ ਅਤੇ ਇਹ ਵਾਤਾਵਰਣ ਲਈ ਵੀ ਬਹੁਤ ਵਧੀਆ ਰਹੇਗਾ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਇਲੈਕਟ੍ਰਿਕ ਬੱਸਾਂ ਜੰਮੂ ਰੇਲਵੇ ਸਟੇਸਨ ਅਤੇ ਕਟੜਾ ਬੱਸ ਸਟੈਂਡ ਵਿਚਕਾਰ ਚਲਾਈਆਂ ਜਾਣਗੀਆਂ। ਇਸ ਰੂਟ 'ਤੇ ਕੁੱਲ 100 ਇਲੈਕਟ੍ਰਿਕ ਬੱਸਾਂ ਚੱਲਣਗੀਆਂ। ਇਨ੍ਹਾਂ ਵਿਚੋਂ 75 ਬੱਸਾਂ 9 ਮੀਟਰ ਲੰਮੀਆਂ ਹੋਣਗੀਆਂ ਬਾਕੀ 25 ਬੱਸਾਂ 12 ਮੀਟਰ ਲੰਮੀਆਂ ਹੋਣਗੀਆਂ। 25 ਬੱਸਾਂ ਵਿਚੋਂ 24 ਬੱਸਾਂ ਲੰਮੇ ਰੂਟ ਭਾਵ ਕੱਠੂਆ,ਕਟਰਾ ਅਤੇ ਊਦਮਪੁਰ ਲਈ ਸ਼ੁਰੂ ਕੀਤੀਆਂ ਗਈਆਂ ਜਾਣਕਾਰੀ ਮੁਤਾਬਕ ਹੁਣ ਲਈ ਇਨ੍ਹਾਂ ਰੂਟਾਂ 'ਤੇ 15 ਬੱਸਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਜੰਮੂ-ਕਟੜਾ ਰੂਟ 'ਤੇ ਪੰਜ ਈ-ਬੱਸਾਂ ਸਾਮਲ ਹਨ।" ਲਗਭਗ ਅੱਠ ਈ-ਬੱਸਾਂ, ਜਿਨ੍ਹਾਂ ਵਿੱਚ ਹਰੇਕ ਵਿੱਚ 35 ਯਾਤਰੀਆਂ ਦੀ ਸਮਰੱਥਾ ਹੈ। ਪੰਜ ਈ-ਬੱਸਾਂ ਜੰਮੂ ਰੇਲਵੇ ਸਟੇਸਨ ਅਤੇ ਕਟੜਾ ਵਿਚਕਾਰ ਚੱਲਣੀਆਂ ਸੁਰੂ ਹੋ ਗਈਆਂ ਹਨ। ਇਸ ਦੇ ਨਾਲ ਹੀ ਜੰਮੂ ਏਅਰਪੋਰਟ ਅਤੇ ਜੰਮੂ ਬੱਸ ਸਟੈਂਡ ਕਟੜਾ ਤੱਕ ਇਸ ਸਹੂਲਤ ਨੂੰ ਜੋੜਿਆ ਜਾਵੇਗਾ। ਪ੍ਰਸਾਸਨ ਨੇ ਏਸੀ ਈ-ਬੱਸਾਂ ਲਈ ਪ੍ਰਤੀ ਯਾਤਰੀ 135 ਰੁਪਏ ਦਾ ਕਿਰਾਇਆ ਤੈਅ ਕੀਤਾ ਹੈ। "ਬੱਸਾਂ ਵਿੱਚ ਆਰਾਮਦਾਇਕ ਸੀਟਾਂ ਹਨ। ਅੱਠ ਇਲੈਕਟ੍ਰਿਕ ਬੱਸਾਂ ਸਰਧਾਲੂਆਂ ਨੂੰ ਜੰਮੂ ਰੇਲਵੇ ਸਟੇਸਨ ਤੋਂ ਪਵਿੱਤਰ ਸਹਿਰ ਕਟੜਾ ਅਤੇ ਵਾਪਸ ਲੈ ਕੇ ਜਾਣਗੀਆਂ। ਹੁਣ ਤੱਕ ਸਰਧਾਲੂਆਂ ਤੋਂ ਚੰਗਾ ਹੁੰਗਾਰਾ ਮਿਲ ਰਿਹਾ ਹੈ। ਇਸ ਦੇ ਨਾਲ ਹੀ ਜੰਮੂ ਰੇਲਵੇ ਸਟੇਸਨ ਤੋਂ ਰੇਲਗੱਡੀਆਂ ਦੇ ਆਉਣ ਅਤੇ ਜਾਣ ਦੇ ਸਮੇਂ ਦੇ ਅਨੁਸਾਰ ਇਨ੍ਹਾਂ ਈ-ਬੱਸਾਂ ਲਈ ਇੱਕ ਸਮਾਂ ਸਾਰਣੀ ਤਿਆਰ ਕੀਤੀ ਜਾ ਰਹੀ ਹੈ। ਜਦੋਂ ਕਿ ਕਟੜਾ ਵਿੱਚ ਇੱਕ ਆਧੁਨਿਕ ਰੇਲਵੇ ਸਟੇਸਨ ਹੈ ਅਤੇ ਸਰਧਾਲੂ ਰੇਲਗੱਡੀ ਵਿੱਚ ਸਿੱਧੇ ਕਟੜਾ ਦੀ ਯਾਤਰਾ ਕਰਦੇ ਹਨ, ਦੇਸ ਦੇ ਹੋਰ ਹਿੱਸਿਆਂ ਤੋਂ ਸੈਂਕੜੇ ਸਰਧਾਲੂ ਸੜਕ ਰਾਹੀਂ ਆਪਣੀ ਅਗਲੀ ਯਾਤਰਾ ਲਈ ਜੰਮੂ ਪਹੁੰਚਦੇ ਹਨ। ਜੰਮੂ ਰੇਲਵੇ ਸਟੇਸਨ 'ਤੇ ਈ-ਬੱਸਾਂ ਸਵੇਰੇ 5 ਵਜੇ ਤੋਂ ਘੰਟੇ ਦੇ ਆਧਾਰ 'ਤੇ ਚੱਲਦੀਆਂ ਹਨ। ਹੁਣ ਤੱਕ ਜੰਮੂ ਜਾਣ ਵਾਲੇ ਸਰਧਾਲੂਆਂ ਨੂੰ ਪ੍ਰਾਈਵੇਟ ਕੈਬ ਅਤੇ ਬੱਸਾਂ ਲੈਣੀਆਂ ਪੈਂਦੀਆਂ ਸਨ ਜਿਨ੍ਹਾਂ ਦਾ ਕਿਰਾਇਆ ਵੱਧ ਸੀ। ਹਰ ਬੱਸ ਜੰਮੂ ਰੇਲਵੇ ਸਟੇਸਨ ਅਤੇ ਕਟੜਾ ਬੱਸ ਸਟੈਂਡ ਦੇ ਵਿਚਕਾਰ ਦਿਨ ਵਿੱਚ ਦੋ ਵਾਰ ਯਾਤਰਾ ਕਰੇਗੀ। ਇਨ੍ਹਾਂ ਆਧੁਨਿਕ ਬੱਸਾਂ ਵਿੱਚ ਜੰਮੂ ਤੋਂ ਕਟੜਾ ਲਈ ਰਵਾਨਾ ਹੋਏ ਵੈਸਨੋ ਦੇਵੀ ਜਾਣ ਵਾਲੇ ਸਰਧਾਲੂਆਂ ਵਿੱਚ ਪਹਿਲੇ ਦਿਨ ਤੋਂ ਹੀ ਭਾਰੀ ਉਤਸਾਹ ਹੈ। ਦੱਸਿਆ ਜਾਂਦਾ ਹੈ ਕਿ ਇਨ੍ਹਾਂ ਬੱਸਾਂ ਦਾ ਸੰਚਾਲਨ ਜੰਮੂ ਸਮਾਰਟ ਸਿਟੀ ਯੋਜਨਾ ਤਹਿਤ ਸੁਰੂ ਕੀਤਾ ਗਿਆ ਹੈ। ਇਹ ਇਲੈਕਟ੍ਰਿਕ ਬੱਸਾਂ ਹਰ ਤਰ੍ਹਾਂ ਦੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਹਨ। ਇਸ ਰੂਟ 'ਤੇ ਚੱਲਣ ਵਾਲੀਆਂ ਸਾਰੀਆਂ ਇਲੈਕਟ੍ਰਿਕ ਬੱਸਾਂ ਏ.ਸੀ. ਹਨ, ਤਾਂ ਜੋ ਯਾਤਰੀਆਂ ਨੂੰ ਗਰਮੀਆਂ 'ਚ ਕਿਸੇ ਤਰ੍ਹਾਂ ਦੀ ਪ੍ਰੇਸਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੇ ਨਾਲ ਹੀ ਆਰਾਮਦਾਇਕ ਸੀਟਾਂ ਵੀ ਹਨ, ਤਾਂ ਜੋ ਯਾਤਰੀ ਪੂਰੇ ਸਫਰ ਦੌਰਾਨ ਆਰਾਮ ਨਾਲ ਬੈਠ ਸਕਣ। ਇਨ੍ਹਾਂ ਬੱਸਾਂ ਵਿੱਚ ਇੱਕ ਸਮੇਂ ਵਿੱਚ ਕੁੱਲ 35 ਯਾਤਰੀ ਸਫਰ ਕਰ ਸਕਣਗੇ। ਜੰਮੂ ਰੇਲਵੇ ਸਟੇਸਨ ਤੋਂ ਕਟੜਾ ਬੱਸ ਸਟੈਂਡ ਤੱਕ ਹਰੇਕ ਯਾਤਰੀ ਦਾ ਕਿਰਾਇਆ 135 ਰੁਪਏ ਤੈਅ ਕੀਤਾ ਗਿਆ ਹੈ।



## ਉੱਤਰੀ ਰੇਲਵੇ ਦੇ ਜਨਰਲ ਮੈਨੇਜਰ ਸ਼ੋਭਨ ਚੌਧਰੀ ਨੇ ਕੰਮ ਦੀ ਪ੍ਰਗਤੀ ਦਾ ਲਿਆ ਜਾਇਜਾ

**ਏਜੰਸੀਆਂ**

ਜੈਤੋ 24 ਮਈ। ਉੱਤਰੀ ਰੇਲਵੇ ਦੇ ਜਨਰਲ ਮੈਨੇਜਰ ਸੋਭਨ ਚੌਧਰੀ ਨੇ ਅੱਜ ਮੁੱਖ ਦਫਤਰ ਬੜੌਦਾ ਹਾਊਸ, ਨਵੀਂ ਦਿੱਲੀ ਵਿਖੇ ਉੱਤਰੀ ਰੇਲਵੇ ਦੇ ਮੁੱਖ ਵਿਭਾਗ ਮੁਖੀਆਂ ਅਤੇ ਡਵੀਜਨਲ ਰੇਲਵੇ ਮੈਨੇਜਰਾਂ ਨਾਲ ਉੱਤਰੀ ਰੇਲਵੇ ਦੀ ਕਾਰਜ ਪ੍ਰਗਤੀ ਦਾ ਜਾਇਜਾ ਲਿਆ। ਚੌਧਰੀ ਨੇ ਸਟੇਸਨਾਂ ਦੇ ਨਵੀਨੀਕਰਨ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਪ੍ਰਗਤੀ 'ਤੇ ਜੋਰ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਨਿਰਮਾਣ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਨਿਗਰਾਨੀ ਨੂੰ ਬਹੁਤ ਮਹੱਤਵ ਨਾਲ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਰੇਲਵੇ ਦਾ ਵਿਕਾਸ ਇਨ੍ਹਾਂ ਪ੍ਰੋਜੈਕਟਾਂ ਦੀ ਪ੍ਰਗਤੀ 'ਤੇ ਨਿਰਭਰ ਕਰਦਾ ਹੈ। ਉਨ੍ਹਾਂ ਵਿਭਾਗ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਉਹ ਵਿਸੇਸ ਉਸਾਰੀ ਪ੍ਰਾਜੈਕਟਾਂ ਦੇ ਕੰਮ ਵਿੱਚ ਤੇਜੀ ਲਿਆਉਣ ਅਤੇ ਉਨ੍ਹਾਂ ਨੂੰ ਨਿਰਧਾਰਤ ਸਮੇਂ ਵਿੱਚ ਮੁਕੰਮਲ ਕਰਨ। ਜਨਰਲ ਮੈਨੇਜਰ ਨੇ ਗਰਮੀਆਂ ਦੌਰਾਨ ਥਰਮਲ ਪਾਵਰ ਸਟੇਸਨਾਂ ਦੀ ਵਧਦੀ ਕੋਲੇ ਦੀ ਮੰਗ ਨੂੰ ਪੂਰਾ ਕਰਨ ਲਈ ਮਾਲ ਗੱਡੀਆਂ, ਖਾਸ ਕਰਕੇ ਥਰਮਲ ਪਾਵਰ ਸਟੇਸਨਾਂ ਤੱਕ ਕੋਲਾ ਲਿਜਾਣ ਵਾਲੀਆਂ ਗੱਡੀਆਂ ਦੀ ਆਵਾਜਾਈ 'ਤੇ ਜੋਰ ਦਿੱਤਾ। ਉਨ੍ਹਾਂ ਨੇ ਉਤਪਾਦਾਂ ਵਿੱਚ ਵਰਤੀਆਂ ਜਾਣ ਵਾਲੀਆਂ ਸਮੱਗਰੀਆਂ ਦੇ ਨਿਰਮਾਣ ਦੌਰਾਨ ਸੁਰੱਖਿਆ ਨਾਲ ਸਬੰਧਤ ਕੰਮਾਂ ਅਤੇ ਕੱਚੇ ਮਾਲ ਦੀ ਗੁਣਵੱਤਾ ਨਿਯੰਤਰਣ 'ਤੇ ਜੋਰ ਦਿੱਤਾ। ਉਨ੍ਹਾਂ ਨੇ ਡਿਵੀਜਨਾਂ ਨੂੰ ਨਿਰਵਿਘਨ ਰੇਲਵੇ ਸੰਚਾਲਨ ਲਈ ਸੁਰੱਖਿਆ ਵਧਾਉਣ ਲਈ ਮੁਹਿੰਮ ਚਲਾਉਣ ਅਤੇ ਜਿੱਥੇ ਵੀ ਲੋੜ ਹੋਵੇ ਕਰਮਚਾਰੀਆਂ ਨੂੰ ਸਿਖਲਾਈ ਦੇਣ ਦੇ ਨਿਰਦੇਸ ਦਿੱਤੇ। ਉਨ੍ਹਾਂ ਨੇ ਓ.ਐਚ.ਈ. ਦੀ ਸੁਰੱਖਿਆ 'ਤੇ ਜੋਰ ਦਿੱਤਾ ਅਤੇ ਟਰੈਕਾਂ 'ਤੇ ਬਿਜਲੀ ਦੇ ਉਪਕਰਨਾਂ ਅਤੇ ਨਿਰਵਿਘਨ ਰੇਲਵੇ ਸੰਚਾਲਨ ਲਈ ਰਿਲੇਅ ਅਤੇ ਪੈਨਲ ਰੂਮਾਂ ਦੀ ਸੁਰੱਖਿਆ 'ਤੇ ਜੋਰ ਦਿੱਤਾ। ਉਨ੍ਹਾਂ ਨੇ ਵਿਭਾਗ ਦੇ ਮੁਖੀਆਂ ਅਤੇ ਡਵੀਜਨਲ ਰੇਲਵੇ ਮੈਨੇਜਰਾਂ ਨੂੰ ਸੁਰੱਖਿਆ ਨੂੰ ਪਹਿਲ ਦੇਣ, ਮਾਲ ਲੋਡਿੰਗ ਦੀ ਰਫਤਾਰ ਵਧਾਉਣ ਅਤੇ ਸਮੇਂ ਦੀ ਪਾਬੰਦਤਾ ਵਿੱਚ ਸੁਧਾਰ ਕਰਨ ਦੇ ਨਿਰਦੇਸ ਦਿੱਤੇ। ਉੱਤਰੀ ਰੇਲਵੇ ਆਪਣੇ ਉਪਭੋਗਤਾਵਾਂ ਨੂੰ ਸੁਰੱਖਿਅਤ, ਸੁਵਿਧਾਜਨਕ ਅਤੇ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।




# ਭਾਜਪਾ ਨੂੰ ਵੋਟ ਨਾ ਦੇਣ 'ਤੇ ਵਰਕਰਾਂ ਵਲੋਂ ਦਲਿਤ ਭਾਈਚਾਰੇ ਦੇ ਲੋਕਾਂ ਦੀ ਕੁੱਟਮਾਰ

**ਸਰਦੂਲ ਸਿੰਘ**

ਨਵੀਂ ਦਿੱਲੀ 24 ਮਈ। ਲੋਕ ਸਭਾ ਚੋਣਾਂ ਦੇ ਪੰਜਵੇਂ ਪੜਾਅ ਵਿਚ 6 ਰਾਜਾਂ ਅਤੇ ਦੋ ਕੇਂਦਰ ਸਾਸਿਤ ਪ੍ਰਦੇਸਾਂ ਦੀਆਂ 49 ਸੰਸਦੀ ਸੀਟਾਂ ਲਈ ਵੋਟਿੰਗ 20 ਮਈ ਨੂੰ ਸੰਪੰਨ ਹੋਈ। ਇਸ ਦੌਰਾਨ ਸੋਸਲ ਮੀਡੀਆ 'ਤੇ 13 ਸਕਿੰਟ ਦੀ ਵੀਡੀਓ ਕਲਿੱਪ ਵਾਇਰਲ ਹੋ ਰਹੀ ਹੈ। ਇਸ ਨੂੰ ਸ਼ੇਅਰ ਕੀਤਾ ਜਾ ਰਿਹਾ ਹੈ ਅਤੇ ਦਾਅਵਾ ਕੀਤਾ ਜਾ ਰਿਹਾ ਹੈ ਕਿ ਉੱਤਰ ਪ੍ਰਦੇਸ ਦੇ ਕੌਸਾਂਬੀ ਦੇ ਮਾਨਿਕਪੁਰ ਮੀਰਗੜ੍ਹਵਾ 'ਚ ਭਾਜਪਾ ਨੂੰ ਵੋਟ ਨਾ ਦੇਣ 'ਤੇ ਵਰਕਰਾਂ ਨੇ ਦਲਿਤ ਭਾਈਚਾਰੇ ਦੇ ਲੋਕਾਂ ਦੀ ਕੁੱਟਮਾਰ ਕੀਤੀ। ਪੀਟੀਆਈ ਫੈਕਟ ਚੈਕ ਡੈਸਕ ਨੇ ਵਾਇਰਲ ਦਾਅਵੇ ਦੀ ਜਾਂਚ ਕੀਤੀ ਅਤੇ ਇਸ ਨੂੰ ਫਰਜੀ ਪਾਇਆ। ਦਰਅਸਲ, ਪ੍ਰਤਾਪਗੜ੍ਹ ਜ਼ਿਲ੍ਹੇ ਦੇ ਮਾਨਿਕਪੁਰ ਥਾਣਾ ਖੇਤਰ 'ਚ ਸਥਿਤ ਇਕ ਪਿੰਡ 'ਚ ਇਕ ਦਰੱਖਤ ਦੀ ਟਾਹਣੀ ਬਿਜਲੀ ਦੇ ਖੰਭੇ 'ਤੇ ਡਿੱਗਣ ਕਾਰਨ ਬਿਜਲੀ ਦੀ ਤਾਰ ਟੁੱਟ ਗਈ, ਜਿਸ ਕਾਰਨ ਦੋਹਾਂ ਧਿਰਾਂ 'ਚ ਵਿਵਾਦ ਹੋ ਗਿਆ। ਯੂਜਰਸ ਹੁਣ ਇਸ ਘਟਨਾ ਦੀ ਸੀਸੀਟੀਵੀ ਫੁਟੇਜ ਨੂੰ ਫਰਜੀ ਦਾਅਵਿਆਂ ਨਾਲ ਸੋਸਲ ਮੀਡੀਆ 'ਤੇ ਸ਼ੇਅਰ ਕਰ ਰਹੇ ਹਨ। ਫੇਸਬੁੱਕ ਯੂਜਰ ਰਾਧੇਸ਼ਿਆਮ ਦਰੋਗਾ ਨੇ 13 ਸਕਿੰਟ ਦੀ ਕਲਿਪ ਸਾਂਝੀ ਕੀਤੀ ਅਤੇ ਦਾਅਵਾ ਕੀਤਾ ਕਿ ਭਾਜਪਾ ਨੂੰ ਵੋਟ ਨਾ ਦੇਣ ਲਈ ਵਰਕਰਾਂ ਨੇ ਦਲਿਤ ਭਾਈਚਾਰੇ ਦੇ ਲੋਕਾਂ ਨੂੰ ਬੇਰਹਿਮੀ ਨਾਲ ਕੁੱਟਿਆ। 20 ਮਈ ਨੂੰ ਵੀਡੀਓ ਸੇਅਰ ਕਰਦੇ ਹੋਏ ਯੂਜਰ ਨੇ ਲਿਖਿਆ,"ਕੌਸਾਂਬੀ ਦੇ ਮਾਨਿਕਪੁਰ ਮੀਰਗੜ੍ਹਵਾ 'ਚ ਭਾਜਪਾ ਨੂੰ ਵੋਟ ਨਾ ਦੇਣ 'ਤੇ ਗੁੱਸੇ 'ਚ ਆਏ ਭਾਜਪਾ ਵਰਕਰਾਂ ਨੇ ਦਲਿਤ ਭਾਈਚਾਰੇ ਦੇ ਲੋਕਾਂ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ। ਬਾਬਾ ਸਾਹਿਬ ਦੇ ਵੰਸਜਾਂ ਨਾਲ ਭਾਜਪਾ ਵਾਲਿਆਂ ਦਾ ਇਹ ਰਵੱਈਆ ਹੁਣੇ ਤੋਂ ਇਸ ਤਰ੍ਹਾਂ ਦਾ ਹੈ ਜੇਕਰ ਭਾਜਪਾ ਇਕ ਵਾਰ ਫਿਰ ਸੱਤਾ ਵਿਚ ਆਈ ਤਾਂ ਇਹ ਸੰਵਿਧਾਨ ਨੂੰ ਖਤਮ ਕਰਕੇ ਦਲਿਤ ਸਮਾਜ ਦੇ ਲੋਕਾਂ ਤੋਂ ਵੋਟ ਦਾ ਅਧਿਕਾਰ ਖੋਹ ਲਵੇਗੀ। ਭਾਜਪਾ ਹਟਾਓ, ਸੰਵਿਧਾਨ ਬਚਾਓ।" ਪੋਸਟ ਦਾ ਸਕ੍ਰੀਨਸੌਟ ਇੱਥੇ ਦੇਖੋ। ਡੈਸਕ ਨੇ ਜਾਂਚ ਸੁਰੂ ਕਰਦੇ ਹੋਏ ਸਭ ਤੋਂ ਪਹਿਲੇ ਵੀਡੀਓ ਦੇ ਕੀਫ੍ਰੇਮ ਨੂੰ ਗੂਗਲ ਲੈਂਸ ਰਾਹੀਂ ਰਿਵਰਸ ਸਰਚ ਕੀਤਾ। ਇਸ ਦੌਰਾਨ, ਸਾਨੂੰ ਇਹ ਵੀਡੀਓ ਉੱਤਰ ਪ੍ਰਦੇਸ ਕਾਂਗਰਸ ਅਤੇ ਭਾਰਤ ਸਮਾਚਾਰ ਦੇ ਸੋਸਲ ਮੀਡੀਆ ਅਕਾਊਂਟਸ 'ਤੇ ਵੀ ਮਿਲਿਆ। ਇਸ 'ਚ ਦੱਸਿਆ ਗਿਆ ਕਿ ਸਪਾ ਉਮੀਦਵਾਰ ਨੇ ਇਸ ਮਾਮਲੇ ਦੀ ਸ਼ਿਕਾਇਤ ਚੋਣ ਕਮਿਸਨ ਨੂੰ ਕੀਤੀ ਹੈ। ਪੋਸਟ ਦਾ ਲਿੰਕ ਇੱਥੇ ਅਤੇ ਇੱਥੇ ਕਲਿੱਕ ਕਰਕੇ ਦੇਖੋ। ਜਾਂਚ ਦੌਰਾਨ, ਸਾਨੂੰ ਨਿਊਜ ਚੈਨਲ ਭਾਰਤ ਸਮਾਚਾਰ ਦੀ 'ਐਕਸ' ਪੋਸਟ 'ਤੇ ਪ੍ਰਤਾਪਗੜ੍ਹ ਪੁਲਸ ਦਾ ਜਵਾਬ ਮਿਲਿਆ, ਜਿਸ ਵਿਚ ਉਨ੍ਹਾਂ ਨੇ ਵਾਇਰਲ ਵੀਡੀਓ ਨੂੰ ਫਰਜੀ ਕਰਾਰ ਦਿੱਤਾ ਅਤੇ ਇਸ ਸਬੰਧ ਵਿਚ ਸਪੱਸਟੀਕਰਨ ਜਾਰੀ ਕੀਤਾ। ਪੁਲਸ ਮੁਤਾਬਕ ਮਾਮਲਾ ਪ੍ਰਤਾਪਗੜ੍ਹ ਜ਼ਿਲ੍ਹੇ ਦੇ ਮਾਨਿਕਪੁਰ ਥਾਣਾ ਖੇਤਰ ਅਧੀਨ ਪੈਂਦੇ ਪਿੰਡ ਰੰਮਾ ਕਾ ਪੁਰਵਾ ਦਾ ਹੈ। ਦੱਸਿਆ ਗਿਆ ਕਿ 18 ਮਈ ਦੀ ਸਾਮ ਨੂੰ ਠੇਕੇਦਾਰ ਵੱਲੋਂ ਪਹਿਲੀ ਧਿਰ ਤੋਂ ਖਰੀਦਿਆ ਇਕ ਦਰੱਖਤ ਕੱਟਿਆ ਗਿਆ ਸੀ, ਜਿਸ ਦੀ ਇਕ ਟਾਹਣੀ ਪਿੰਡ ਰੰਮਾ ਕਾ ਪੁਰਵਾ ਵਾਸੀ ਦੂਜੇ ਧਿਰ ਦੇ ਘਰ ਦੇ ਸਾਹਮਣੇ ਲੱਗੇ ਬਿਜਲੀ ਦੇ ਖੰਭੇ 'ਤੇ ਡਿੱਗ ਗਈ, ਜਿਸ ਦੀ ਬਿਜਲੀ ਦੀ ਤਾਰ ਜਮੀਨ 'ਤੇ ਡਿੱਗ ਗਈ। ਦੂਜੀ ਧਿਰ ਵੱਲੋਂ ਬਿਜਲੀ ਦੀਆਂ ਤਾਰਾਂ ਦੀ ਮੁਰੰਮਤ ਕਰਵਾਉਣ ਲਈ ਕਹਿਣ 'ਤੇ ਦੋਵਾਂ ਧਿਰਾਂ ਵਿਚ ਵਿਵਾਦ ਹੋ ਗਿਆ। ਇਸ ਦਾ ਚੋਣਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਪ੍ਰਤਾਪਗੜ੍ਹ ਪੁਲਸ ਦਾ ਸਪੱਸਟੀਕਰਨ ਇੱਥੇ ਕਲਿੱਕ ਕਰਕੇ ਦੇਖੋ। ਇਸ ਸਬੰਧ 'ਚ ਪ੍ਰਤਾਪਗੜ੍ਹ ਪੁਲਸ ਦੇ ਵਧੀਕ ਪੁਲਸ ਸੁਪਰਡੈਂਟ (ਪੱਛਮੀ) ਸੰਜੇ ਰਾਏ ਨੇ ਵੀ ਸੋਸਲ ਮੀਡੀਆ 'ਤੇ ਇਕ ਬਾਈਟ ਵੀ ਸਾਂਝਾ ਕੀਤੀ ਹੈ। ਉਨ੍ਹਾਂ ਕਿਹਾ,"18 ਮਈ ਨੂੰ ਮਾਨਿਕਪੁਰ ਥਾਣੇ ਵਿਚ ਠੇਕੇਦਾਰ ਅਰਵਿੰਦ ਪਟੇਲ ਅਤੇ ਰਾਮ ਨਰੇਸ ਵਿਚਕਾਰ ਤਿੰਨ ਦਰੱਖਤ ਕੱਟਣ ਦਾ ਸੌਦਾ ਹੋਇਆ ਸੀ, ਜਿਸ ਵਿਚ 2 ਦਰੱਖਤ ਕੱਟੇ ਚੁੱਕੇ ਸਨ ਅਤੇ ਇਕ ਗੂਲਰ ਦਾ ਦਰੱਖਤ ਕੱਟ ਕੇ ਨੇੜਲੇ ਖੰਭੇ ਦੀ ਤਾਰ 'ਤੇ ਡਿੱਗ ਗਿਆ ਸੀ। ਤਾਰ ਟੁੱਟ ਗਈ ਅਤੇ ਖੰਭਾ ਨੁਕਸਾਨਿਆ ਗਿਆ। ਇਹ ਖੰਭਾ ਉਦੈ ਪ੍ਰਕਾਸ ਸੁਕਲਾ ਦੇ ਘਰ ਨੇੜੇ ਸੀ। ਅਰਵਿੰਦ ਠੇਕੇਦਾਰ ਨੇ ਰਾਮਧੀਨ ਸੋਨਕਰ (ਲੱਕੜ ਕੱਟਣ ਵਾਲੀ ਮਸੀਨ ਦੇ ਸੰਚਾਲਕ) ਨੂੰ ਬੁਲਾਇਆ ਅਤੇ ਫੈਸਲਾ ਕੀਤਾ ਗਿਆ ਕਿ ਲਾਈਨਮੈਨ ਨੂੰ ਬੁਲਾ ਕੇ 10,000 ਰੁਪਏ ਦੇ ਕੇ ਤਾਰਾਂ ਅਤੇ ਖੰਭਿਆਂ ਦੀ ਮੁਰੰਮਤ ਕਰਵਾਈ ਜਾਵੇਗੀ। ਆਪਸੀ ਸਹਿਮਤੀ ਤੋਂ ਬਾਅਦ ਦੋਵੇਂ ਧਿਰਾਂ ਉੱਥੋਂ ਚਲੇ ਗਈਆਂ। ਅੱਜ 20 ਮਈ ਨੂੰ ਉਦੈ ਪ੍ਰਕਾਸ ਸੁਕਲਾ ਰਾਮਧੀਨ ਸੋਨਕਰ ਦੇ ਘਰ ਕੋਲ ਕਥਾ ਕਰਨ ਗਏ ਸਨ। ਇਸੇ ਗੱਲ ਨੂੰ ਲੈ ਕੇ ਇਕ ਵਾਰ ਫਿਰ ਕਹਾਸੁਣੀ ਅਤੇ ਕੁੱਟਮਾਰ ਹੋਈ। ਦੋਹਾਂ ਧਿਰਾਂ ਨੂੰ ਥਾਣੇ ਲਿਆਂਦਾ ਗਿਆ ਅਤੇ ਕਾਰਵਾਈ ਕੀਤੀ ਜਾ ਰਹੀ ਹੈ। ਕਿਸੇ ਨੂੰ ਵੀ ਵੋਟ ਪਾਉਣ ਤੋਂ ਨਹੀਂ ਰੋਕਿਆ ਗਿਆ। ਵੋਟਿੰਗ ਤੋਂ ਰੋਕਣ ਦਾ ਦਾਅਵਾ ਝੂਠਾ ਹੈ।" ਇੱਥੇ ਕਲਿੱਕ ਕਰਕੇ ਪੋਸਟ ਦਾ ਲਿੰਕ ਦੇਖੋ। ਜਾਂਚ ਨੂੰ ਅੱਗੇ ਵਧਾਉਂਦੇ ਹੋਏ, ਡੈਸਕ ਨੇ ਸੰਬੰਧਿਤ ਕੀਵਰਡਸ ਦੀ ਮਦਦ ਨਾਲ ਇਸ ਨਾਲ ਸਬੰਧਤ ਮੀਡੀਆ ਰਿਪੋਰਟਾਂ ਨੂੰ ਲੱਭਣ ਦੀ ਕੋਸ਼ਿਸ ਕੀਤੀ। ਇਸ ਦੌਰਾਨ ਸਾਨੂੰ ਲਾਈਵ ਹਿੰਦੁਸਤਾਨ ਦੀ ਵੈੱਬਸਾਈਟ 'ਤੇ ਇਕ ਖਬਰ ਮਿਲੀ, ਜਿਸ 'ਚ ਦੱਸਿਆ ਗਿਆ ਕਿ ਮਾਨਿਕਪੁਰ ਪੰਚਾਇਤ 'ਚ ਗੂਲਰ ਦੇ ਦਰੱਖਤ ਦੀ ਕਟਾਈ ਦੌਰਾਨ ਬਿਜਲੀ ਦਾ ਖੰਭਾ ਟੁੱਟਣ ਨੂੰ ਲੈ ਕੇ ਦੋ ਧਿਰਾਂ 'ਚ ਲੜਾਈ ਹੋ ਗਈ। ਰਿਪੋਰਟ 'ਚ ਪੁਲਸ ਦੇ ਹਵਾਲੇ ਤੋਂ ਦੱਸਿਆ ਗਿਆ ਹੈ ਕਿ ਇਸ ਵਿਚ ਕੋਈ ਚੋਣ ਐਂਗਲ ਨਹੀਂ ਹੈ। ਇਸ ਨੂੰ ਫਰਜੀ ਤਰੀਕੇ ਨਾਲ ਫੈਲਾਇਆ ਜਾ ਰਿਹਾ ਹੈ। ਇੱਥੇ ਕਲਿੱਕ ਕਰਕੇ ਰਿਪੋਰਟ ਪੜ੍ਹੋ। ਹੁਣ ਤੱਕ ਦੀ ਸਾਡੀ ਜਾਂਚ ਤੋਂ ਸਾਫ ਹੈ ਕਿ ਸੋਸਲ ਮੀਡੀਆ 'ਤੇ ਵਾਇਰਲ ਹੋ ਰਹੀ ਵੀਡੀਓ ਦਾ ਚੋਣਾਂ ਨਾਲ ਕੋਈ ਸਬੰਧ ਨਹੀਂ ਹੈ। ਇਹ ਵੀਡੀਓ ਦਰੱਖਤ ਦੀ ਟਾਹਣੀ ਬਿਜਲੀ ਦੇ ਖੰਭੇ 'ਤੇ ਡਿੱਗਣ ਕਾਰਨ ਬਿਜਲੀ ਦੀਆਂ ਤਾਰਾਂ ਟੁੱਟਣ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਹੋਏ ਝਗੜੇ ਨਾਲ ਸਬੰਧਤ ਹੈ। ਕੌਸਾਂਬੀ ਦੇ ਮਾਨਿਕਪੁਰ ਮੀਰਗੜ੍ਹਵਾ 'ਚ ਭਾਜਪਾ ਨੂੰ ਵੋਟ ਨਾ ਦੇਣ 'ਤੇ ਗੁੱਸੇ 'ਚ ਆਏ ਭਾਜਪਾ ਵਰਕਰਾਂ ਨੇ ਦਲਿਤ ਭਾਈਚਾਰੇ ਦੇ ਲੋਕਾਂ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ। ਕੁਝ ਲੋਕਾਂ ਵੱਲੋਂ ਇਕ ਘਰ ਵਿਚ ਦਾਖਲ ਹੋ ਕੇ ਕੁੱਟਮਾਰ ਕਰਨ ਦਾ ਇਕ ਵੀਡੀਓ ਸੇਅਰ ਕੀਤਾ ਜਾ ਰਿਹਾ ਹੈ ਅਤੇ ਦਾਅਵਾ ਕੀਤਾ ਜਾ ਰਿਹਾ ਹੈ ਕਿ ਕੌਸਾਂਬੀ ਦੇ ਮਾਨਿਕਪੁਰ ਮੀਰਗੜ੍ਹਵਾ ਵਿਚ ਭਾਜਪਾ ਨੂੰ ਵੋਟ ਨਾ ਦੇਣ ਕਾਰਨ ਗੁੱਸੇ ਵਿੱਚ ਆਏ ਭਾਜਪਾ ਵਰਕਰਾਂ ਨੇ ਦਲਿਤ ਭਾਈਚਾਰੇ ਦੇ ਲੋਕਾਂ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ। ਪੀਟੀਆਈ ਫੈਕਟ ਚੈਕ ਡੈਸਕ ਨੇ ਜਾਂਚ ਕੀਤੀ ਅਤੇ ਵਾਇਰਲ ਦਾਅਵਾ ਫਰਜੀ ਪਾਇਆ। ਡੈਸਕ ਨੇ ਆਪਣੀ ਜਾਂਚ 'ਚ ਪਾਇਆ ਕਿ ਇਹ ਵੀਡੀਓ ਬਿਜਲੀ ਦੇ ਖੰਭੇ 'ਤੇ ਦਰੱਖਤ ਦੀ ਟਾਹਣੀ ਡਿੱਗਣ ਕਾਰਨ ਬਿਜਲੀ ਦੀ ਤਾਰ ਟੁੱਟਣ ਨੂੰ ਲੈ ਕੇ ਦੋ ਧਿਰਾਂ ਵਿਚਾਲੇ ਹੋਏ ਝਗੜੇ ਨਾਲ ਸਬੰਧਤ ਹੈ। ਇਸ ਦਾ ਚੋਣਾਂ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।

